# ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ
# ਵਿਚ ਦਰਜ ਨੌਵੇਂ ਪਾਤਸ਼ਾਹ
# ਸ਼੍ਰੀ ਗੁਰੂ ਤੇਗ ਬਹਾਦੁਰ ਜੀ
# ਦੀ ਸੰਪੂਰਨ ਬਾਣੀ
# ਅਤੇ ਸ਼ਬਦ ਅਰਥ

15 ਰਾਗਾਂ ਵਿਚ 59 ਸ਼ਬਦ ਅਤੇ ਨੌਵੇਂ ਮਹਲੇ ਦੇ 57 ਸ਼ਲੋਕ

# ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੀ ਸੰਪੂਰਨ ਬਾਣੀ

| ਲੜੀ ਨੰ. | ਰਾਗ | ਕੁੱਲ ਸ਼ਬਦ | ਪੰਨੇ |
|---|---|---|---|
| 1. | ਗਉੜੀ | 9 | 1 ਤੋਂ 9 |
| 2. | ਆਸਾ | 1 | 10 |
| 3. | ਦੇਵਗੰਧਾਰੀ | 3 | 11 ਤੋਂ 13 |
| 4. | ਬਿਹਾਗੜਾ | 1 | 14 |
| 5. | ਸੋਰਠਿ | 12 | 15 ਤੋਂ 26 |
| 6. | ਧਨਾਸਰੀ | 4 | 27 ਤੋਂ 30 |
| 7. | ਜੈਤਸਰੀ | 3 | 31 ਤੋਂ 33 |
| 8. | ਟੋਡੀ | 1 | 34 |
| 9. | ਤਿਲੰਗ | 3 | 35 ਤੋਂ 37 |
| 10. | ਬਿਲਾਵਲ | 3 | 38 ਤੋਂ 40 |
| 11. | ਰਾਮਕਲੀ | 3 | 41 ਤੋਂ 43 |
| 12. | ਮਾਰੂ | 3 | 44 ਤੋਂ 46 |
| 13. | ਬਸੰਤੁ | 5 | 47 ਤੋਂ 51 |
| 14. | ਸਾਰੰਗ | 4 | 52 ਤੋਂ 55 |
| 15. | ਜੈਜਾਵੰਤੀ | 4 | 56 ਤੋਂ 59 |
| | **ਕੁੱਲ ਸ਼ਬਦ** | **59** | |
| 16. | **ਨੌਵੇਂ ਮਹਲੇ ਦੇ ਸਲੋਕ** | 57 | 60 ਤੋਂ 74 |
| | **ਕੁੱਲ** | **116** | |

**ਅੰਗ ੨੧੯**

**੧ਓ ਸਤਿਗੁਰ ਪ੍ਰਸਾਦਿ ॥**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ॥**

**ਰਾਗ ਗਉੜੀ ਮਹਲਾ ੯ ॥**

**ਸ਼ਬਦ ਨੰਬਰ ੧ : ਰਾਗ ਗਉੜੀ : ਅੰਗ ੨੧੯**

**ਸਾਧੋ ਮਨ ਕਾ ਮਾਨੁ ਤਿਆਗਉ ॥**
**ਕਾਮ ਕ੍ਰੋਧੁ ਸੰਗਤਿ ਦੁਰਜਨ ਕੀ ਤਾ ਤੇ ਅਹਿਨਿਸਿ ਭਾਗਉ ॥ ੧ ॥ ਰਹਾਉ ॥**

**ਅਰਥ** :- ਹੇ ਸੰਤ ਜਨੋ !(ਆਪਣੇ) ਮਨ ਦਾ ਅਹੰਕਾਰ ਛੱਡ ਦਿਉ। ਕਾਮ ਅਤੇ ਕ੍ਰੋਧ (ਭੀ)ਭੈੜੇ ਮਨੁੱਖ ਦੀ ਸੰਗਤਿ (ਵਾਂਗ ਹੀ)ਹੈ, ਇਸ ਤੋਂ (ਭੀ)ਦਿਨ ਰਾਤ (ਹਰ ਵੇਲੇ)ਪਰੇ ਰਹੋ ।੧। ਰਹਾਉ ।

**ਸੁਖੁ ਦੁਖੁ ਦੋਨੋ ਸਮ ਕਰਿ ਜਾਨੈ ਅਉਰੁ ਮਾਨੁ ਅਪਮਾਨਾ ॥**
**ਹਰਖ ਸੋਗ ਤੇ ਰਹੈ ਅਤੀਤਾ ਤਿਨਿ ਜਗਿ ਤਤੁ ਪਛਾਨਾ ॥੧॥**

**ਅਰਥ** : (ਹੇ ਸੰਤ ਜਨੋ ! ਜੇਹੜਾ ਮਨੁੱਖ) ਸੁਖ ਅਤੇ ਦੁੱਖ ਦੋਹਾਂ ਨੂੰ ਇਕੋ ਜਿਹਾ ਜਾਣਦਾ ਹੈ,ਅਤੇ ਜੇਹੜਾ ਆਦਰ ਤੇ ਨਿਰਾਦਰੀ ਨੂੰ (ਭੀ) ਇਕ ਸਮਾਨ ਜਾਣਦਾ ਹੈ। (ਕੋਈ ਮਨੁੱਖ ਉਸ ਦਾ ਆਦਰ ਕਰੇ ਤਾਂ ਭੀ ਪਰਵਾਹ ਨਹੀਂ, ਜੇ ਕੋਈ ਉਸ ਦੀ ਨਿਰਾਦਰੀ ਕਰੇ ਤਾਂ ਭੀ ਪਰਵਾਹ ਨਹੀਂ), ਤੇ ਜੇਹੜਾ ਮਨੁੱਖ ਖੁਸ਼ੀ ਅਤੇ ਗ਼ਮੀ ਦੋਹਾਂ ਤੋਂ ਨਿਰਲੇਪ ਰਹਿੰਦਾ ਹੈ (ਖੁਸ਼ੀ ਦੇ ਵੇਲੇ ਅਹੰਕਾਰ ਵਿਚ ਨਹੀਂ ਆ ਜਾਂਦਾ ਤੇ ਗ਼ਮੀ ਦੇ ਵੇਲੇ ਘਬਰਾ ਨਹੀਂ ਜਾਂਦਾ), ਉਸ ਨੇ ਜਗਤ ਵਿਚ ਜੀਵਨ ਦਾ ਭੇਤ ਸਮਝ ਲਿਆ ਹੈ।

**ਉਸਤਤਿ ਨਿੰਦਾ ਦੋਊ ਤਿਆਗੈ ਖੋਜੈ ਪਦੁ ਨਿਰਬਾਨਾ ॥**
**ਜਨ ਨਾਨਕ ਇਹੁ ਖੇਲੁ ਕਠਨੁ ਹੈ ਕਿਨਹੂੰ ਗੁਰਮੁਖਿ ਜਾਨਾ ॥੨॥੧॥**

**ਅਰਥ** : (ਹੇ ਸੰਤ ਜਨੋ ! ਉਸ ਮਨੁੱਖ ਨੇ ਅਸਲੀਅਤ ਲੱਭ ਲਈ ਹੈ ਜੇਹੜਾ) ਨਾਹ ਕਿਸੇ ਦੀ ਖ਼ੁਸ਼ਾਮਦ ਕਰਦਾ ਹੈ ਨਾਹ ਕਿਸੇ ਦੀ ਨਿੰਦਾ ਕਰਦਾ ਹੈ,ਤੇ ਜੋ ਉਸ ਆਤਮਕ ਅਵਸਥਾ ਦੀ ਸਦਾ ਭਾਲ ਕਰਦਾ ਹੈ ਜਿਥੇ ਕੋਈ ਵਾਸਨਾ ਪੋਹ ਨਹੀਂ ਸਕਦੀ। (ਪਰ) ਹੇ ਨਾਨਕ ! ਇਹ (ਜੀਵਨ) ਖੇਡ (ਖੇਡਣੀ) ਔਖੀ ਹੈ। ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਸ ਨੂੰ ਸਮਝਦਾ ਹੈ। ੨। ੧।

### ਸ਼ਬਦ ਨੰਬਰ ੨ : ਰਾਗ ਗਉੜੀ : ਅੰਗ ੨੧੯

**ਸਾਧੋ ਰਚਨਾ ਰਾਮਿ ਬਨਾਈ ॥**
**ਇਕਿ ਬਿਨਸੈ ਇਕ ਅਸਥਿਰੁ ਮਾਨੈ ਅਚਰਜੁ ਲਖਿਓ ਨ ਜਾਈ ॥੧॥ ਰਹਾਉ ॥**

**ਅਰਥ :-** ਹੇ ਸੰਤ ਜਨੋ ! ਪਰਮਾਤਮਾ ਨੇ (ਜਗਤ ਦੀ ਇਹ ਅਚਰਜ) ਰਚਨਾ ਰਚ ਦਿੱਤੀ ਹੈ (ਕਿ) ਇਕ ਮਨੁੱਖ (ਤਾਂ) ਮਰਦਾ ਹੈ (ਪਰ) ਦੂਜਾ ਮਨੁੱਖ (ਉਸ ਨੂੰ ਮਰਦਿਆਂ ਵੇਖ ਕੇ ਭੀ ਆਪਣੇ ਆਪ ਨੂੰ) ਸਦਾ ਟਿਕੇ ਰਹਿਣ ਵਾਲਾ ਸਮਝਦਾ ਹੈ। ਇਹ ਇਕ ਅਸਚਰਜ ਤਮਾਸ਼ਾ ਹੈ ਜੋ ਬਿਆਨ ਨਹੀਂ ਕੀਤਾ ਜਾ ਸਕਦਾ। ੧ । ਰਹਾਉ ।

**ਕਾਮ ਕ੍ਰੋਧ ਮੋਹ ਬਸਿ ਪ੍ਰਾਨੀ ਹਰਿ ਮੂਰਤਿ ਬਿਸਰਾਈ ॥**
**ਝੂਠਾ ਤਨੁ ਸਾਚਾ ਕਰਿ ਮਾਨਿਓ ਜਿਉ ਸੁਪਨਾ ਰੈਨਾਈ ॥੧॥**

**ਅਰਥ :-** (ਹੇ ਸੰਤ ਜਨੋ !) ਮਨੁੱਖ ਕਾਮ ਦੇ ਕ੍ਰੋਧ ਦੇ ਮੋਹ ਦੇ ਕਾਬੂ ਵਿਚ ਆਇਆ ਰਹਿੰਦਾ ਹੈ ਤੇ ਪਰਮਾਤਮਾ ਦੀ ਹਸਤੀ ਨੂੰ ਭੁਲਾਈ ਰੱਖਦਾ ਹੈ। ਇਹ ਸਰੀਰ ਸਦਾ ਨਾਲ ਰਹਿਣ ਵਾਲਾ ਨਹੀਂ ਹੈ, ਪਰ ਮਨੁੱਖ ਇਸ ਨੂੰ ਸਦਾ ਕਾਇਮ ਰਹਿਣ ਵਾਲਾ ਸਮਝਦਾ ਹੈ, ਜਿਵੇਂ ਰਾਤ ਵੇਲੇ (ਸੁੱਤਿਆਂ ਜੇਹੜਾ) ਸੁਪਨਾ (ਆਉਂਦਾ ਹੈ ਮਨੁੱਖ ਨੀਂਦਰ ਦੀ ਹਾਲਤ ਵਿਚ ਉਸ ਸੁਪਨੇ ਨੂੰ ਅਸਲੀ ਵਾਪਰ ਰਹੀ ਗੱਲ ਸਮਝਦਾ ਹੈ ) । ੧ ।

**ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਈ ॥**
**ਜਨ ਨਾਨਕ ਜਗ ਜਾਨਿਓ ਮਿਥਿਆ ਰਹਿਓ ਰਾਮ ਸਰਨਾਈ ॥ ੨ ॥ ੨ ॥**

**ਅਰਥ :-** (ਹੇ ਸੰਤ ਜਨੋ!) ਜਿਵੇਂ ਬੱਦਲ ਦੀ ਛਾਂ (ਸਦਾ ਇੱਕ ਥਾਂ ਟਿਕੀ ਨਹੀਂ ਰਹਿ ਸਕਦੀ, ਤਿਵੇਂ) ਜੋ ਕੁਝ (ਜਗਤ ਵਿਚ) ਦਿੱਸ ਰਿਹਾ ਹੈ ਇਹ ਸਭ ਕੁਝ (ਆਪਣੇ ਆਪਣੇ ਸਮੇ) ਨਾਸ ਹੋ ਜਾਂਦਾ ਹੈ। ਹੇ ਦਾਸ ਨਾਨਕ! (ਜਿਸ ਮਨੁੱਖ ਨੇ) ਜਗਤ ਨੂੰ ਨਾਸਵੰਤ ਸਮਝ ਲਿਆ ਹੈ, ਉਹ (ਸਦਾ-ਥਿਰ ਰਹਿਣ ਵਾਲੇ) ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹੈ।2। 2।

## ਸ਼ਬਦ ਨੰਬਰ ੩ : ਰਾਗ ਗਉੜੀ : ਅੰਗ ੨੧੯

**ਪ੍ਰਾਨੀ ਕਉ ਹਰਿ ਜਸੁ ਮਨ ਨਹੀ ਆਵੈ।।**
**ਅਹਿਨਿਸਿ ਮਗਨੁ ਰਹੈ ਮਾਇਆ ਮੈ ਕਹੁ ਕੈਸੇ ਗੁਨ ਗਾਵੈ ॥੧॥ ਰਹਾਉ ॥**

**ਅਰਥ:** (ਹੇ ਭਾਈ!) ਮਨੁੱਖ ਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ (ਆਪਣੇ) ਮਨ ਵਿਚ (ਵਸਾਣੀ) ਨਹੀਂ ਆਉਂਦੀ। (ਹੇ ਭਾਈ!) ਦੱਸ, ਉਹ ਮਨੁੱਖ ਕਿਵੇਂ ਪਰਮਾਤਮਾ ਦੇ ਗੁਣ ਗਾ ਸਕਦਾ ਹੈ ਜੇਹੜਾ ਦਿਨ ਰਾਤ ਮਾਇਆ (ਦੇ ਮੋਹ) ਵਿਚ ਮਸਤ ਰਹਿੰਦਾ ਹੈ?।1। ਰਹਾਉ।

**ਪੂਤ ਮੀਤ ਮਾਇਆ ਮਮਤਾ ਸਿਉ ਇਹ ਬਿਧਿ ਆਪੁ ਬੰਧਾਵੈ ॥**
**ਮ੍ਰਿਗ ਤ੍ਰਿਸਨਾ ਜਿਉ ਝੂਠੋ ਇਹੁ ਜਗ ਦੇਖਿ ਤਾਸਿ ਉਠਿ ਧਾਵੈ ॥੧॥**

**ਅਰਥ :** (ਹੇ ਭਾਈ! ਮਾਇਆ ਦੇ ਮੋਹ ਵਿਚ ਮਸਤ ਰਹਿਣ ਵਾਲਾ ਮਨੁੱਖ) ਪੁੱਤਰ ਮਿੱਤਰ ਮਾਇਆ (ਆਦਿਕ) ਦੀ ਅਪਣੱਤ ਨਾਲ ਬੱਝਾ ਰਹਿੰਦਾ ਹੈ, ਤੇ ਇਸ ਤਰ੍ਹਾਂ ਆਪਣੇ ਆਪ ਨੂੰ (ਮੋਹ ਦੇ ਬੰਧਨਾਂ ਵਿਚ) ਬੰਨ੍ਹੀ ਰੱਖਦਾ ਹੈ। (ਮਾਇਆ-ਗ੍ਰਸਿਆ ਮਨੁੱਖ ਇਹ ਨਹੀਂ ਸਮਝਦਾ ਕਿ) ਇਹ ਜਗਤ (ਤਾਂ) ਠਗ-ਨੀਰੇ ਵਾਂਗ (ਠੱਗੀ ਹੀ ਠੱਗੀ ਹੈ, ਜਿਵੇਂ ਹਰਨ ਠਗਨੀਰੇ ਨੂੰ ਵੇਖ ਕੇ ਉਸ ਵਲ ਦੌੜਦਾ ਤੇ ਭਟਕ ਭਟਕ ਕੇ ਮਰਦਾ ਹੈ, ਤਿਵੇਂ ਮਨੁੱਖ ਇਸ ਜਗਤ ਨੂੰ) ਵੇਖ ਕੇ ਇਸ ਵਲ (ਸਦਾ) ਦੌੜਦਾ ਰਹਿੰਦਾ ਹੈ (ਤੇ ਆਤਮਕ ਮੌਤ ਸਹੇੜਦਾ ਹੈ) ।1।

**ਭੁਗਤਿ ਮੁਕਤਿ ਕਾ ਕਾਰਨੁ ਸੁਆਮੀ ਮੂੜ ਤਾਹਿ ਬਿਸਰਾਵੈ ॥**
**ਜਨ ਨਾਨਕ ਕੋਟਨ ਮੈ ਕੋਊ ਭਜਨੁ ਰਾਮ ਕੋ ਪਾਵੈ ॥੨॥੩॥**

**ਅਰਥ :** ਮੂਰਖ ਮਨੁੱਖ ਉਸ ਮਾਲਕ-ਪ੍ਰਭੂ ਨੂੰ ਭੁਲਾਈ ਰੱਖਦਾ ਹੈ ਜੇਹੜਾ ਦੁਨੀਆ ਦੇ ਭੋਗਾਂ ਤੇ ਸੁਖਾਂ ਦਾ ਭੀ ਮਾਲਕ ਹੈ ਤੇ ਜੇਹੜਾ ਮੋਖ ਭੀ ਦੇਣ ਵਾਲਾ ਹੈ। ਹੇ ਦਾਸ ਨਾਨਕ! (ਆਖ–) ਕ੍ਰੋੜਾਂ ਵਿਚੋਂ ਕੋਈ ਵਿਰਲਾ ਮਨੁੱਖ ਹੁੰਦਾ ਹੈ ਜੇਹੜਾ (ਜਗਤ ਠਗ-ਨੀਰੇ ਦੇ ਮੋਹ ਤੋਂ ਬਚ ਕੇ) ਪਰਮਾਤਮਾ ਦੀ ਭਗਤੀ ਪ੍ਰਾਪਤ ਕਰਦਾ ਹੈ।2।3।

## ਸ਼ਬਦ ਨੰਬਰ ੪ : ਰਾਗ ਗਉੜੀ : ਅੰਗ ੨੧੯

**ਸਾਧੋ ਇਹੁ ਮਨੁ ਗਹਿਓ ਨ ਜਾਈ ।।**
**ਚੰਚਲ ਤ੍ਰਿਸਨਾ ਸੰਗਿ ਬਸਤੁ ਹੈ, ਯਾ ਤੇ ਥਿਰੁ ਨ ਰਹਾਈ ।।੧।। ਰਹਾਉ ।।**

**ਅਰਥ :-** ਹੇ ਸੰਤ ਜਨੋ ! ਇਹ ਮਨ ਵੱਸ ਵਿਚ ਕੀਤਾ ਨਹੀਂ ਜਾ ਸਕਦਾ, (ਕਿਉਂਕਿ ਇਹ ਮਨ ਸਦਾ) ਅਨੇਕਾਂ ਹਾਵ ਭਾਵ ਕਰਨ ਵਾਲੀ ਤ੍ਰਿਸ਼ਨਾ ਨਾਲ ਵੱਸਦਾ ਰਹਿੰਦਾ ਹੈ, ਇਸ ਵਾਸਤੇ ਇਹ ਕਦੇ ਟਿਕ ਕੇ ਨਹੀਂ ਰਹਿੰਦਾ । ੧ । ਰਹਾਉ ।

**ਕਠਨ ਕ੍ਰੋਧ ਘਟ ਹੀ ਕੇ ਭੀਤਰ ਜਿਹ ਸੁਧਿ ਸਭ ਬਿਸਰਾਈ ।।**
**ਰਤਨੁ ਗਿਆਨੁ ਸਭ ਕੋ ਹਿਰਿ ਲੀਨਾ ਤਾ ਸਿਉ ਕਛੁ ਨ ਬਸਾਈ ।। ੧ ।।**

**ਅਰਥ :-** (ਹੇ ਸੰਤ ਜਨੋ!) ਵੱਸ ਵਿਚ ਨਾਹ ਆ ਸਕਣ ਵਾਲਾ ਕ੍ਰੋਧ ਭੀ ਇਸ ਹਿਰਦੇ ਵਿਚ ਹੀ ਵੱਸਦਾ ਹੈ, ਜਿਸ ਨੇ (ਮਨੁੱਖ ਨੂੰ ਭਲੇ ਪਾਸੇ ਦੀ) ਸਾਰੀ ਹੋਸ਼ ਭੁਲਾ ਦਿੱਤੀ ਹੈ। (ਕ੍ਰੋਧ ਨੇ) ਹਰੇਕ ਮਨੁੱਖ ਦਾ ਸ੍ਰੇਸ਼ਟ ਗਿਆਨ ਚੁਰਾ ਲਿਆ ਹੈ, ਉਸ ਨਾਲ ਕਿਸੇ ਦੀ ਕੋਈ ਪੇਸ਼ ਨਹੀਂ ਜਾਂਦੀ।1।

**ਜੋਗੀ ਜਤਨ ਕਰਤ ਸਭਿ ਹਾਰੇ ਗੁਨੀ ਰਹੇ ਗੁਨ ਗਾਈ ॥**
**ਜਨ ਨਾਨਕ ਹਰਿ ਭਏ ਦਇਆਲਾ ਤਉ ਸਭ ਬਿਧਿ ਬਨਿ ਆਈ ॥੨॥੪॥**

**ਅਰਥ :-** ਸਾਰੇ ਜੋਗੀ (ਇਸ ਮਨ ਨੂੰ ਕਾਬੂ ਕਰਨ ਦੇ) ਜਤਨ ਕਰਦੇ ਕਰਦੇ ਥੱਕ ਗਏ, ਵਿਦਵਾਨ ਮਨੁੱਖ ਆਪਣੀ ਵਿੱਦਿਆ ਦੀਆਂ ਵਡਿਆਈਆਂ ਕਰਦੇ ਥੱਕ ਗਏ (ਨਾਹ ਜੋਗ-ਸਾਧਨ, ਨਾਹ ਵਿੱਦਿਆ-ਮਨ ਨੂੰ ਕੋਈ ਭੀ ਵੱਸ ਵਿਚ ਲਿਆਉਣ ਦੇ ਸਮਰੱਥ ਨਹੀਂ) । ਹੇ ਦਾਸ ਨਾਨਕ! ਜਦੋਂ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਤਾਂ (ਇਸ ਮਨ ਨੂੰ ਕਾਬੂ ਵਿਚ ਰੱਖਣ ਦੇ) ਸਾਰੇ ਢੋ ਢੁਕ ਪੈਂਦੇ ਹਨ।2।4।

## ਸ਼ਬਦ ਨੰਬਰ ੫ : ਰਾਗ ਗਉੜੀ : ਅੰਗ ੨੧੯

**ਸਾਧੋ ਗੋਬਿੰਦ ਕੇ ਗੁਨ ਗਾਵਉ ॥**
**ਮਾਨਸ ਜਨਮੁ ਅਮੋਲਕੁ ਪਾਇਓ ਬਿਰਥਾ ਕਾਹਿ ਗਵਾਵਉ ॥੧॥ ਰਹਾਉ ॥**

**ਅਰਥ :-** ਹੇ ਸੰਤ ਜਨੋ! (ਸਦਾ) ਗੋਬਿੰਦ ਦੇ ਗੁਣ ਗਾਂਦੇ ਰਿਹਾ ਕਰੋ। ਇਹ ਬੜਾ ਕੀਮਤੀ ਮਨੁੱਖਾ ਜਨਮ ਮਿਲਿਆ ਹੈ, ਇਸ ਨੂੰ ਅਜਾਈਂ ਕਿਉਂ ਗਵਾਂਦੇ ਹੋ?।1। ਰਹਾਉ।

**ਪਤਿਤ ਪੁਨੀਤ ਦੀਨ ਬੰਧ ਹਰਿ ਸਰਨਿ ਤਾਹਿ ਤੁਮ ਆਵਉ ॥**
**ਗਜ ਕੋ ਤ੍ਰਾਸੁ ਮਿਟਿਓ ਜਿਹ ਸਿਮਰਤ ਤੁਮ ਕਾਹੇ ਬਿਸਰਾਵਉ ॥੧॥**

**ਅਰਥ :-** (ਹੇ ਸੰਤ ਜਨੋ!) ਪਰਮਾਤਮਾ ਉਹਨਾਂ ਬੰਦਿਆਂ ਨੂੰ ਭੀ ਪਵਿਤ੍ਰ ਕਰਨ ਵਾਲਾ ਹੈ ਜੇਹੜੇ ਵਿਕਾਰਾਂ ਵਿਚ ਡਿੱਗੇ ਹੋਏ ਹੁੰਦੇ ਹਨ, ਉਹ ਹਰੀ ਗਰੀਬਾਂ ਦਾ ਸਹਾਈ ਹੈ। ਤੁਸੀ ਭੀ ਉਸੇ ਦੀ ਸਰਨ ਪਵੋ। ਜਿਸ ਦਾ ਸਿਮਰਨ ਕਰ ਕੇ ਹਾਥੀ ਦਾ ਡਰ ਮਿਟ ਗਿਆ ਸੀ, ਤੁਸੀ ਉਸ ਨੂੰ ਕਿਉਂ ਭੁਲਾ ਰਹੇ ਹੋ?।1।

**ਤਜਿ ਅਭਿਮਾਨ ਮੋਹ ਮਾਇਆ ਫੁਨਿ ਭਜਨ ਰਾਮ ਚਿਤੁ ਲਾਵਉ ॥**
**ਨਾਨਕ ਕਹਤ ਮੁਕਤਿ ਪੰਥ ਇਹੁ ਗੁਰਮੁਖਿ ਹੋਇ ਤੁਮ ਪਾਵਉ ॥੨॥੫॥**

**ਅਰਥ :-** (ਹੇ ਸੰਤ ਜਨੋ!) ਅਹੰਕਾਰ ਦੂਰ ਕਰ ਕੇ ਅਤੇ ਮਾਇਆ ਦਾ ਮੋਹ ਦੂਰ ਕਰ ਕੇ ਆਪਣਾ ਚਿੱਤ ਪਰਮਾਤਮਾ ਦੇ ਭਜਨ ਵਿਚ ਜੋੜੀ ਰੱਖੋ। ਨਾਨਕ ਆਖਦਾ ਹੈ– ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਕਰਨ ਦਾ ਇਹੀ ਰਸਤਾ ਹੈ, ਪਰ ਗੁਰੂ ਦੀ ਸਰਨ ਪੈ ਕੇ ਹੀ ਤੁਸੀ ਇਹ ਰਸਤਾ ਲੱਭ ਸਕੋਗੇ।2।5।

## ਸ਼ਬਦ ਨੰਬਰ ੬ : ਰਾਗ ਗਉੜੀ : ਅੰਗ ੨੧੯

**ਕੋਊ ਮਾਈ ਭੂਲਿਓ ਮਨੁ ਸਮਝਾਵੈ ।।**
**ਬੇਦ ਪੁਰਾਨ ਸਾਧ ਮਗ ਸੁਨਿ ਕਰਿ ਨਿਮਖ ਨ ਹਰਿ ਗੁਨ ਗਾਵੈ ।।੧।। ਰਹਾਉ ।।**

**ਅਰਥ** : ਹੇ (ਮੇਰੀ) ਮਾਂ! (ਮਾਇਆ ਦੇ ਮੋਹ ਨਾਲ ਨਕਾ-ਨਕ ਭਰੇ ਹੋਏ ਸੰਸਾਰ-ਜੰਗਲ ਵਿਚ ਮੇਰਾ ਮਨ ਕੁਰਾਹੇ ਪੈ ਗਿਆ ਹੈ, ਮੈਨੂੰ) ਕੋਈ (ਐਸਾ ਗੁਰਮੁਖ ਮਿਲ ਪਵੇ ਜੇਹੜਾ ਮੇਰੇ ਇਸ) ਕੁਰਾਹੇ ਪਏ ਹੋਏ ਮਨ ਨੂੰ ਮਤਿ ਦੇਵੇ। (ਇਹ ਭੁੱਲਿਆ ਮਨ) ਵੇਦ ਪੁਰਾਣ (ਆਦਿਕ ਧਰਮ-ਪੁਸਤਕਾਂ ਅਤੇ) ਸੰਤ ਜਨਾਂ ਦੇ ਉਪਦੇਸ਼ ਸੁਣ ਕੇ ਰਤਾ ਭਰ ਸਮੇ ਲਈ ਭੀ ਪਰਮਾਤਮਾ ਦੇ ਗੁਣ ਨਹੀਂ ਗਾਂਦਾ।1। ਰਹਾਉ।

**ਦੁਰਲਭ ਦੇਹ ਪਾਇ ਮਾਨਸ ਕੀ ਬਿਰਥਾ ਜਨਮੁ ਸਿਰਾਵੈ ॥**
**ਮਾਇਆ ਮੋਹ ਮਹਾ ਸੰਕਟ ਬਨ ਤਾ ਸਿਉ ਰੁਚ ਉਪਜਾਵੈ ॥੧॥**

**ਅਰਥ :-** (ਹੇ ਮੇਰੀ ਮਾਂ ! ਇਹ ਮਨ ਅਜਿਹਾ ਕੁਰਾਹੇ ਪਿਆ ਹੋਇਆ ਹੈ ਕਿ) ਬੜੀ ਮੁਸ਼ਕਲ ਨਾਲ ਮਿਲ ਸਕਣ ਵਾਲਾ ਮਨੁੱਖਾ ਸਰੀਰ ਪ੍ਰਾਪਤ ਕਰ ਕੇ (ਭੀ) ਇਸ ਜਨਮ ਨੂੰ ਵਿਅਰਥ ਗੁਜ਼ਾਰ ਰਿਹਾ ਹੈ । (ਹੇ ਮਾਂ ! ਇਹ ਸੰਸਾਰ) ਜੰਗਲ ਮਾਇਆ ਦੇ ਮੋਹ ਨਾਲ ਨਕਾ-ਨਕ ਭਰਿਆ ਪਿਆ ਹੈ (ਤੇ ਮੇਰਾ ਮਨ) ਇਸ (ਜੰਗਲ ਨਾਲ ਹੀ) ਪ੍ਰੇਮ ਬਣਾ ਰਿਹਾ ਹੈ ।੧।

**ਅੰਤਰਿ ਬਾਹਰਿ ਸਦਾ ਸੰਗਿ ਪ੍ਰਭੁ ਤਾ ਸਿਉ ਨੇਹੁ ਨ ਲਾਵੈ ।।**
**ਨਾਨਕ ਮੁਕਤਿ ਤਾਹਿ ਤੁਮ ਮਾਨਹੁ ਜਿਹ ਘਟਿ ਰਾਮ ਸਮਾਵੈ ।। ੨।। ੬।।**

**ਅਰਥ :-** (ਹੇ ਮੇਰੀ ਮਾਂ! ਜੇਹੜਾ) ਪਰਮਾਤਮਾ (ਹਰੇਕ ਜੀਵ ਦੇ) ਅੰਦਰ ਤੇ ਬਾਹਰ ਹਰ ਵੇਲੇ ਵੱਸਦਾ ਹੈ ਉਸ ਨਾਲ (ਇਹ ਮੇਰਾ ਮਨ) ਪਿਆਰ ਨਹੀਂ ਪਾਂਦਾ। ਹੇ ਨਾਨਕ! (ਆਖ– ਮਾਇਆ ਦੇ ਮੋਹ ਨਾਲ ਭਰਪੂਰ ਸੰਸਾਰ-ਜੰਗਲ ਵਿਚੋਂ) ਖ਼ਲਾਸੀ ਤੁਸੀ ਉਸੇ ਮਨੁੱਖ ਨੂੰ (ਮਿਲੀ) ਸਮਝੋ ਜਿਸ ਦੇ ਹਿਰਦੇ ਵਿਚ ਪਰਮਾਤਮਾ ਵੱਸ ਰਿਹਾ ਹੈ।2।6।

**ਅੰਗ ੨੨੦**

## ਸ਼ਬਦ ਨੰਬਰ ੭ : ਰਾਗ ਗਉੜੀ : ਅੰਗ ੨੨੦

**ਸਾਧੋ ਰਾਮ ਸਰਨਿ ਬਿਸਰਾਮਾ ॥**
**ਬੇਦ ਪੁਰਾਨ ਪੜੇ ਕੋ ਇਹ ਗੁਨ ਸਿਮਰੇ ਹਰਿ ਕੋ ਨਾਮਾ ॥੧॥ ਰਹਾਉ ॥**

**ਅਰਥ :-** ਹੇ ਸੰਤ ਜਨੋ! ਪਰਮਾਤਮਾ ਦੀ ਸਰਨ ਪਿਆਂ ਹੀ (ਵਿਕਾਰਾਂ ਵਿਚ ਭਟਕਣ ਵਲੋਂ) ਸ਼ਾਂਤੀ ਪ੍ਰਾਪਤ ਹੁੰਦੀ ਹੈ। ਵੇਦ ਪੁਰਾਣ (ਆਦਿਕ ਧਰਮ-ਪੁਸਤਕਾਂ) ਪੜ੍ਹਨ ਦਾ ਇਹੀ ਲਾਭ (ਹੋਣਾ ਚਾਹੀਦਾ) ਹੈ ਕਿ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਰਹੇ।1। ਰਹਾਉ।

**ਲੋਭ ਮੋਹ ਮਾਇਆ ਮਮਤਾ ਫੁਨਿ ਅਉ ਬਿਖਿਅਨ ਕੀ ਸੇਵਾ ॥**
**ਹਰਖ ਸੋਗ ਪਰਸੈ ਜਿਹ ਨਾਹਨਿ ਸੋ ਮੂਰਤਿ ਹੈ ਦੇਵਾ ॥੧॥**

**ਅਰਥ :-** (ਹੇ ਸੰਤ ਜਨੋ!) ਲੋਭ, ਮਾਇਆ ਦਾ ਮੋਹ, ਅਪਣੱਤ ਅਤੇ ਵਿਸ਼ਿਆਂ ਦਾ ਸੇਵਨ, ਖ਼ੁਸ਼ੀ, ਗ਼ਮੀ = (ਇਹਨਾਂ ਵਿਚੋਂ ਕੋਈ ਭੀ) ਜਿਸ ਮਨੁੱਖ ਨੂੰ ਛੁਹ ਨਹੀਂ ਸਕਦਾ (ਜਿਸ ਮਨੁੱਖ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ) ਉਹ ਮਨੁੱਖ ਪਰਮਾਤਮਾ ਦਾ ਰੂਪ ਹੈ।1।

**ਸੁਰਗ ਨਰਕ ਅੰਮ੍ਰਿਤ ਬਿਖੁ ਏ ਸਭ ਤਿਉ ਕੰਚਨ ਅਰੁ ਪੈਸਾ ॥**
**ਉਸਤਤਿ ਨਿੰਦਾ ਏ ਸਮ ਜਾ ਕੈ ਲੋਭੁ ਮੋਹੁ ਫੁਨਿ ਤੈਸਾ ॥੨॥**

**ਅਰਥ :-** (ਹੇ ਸੰਤ ਜਨੋ! ਉਹ ਮਨੁੱਖ ਪਰਮਾਤਮਾ ਦਾ ਰੂਪ ਹੈ ਜਿਸ ਨੂੰ) ਸੁਰਗ ਅਤੇ ਨਰਕ ਅੰਮ੍ਰਿਤ ਅਤੇ ਜ਼ਹਰ ਇਕੋ ਜਿਹੇ ਜਾਪਦੇ ਹਨ, ਜਿਸ ਨੂੰ ਸੋਨਾ ਅਤੇ ਤਾਂਬਾ ਇਕ ਸਮਾਨ ਪ੍ਰਤੀਤ ਹੁੰਦਾ ਹੈ, ਜਿਸ ਦੇ ਹਿਰਦੇ ਵਿਚ ਉਸਤਤਿ ਤੇ ਨਿੰਦਾ ਭੀ ਇਕੋ ਜਿਹੇ ਹਨ (ਕੋਈ ਉਸ ਦੀ ਵਡਿਆਈ ਕਰੇ, ਕੋਈ ਉਸ ਦੀ ਨਿੰਦਾ ਕਰੇ = ਉਸ ਨੂੰ ਇਕ ਸਮਾਨ ਹਨ) , ਜਿਸ ਦੇ ਹਿਰਦੇ ਵਿਚ ਲੋਭ ਭੀ ਪ੍ਰਭਾਵ ਨਹੀਂ ਪਾ ਸਕਦਾ, ਮੋਹ ਭੀ ਪ੍ਰਭਾਵ ਨਹੀਂ ਪਾ ਸਕਦਾ।2।

**ਦੁਖੁ ਸੁਖੁ ਏ ਬਾਧੇ ਜਿਹ ਨਾਹਨਿ ਤਿਹ ਤੁਮ ਜਾਨਉ ਗਿਆਨੀ ॥**
**ਨਾਨਕ ਮੁਕਤਿ ਤਾਹਿ ਤੁਮ ਮਾਨਉ ਇਹ ਬਿਧਿ ਕੋ ਜੋ ਪ੍ਰਾਨੀ ॥੩॥੭॥**

**ਅਰਥ :-** (ਹੇ ਸੰਤ ਜਨੋ!) ਤੁਸੀ ਉਸ ਮਨੁੱਖ ਨੂੰ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਰੱਖਣ ਵਾਲਾ ਸਮਝੋ, ਜਿਸ ਨੂੰ ਨਾਹ ਕੋਈ ਦੁੱਖ ਤੇ ਨਾਹ ਕੋਈ ਸੁਖ (ਆਪਣੇ ਪ੍ਰਭਾਵ ਵਿਚ) ਬੰਨ੍ਹ ਨਹੀਂ ਸਕਦਾ। ਹੇ ਨਾਨਕ! (ਆਖ– ਹੇ ਸੰਤ ਜਨੋ! ਲੋਭ, ਮੋਹ, ਦੁਖ ਸੁਖ ਆਦਿਕ ਤੋਂ) ਖ਼ਲਾਸੀ ਉਸ ਮਨੁੱਖ ਨੂੰ (ਮਿਲੀ) ਮੰਨੋ, ਜੇਹੜਾ ਮਨੁੱਖ ਇਸ ਕਿਸਮ ਦੀ ਜੀਵਨ-ਜੁਗਤਿ ਵਾਲਾ ਹੈ।3।7।

## ਸ਼ਬਦ ਨੰਬਰ ੮ : ਰਾਗ ਗਉੜੀ : ਅੰਗ ੨੨੦

**ਮਨ ਰੇ ਕਹਾ ਭਇਓ ਤੈ ਬਉਰਾ ॥**
**ਅਹਿਨਿਸਿ ਅਉਧ ਘਟੈ ਨਹੀ ਜਾਨੈ ਭਇਓ ਲੋਭ ਸੰਗਿ ਹਉਰਾ ॥੧॥ ਰਹਾਉ ॥**

**ਅਰਥ :-** ਹੇ (ਮੇਰੇ) ਮਨ ! ਤੂੰ ਕਿੱਥੇ (ਲੋਭ ਆਦਿਕ ਵਿਚ ਫਸ ਕੇ) ਪਾਗਲ ਹੋ ਰਿਹਾ ਹੈ ? (ਹੇ ਭਾਈ !) ਦਿਨ ਰਾਤ ਉਮਰ ਘਟਦੀ ਰਹਿੰਦੀ ਹੈ, ਪਰ ਮਨੁੱਖ ਇਹ ਗੱਲ ਸਮਝਦਾ ਨਹੀਂ ਤੇ ਲੋਭ ਵਿਚ ਫਸ ਕੇ ਕਮਜ਼ੋਰ ਆਤਮਕ ਜੀਵਨ ਵਾਲਾ ਬਣਦਾ ਜਾਂਦਾ ਹੈ। ੧। ਰਹਾਉ।

**ਜੋ ਤਨੁ ਤੈ ਅਪਨੋ ਕਰਿ ਮਾਨਿਓ ਅਰੁ ਸੁੰਦਰ ਗ੍ਰਿਹ ਨਾਰੀ ॥**
**ਇਨ ਮੈਂ ਕਛੁ ਤੇਰੋ ਰੇ ਨਾਹਨਿ ਦੇਖੋ ਸੋਚ ਬਿਚਾਰੀ ॥੧॥**

**ਅਰਥ :-** ਹੇ (ਮੇਰੇ) ਮਨ ! ਜੇਹੜਾ (ਇਹ) ਸਰੀਰ ਤੂੰ ਆਪਣਾ ਕਰ ਕੇ ਸਮਝ ਰਿਹਾ ਹੈ ਅਤੇ ਘਰ ਦੀ ਸੁੰਦਰ ਇਸਤ੍ਰੀ ਨੂੰ ਆਪਣੀ ਮੰਨ ਰਿਹਾ ਹੈ, ਇਹਨਾਂ ਵਿਚੋਂ ਕੋਈ ਭੀ ਤੇਰਾ (ਸਦਾ ਨਿਭਣ ਵਾਲਾ ਸਾਥੀ) ਨਹੀਂ ਹੈ, ਸੋਚ ਕੇ ਵੇਖ ਲੈ, ਵਿਚਾਰ ਕੇ ਵੇਖ ਲੈ।੧।

**ਰਤਨ ਜਨਮੁ ਅਪਨੋ ਤੈ ਹਾਰਿਓ ਗੋਬਿੰਦ ਗਤਿ ਨਹੀ ਜਾਨੀ ॥**
**ਨਿਮਖ ਨ ਲੀਨ ਭਇਓ ਚਰਨਨ ਸਿਉ ਬਿਰਥਾ ਅਉਧ ਸਿਰਾਨੀ ॥੨॥**

**ਅਰਥ :-** ਹੇ (ਮੇਰੇ) ਮਨ! ਜਿਵੇਂ ਜੁਆਰੀਆ ਜੂਏ ਵਿਚ ਬਾਜ਼ੀ ਹਾਰਦਾ ਹੈ, ਤਿਵੇਂ) ਤੂੰ ਆਪਣਾ ਕੀਮਤੀ ਮਨੁੱਖਾ ਜਨਮ ਹਾਰ ਰਿਹਾ ਹੈਂ, ਕਿਉਂਕਿ ਤੂੰ ਪਰਮਾਤਮਾ ਨਾਲ ਮਿਲਾਪ ਦੀ ਅਵਸਥਾ ਦੀ ਕਦਰ ਨਹੀਂ ਪਾਈ। ਤੂੰ ਰਤਾ ਭਰ ਸਮੇ ਲਈ ਭੀ ਗੋਬਿੰਦ-ਪ੍ਰਭੂ ਦੇ ਚਰਨਾਂ ਵਿਚ ਨਹੀਂ ਜੁੜਦਾ, ਤੂੰ ਵਿਅਰਥ ਉਮਰ ਗੁਜ਼ਾਰ ਰਿਹਾ ਹੈਂ।2।

**ਕਹੁ ਨਾਨਕ ਸੋਈ ਨਰੁ ਸੁਖੀਆ ਰਾਮ ਨਾਮ ਗੁਨ ਗਾਵੈ ॥**
**ਅਉਰ ਸਗਲ ਜਗੁ ਮਾਇਆ ਮੋਹਿਆ ਨਿਰਭੈ ਪਦੁ ਨਹੀ ਪਾਵੈ ॥੩॥੮॥**

**ਅਰਥ :-** ਹੇ ਨਾਨਕ! ਆਖ– ਉਹੀ ਮਨੁੱਖ ਸੁਖੀ ਜੀਵਨ ਵਾਲਾ ਹੈ ਜੋ ਪਰਮਾਤਮਾ ਦਾ ਨਾਮ (ਜਪਦਾ ਹੈ, ਜੋ) ਪਰਮਾਤਮਾ ਦੇ ਗੁਣ ਗਾਂਦਾ ਹੈ। ਬਾਕੀ ਦਾ ਸਾਰਾ ਜਹਾਨ (ਜੇਹੜਾ) ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ (ਉਹ ਸਹਿਮਿਆ ਰਹਿੰਦਾ ਹੈ, ਉਹ) ਉਸ ਆਤਮਕ ਅਵਸਥਾ ਉਤੇ ਨਹੀਂ ਪਹੁੰਚਦਾ, ਜਿਥੇ ਕੋਈ ਡਰ ਪੋਹ ਨਹੀਂ ਸਕਦਾ।3।8।

## ਸ਼ਬਦ ਨੰਬਰ ੯ : ਰਾਗ ਗਉੜੀ : ਅੰਗ ੨੨੦

**ਨਰ ਅਚੇਤ ਪਾਪ ਤੇ ਡਰੁ ਰੇ ॥**
**ਦੀਨ ਦਇਆਲ ਸਗਲ ਭੈ ਭੰਜਨ ਸਰਨਿ ਤਾਹਿ ਤੁਮ ਪਰੁ ਰੇ ॥੧॥ ਰਹਾਉ ॥**

**ਅਰਥ :-** ਹੇ ਗ਼ਾਫ਼ਿਲ ਮਨੁੱਖ ! ਪਾਪਾਂ ਤੋਂ ਬਚਿਆ ਰਹੁ, (ਤੇ ਇਹਨਾਂ ਪਾਪਾਂ ਤੋਂ ਬਚਣ ਵਾਸਤੇ ਉਸ) ਪਰਮਾਤਮਾ ਦੀ ਸਰਨ ਪਿਆ ਰਹੁ, ਜੋ ਗ਼ਰੀਬਾਂ ਤੇ ਦਇਆ ਕਰਨ ਵਾਲਾ ਹੈ ਤੇ ਸਾਰੇ ਡਰ ਦੂਰ ਕਰਨ ਵਾਲਾ ਹੈ । ੧ । ਰਹਾਉ ।

**ਬੇਦ ਪੁਰਾਨ ਜਾਸ ਗੁਨ ਗਾਵਤ ਤਾ ਕੋ ਨਾਮੁ ਹੀਐ ਮੋ ਧਰੁ ਰੇ ॥**
**ਪਾਵਨ ਨਾਮੁ ਜਗਤਿ ਮੈ ਹਰਿ ਕੋ ਸਿਮਰਿ ਸਿਮਰਿ ਕਸਮਲ ਸਭ ਹਰੁ ਰੇ ॥੧॥**

ਅਰਥ :- (ਹੇ ਗ਼ਾਫ਼ਿਲ ਮਨੁੱਖ!) ਉਸ ਪਰਮਾਤਮਾ ਦਾ ਨਾਮ ਆਪਣੇ ਨਾਮ ਹਿਰਦੇ ਵਿਚ ਪ੍ਰੋ ਰੱਖ, ਜਿਸ ਦੇ ਗੁਣ ਵੇਦ-ਪੁਰਾਣ (ਆਦਿਕ ਧਰਮ-ਪੁਸਤਕ) ਗਾ ਰਹੇ ਹਨ। (ਹੇ ਗ਼ਾਫ਼ਲ ਮਨੁੱਖ ! ਪਾਪਾਂ ਤੋਂ ਬਚਾ ਕੇ) ਪਵਿੱਤ੍ਰ ਕਰਨ ਵਾਲਾ ਜਗਤ ਵਿਚ ਪਰਮਾਤਮਾ ਦਾ ਨਾਮ (ਹੀ) ਹੈ, ਤੂੰ ਉਸ ਪਰਮਾਤਮਾ ਨੂੰ ਸਿਮਰ ਸਿਮਰ ਕੇ (ਆਪਣੇ ਅੰਦਰੋਂ) ਸਾਰੇ ਪਾਪ ਦੂਰ ਕਰ ਲੈ।

**ਮਾਨਸ ਦੇਹ ਬਹੁਰਿ ਨਹ ਪਾਵੈ ਕਛੂ ਉਪਾਉ ਮੁਕਤਿ ਕਾ ਕਰੁ ਰੇ ॥**
**ਨਾਨਕ ਕਹਤ ਗਾਇ ਕਰੁਨਾ ਮੈ ਭਵ ਸਾਗਰ ਕੈ ਪਾਰਿ ਉਤਰੁ ਰੇ ॥੨॥੯॥੨੫੧॥**

**ਅਰਥ :-** (ਹੇ ਗ਼ਾਫ਼ਿਲ ਮਨੁੱਖ) ਤੂੰ ਇਹ ਮਨੁੱਖਾ ਸਰੀਰ ਫਿਰ ਕਦੇ ਨਹੀਂ ਲੱਭ ਸਕੇਂਗਾ (ਇਸ ਨੂੰ ਕਿਉਂ ਪਾਪਾਂ ਵਿਚ ਲੱਗ ਕੇ ਗਵਾ ਰਿਹਾ ਹੈਂ? ਇਹੀ ਵੇਲਾ ਹੈ। ਇਹਨਾਂ ਪਾਪਾਂ ਤੋਂ) ਖ਼ਲਾਸੀ ਪ੍ਰਾਪਤ ਕਰਨ ਦਾ ਕੋਈ ਇਲਾਜ ਕਰ ਲੈ। ਤੈਨੂੰ ਨਾਨਕ ਆਖਦਾ ਹੈ– ਤਰਸ-ਰੂਪ ਪਰਮਾਤਮਾ ਦੇ ਗੁਣ ਗਾ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ।2।9। 251।

**ਅੰਗ ੪੧੧**

**੧ੴ ਸਤਿਗੁਰ ਪ੍ਰਸਾਦਿ ।।**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਆਸਾ ਮਹਲਾ ੯ ।।**

**ਸ਼ਬਦ ਨੰਬਰ ੧੦ : ਰਾਗੁ ਆਸਾ : ਅੰਗ ੪੧੧**

**ਬਿਰਥਾ ਕਹਉ ਕਉਨ ਸਿਉ ਮਨ ਕੀ ।।**
**ਲੋਭਿ ਗ੍ਰਸਿਓ ਦਸ ਹੂ ਦਿਸ ਧਾਵਤ ਆਸਾ ਲਾਗਿਓ ਧਨ ਕੀ ।।੧।। ਰਹਾਉ ।।**

**ਅਰਥ :-** (ਹੇ ਭਾਈ!) ਮੈਂ ਇਸ (ਮਨੁੱਖੀ) ਮਨ ਦੀ ਭੈੜੀ ਹਾਲਤ ਕਿਸ ਨੂੰ ਦੱਸਾਂ (ਹਰੇਕ ਮਨੁੱਖ ਦਾ ਇਹੀ ਹਾਲ ਹੈ) , ਲੋਭ ਵਿਚ ਫਸਿਆ ਹੋਇਆ ਇਹ ਮਨ ਦਸੀਂ ਪਾਸੀਂ ਦੌੜਦਾ ਰਹਿੰਦਾ ਹੈ, ਇਸ ਨੂੰ ਧਨ ਜੋੜਨ ਦੀ ਤ੍ਰਿਸ਼ਨਾ ਚੰਬੜੀ ਰਹਿੰਦੀ ਹੈ।1। ਰਹਾਉ।

**ਸੁਖ ਕੈ ਹੇਤਿ ਬਹੁਤੁ ਦੁਖੁ ਪਾਵਤ ਸੇਵ ਕਰਤ ਜਨ ਜਨ ਕੀ ॥**
**ਦੁਆਰਹਿ ਦੁਆਰਿ ਸੁਆਨ ਜਿਉ ਡੋਲਤ ਨਹ ਸੁਧ ਰਾਮ ਭਜਨ ਕੀ ॥੧॥**

**ਅਰਥ :-** (ਹੇ ਭਾਈ !) ਸੁਖ ਹਾਸਲ ਕਰਨ ਵਾਸਤੇ (ਇਹ ਮਨ) ਘਿਰ ਘਿਰ ਦੀ ਖ਼ੁਸ਼ਾਮਦ ਕਰਦਾ ਫਿਰਦਾ ਹੈ (ਤੇ ਇਸ ਤਰ੍ਹਾਂ ਸੁਖ ਦੇ ਥਾਂ ਸਗੋਂ) ਦੁੱਖ ਸਹਾਰਦਾ ਹੈ । ਕੁੱਤੇ ਵਾਂਗ ਹਰੇਕ ਦੇ ਦਰ ਤੇ ਭਟਕਦਾ ਫਿਰਦਾ ਹੈ, ਇਸ ਨੂੰ ਪਰਮਾਤਮਾ ਦਾ ਭਜਨ ਕਰਨ ਦੀ ਕਦੇ ਸੂਝ ਹੀ ਨਹੀਂ ਪੈਂਦੀ । ੧ ।

**ਮਾਨਸ ਜਨਮ ਅਕਾਰਥ ਖੋਵਤ ਲਾਜ ਨ ਲੋਕ ਹਸਨ ਕੀ ॥**
**ਨਾਨਕ ਹਰਿ ਜਸੁ ਕਿਉ ਨਹੀ ਗਾਵਤ ਕੁਮਤਿ ਬਿਨਾਸੈ ਤਨ ਕੀ ॥੨॥੧॥੨੩੩॥**

**ਅਰਥ :-** (ਹੇ ਭਾਈ! ਲੋਭ ਵਿਚ ਫਸਿਆ ਹੋਇਆ ਇਹ ਜੀਵ) ਆਪਣਾ ਮਨੁੱਖਾ ਜਨਮ ਵਿਅਰਥ ਹੀ ਗਵਾ ਲੈਂਦਾ ਹੈ, (ਇਸ ਦੇ ਲਾਲਚ ਦੇ ਕਾਰਨ) ਲੋਕਾਂ ਵਲੋਂ ਹੋ ਰਹੇ ਹਾਸੇ-ਮਖ਼ੌਲ ਦੀ ਭੀ ਇਸ ਨੂੰ ਸ਼ਰਮ ਨਹੀਂ ਆਉਂਦੀ। ਹੇ ਨਾਨਕ! (ਆਖ– ਹੇ ਜੀਵ!) ਤੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਿਉਂ ਨਹੀਂ ਕਰਦਾ? (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਹੀ) ਤੇਰੀ ਇਹ ਖੋਟੀ ਮਤਿ ਦੂਰ ਹੋ ਸਕੇਗੀ।2।1। 233।

ਅੰਗ ੫੩੬

**ੴ ਸਤਿਗੁਰ ਪ੍ਰਸਾਦਿ ।।**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਦੇਵਗੰਧਾਰੀ ਮਹਲਾ ੯ ।।**

**ਸ਼ਬਦ ਨੰਬਰ ੧੧ : ਰਾਗੁ ਦੇਵਗੰਧਾਰੀ : ਅੰਗ ੫੩੬**

**ਯਹ ਮਨੁ ਨੈਕ ਨ ਕਹਿਓ ਕਰੈ ॥**
**ਸੀਖ ਸਿਖਾਇ ਰਹਿਓ ਅਪਨੀ ਸੀ ਦੁਰਮਤਿ ਤੇ ਨ ਟਰੈ ॥੧॥ ਰਹਾਉ ॥**

**ਅਰਥ :-** ਹੇ ਭਾਈ ! ਇਹ ਮਨ ਰਤਾ ਭਰ ਭੀ ਮੇਰਾ ਕਿਹਾ ਨਹੀਂ ਮੰਨਦਾ । ਮੈਂ ਆਪਣੇ ਵਲੋਂ ਇਸ ਨੂੰ ਸਿੱਖਿਆ ਦੇ ਦੇ ਕੇ ਥੱਕ ਗਿਆ ਹਾਂ, ਫਿਰ ਭੀ ਇਹ ਖੋਟੀ ਮਤਿ ਵਲੋਂ ਹਟਦਾ ਨਹੀਂ । ੧ । ਰਹਾਉ ।

**ਮਦਿ ਮਾਇਆ ਕੈ ਭਇਓ ਬਾਵਰੋ ਹਰਿ ਜਸੁ ਨਹਿ ਉਚਰੈ ।।**
**ਕਰਿ ਪਰਪੰਚੁ ਜਗਤ ਕਉ ਡਹਕੈ ਅਪਨੋ ਉਦਰੁ ਭਰੈ ।। ੧ ।।**

**ਅਰਥ :-** ਹੇ ਭਾਈ ! ਮਾਇਆ ਦੇ ਨਸ਼ੇ ਵਿਚ ਇਹ ਮਨ ਝੱਲਾ ਹੋਇਆ ਪਿਆ ਹੈ, ਕਦੇ ਇਹ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਨਹੀਂ ਉਚਾਰਦਾ, ਵਿਖਾਵਾ ਕਰ ਕੇ ਦੁਨੀਆ ਨੂੰ ਠੱਗਦਾ ਰਹਿੰਦਾ ਹੈ, ਤੇ, (ਠੱਗੀ ਨਾਲ ਇੱਕਠੇ ਕੀਤੇ ਧਨ ਦੀ ਰਾਹੀਂ) ਆਪਣਾ ਪੇਟ ਭਰਦਾ ਰਹਿੰਦਾ ਹੈ । ੧ ।

**ਸੁਆਨ ਪੂਛ ਜਿਉ ਹੋਇ ਨ ਸੂਧੋ ਕਹਿਓ ਨ ਕਾਨ ਧਰੈ ॥**
**ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਕਾਜੁ ਸਰੈ ॥੨॥੧॥**

**ਅਰਥ :-** ਹੇ ਭਾਈ! ਕੁੱਤੇ ਦੀ ਪੂਛਲ ਵਾਂਗ ਇਹ ਮਨ ਕਦੇ ਭੀ ਸਿੱਧਾ ਨਹੀਂ ਹੁੰਦਾ, (ਕਿਸੇ ਦੀ ਭੀ) ਦਿੱਤੀ ਹੋਈ ਸਿੱਖਿਆ ਨੂੰ ਧਿਆਨ ਨਾਲ ਨਹੀਂ ਸੁਣਦਾ। ਹੇ ਨਾਨਕ! ਮੁੜ ਇਸ ਨੂੰ) ਆਖ-(ਹੇ ਮਨ!) ਪਰਮਾਤਮਾ ਦੇ ਨਾਮ ਦਾ ਭਜਨ ਕਰਿਆ ਕਰ ਜਿਸ ਦੀ ਬਰਕਤਿ ਨਾਲ ਤੇਰਾ ਜਨਮ-ਮਨੋਰਥ ਹੱਲ ਹੋ ਜਾਏ।੨।੧।

## ਸ਼ਬਦ ਨੰਬਰ ੧੨ : ਰਾਗੁ ਦੇਵਗੰਧਾਰੀ : ਅੰਗ ੫੩੬

**ਸਭ ਕਿਛੁ ਜੀਵਤ ਕੋ ਬਿਵਹਾਰ ॥**
**ਮਾਤ ਪਿਤਾ ਭਾਈ ਸੁਤ ਬੰਧਪ ਅਰੁ ਫੁਨਿ ਗ੍ਰਿਹ ਕੀ ਨਾਰਿ ॥੧॥ ਰਹਾਉ ॥**

**ਅਰਥ :-** ਹੇ ਭਾਈ! ਮਾਂ, ਪਿਉ, ਭਰਾ, ਪੁੱਤਰ, ਰਿਸ਼ਤੇਦਾਰ ਅਤੇ ਘਰ ਦੀ ਵਹੁਟੀ ਭੀ-ਇਹ ਸਭ ਕੁਝ ਜਿਊਂਦਿਆਂ ਦਾ ਹੀ ਮੇਲ-ਜੋਲ ਹੈ।੧।ਰਹਾਉ।

**ਤਨ ਤੇ ਪ੍ਰਾਨ ਹੋਤ ਜਬ ਨਿਆਰੇ ਟੇਰਤ ਪ੍ਰੇਤਿ ਪੁਕਾਰਿ ॥**
**ਆਧ ਘਰੀ ਕੋਊ ਨਹਿ ਰਾਖੈ ਘਰ ਤੇ ਦੇਤ ਨਿਕਾਰਿ ॥੧॥**

**ਅਰਥ :-** ਹੇ ਭਾਈ ! (ਮੌਤ ਆਉਣ ਤੇ) ਜਦੋਂ ਜਿੰਦ ਸਰੀਰ ਨਾਲੋਂ ਵੱਖਰੀ ਹੋ ਜਾਂਦੀ ਹੈ, ਤਾਂ (ਇਹ ਸਾਰੇ ਸਨਬੰਧੀ) ਉੱਚੀ ਉੱਚੀ ਆਖਦੇ ਹਨ ਕਿ ਇਹ ਗੁਜ਼ਰ ਚੁਕਾ ਹੈ ਗੁਜ਼ਰ ਚੁਕਾ ਹੈ । ਕੋਈ ਭੀ , ਸਨਬੰਧੀ ਅੱਧੀ ਘੜੀ ਲਈ ਭੀ (ਉਸ ਨੂੰ) ਘਰ ਵਿਚ ਨਹੀਂ ਰੱਖਦਾ, ਘਰ ਤੋਂ ਕੱਢ ਦੇਂਦੇ ਹਨ । ੧ ।

**ਮ੍ਰਿਗ ਤ੍ਰਿਸਨਾ ਜਿਉ ਜਗ ਰਚਨਾ ਯਹ ਦੇਖਹੁ ਰਿਦੈ ਬਿਚਾਰਿ ॥**
**ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਹੋਤ ਉਧਾਰ ॥੨॥੨॥**

**ਅਰਥ :-** ਹੇ ਭਾਈ! ਆਪਣੇ ਹਿਰਦੇ ਵਿਚ ਵਿਚਾਰ ਕੇ ਵੇਖ ਲਵੋ, ਇਹ ਜਗਤ-ਖੇਡ ਠਗ-ਨੀਰੇ ਵਾਂਗ ਹੈ (ਤ੍ਰਿਹਾਏ ਹਰਨ ਦੇ ਪਾਣੀ ਪਿੱਛੇ ਦੌੜਨ ਵਾਂਗ ਮਨੁੱਖ ਮਾਇਆ ਪਿੱਛੇ ਦੌੜ ਦੌੜ ਕੇ ਆਤਮਕ ਮੌਤੇ ਮਰ ਜਾਂਦਾ ਹੈ। ਹੇ ਨਾਨਕ! ਆਖ-(ਹੇ ਭਾਈ!) ਸਦਾ ਪਰਮਾਤਮਾ ਦੇ ਨਾਮ ਦਾ ਭਜਨ ਕਰਿਆ ਕਰ ਜਿਸ ਦੀ ਬਰਕਤਿ ਨਾਲ (ਸੰਸਾਰ ਦੇ ਮੋਹ ਤੋਂ) ਪਾਰ-ਉਤਾਰਾ ਹੁੰਦਾ ਹੈ।੨।੨।

## ਸ਼ਬਦ ਨੰਬਰ ੧੩ : ਰਾਗੁ ਦੇਵਗੰਧਾਰੀ : ਅੰਗ ੫੩੬

**ਜਗਤ ਮਹਿ ਝੂਠੀ ਦੇਖਿ ਪ੍ਰੀਤਿ ॥**
**ਅਪਨੇ ਹੀ ਸੁਖ ਸਿਉ ਸਭ ਲਾਗੇ ਕਿਆ ਦਾਰਾ ਕਿਆ ਮੀਤ ॥ ੧ ॥ ਰਹਾਉ ॥**

**ਅਰਥ :-** ਹੇ ਭਾਈ ! ਦੁਨੀਆਂ (ਸਨਬੰਧੀਆਂ ਦਾ) ਪਿਆਰ ਮੈਂ ਝੂਠਾ ਹੀ ਵੇਖਿਆ ਹੈ । ਚਾਹੇ ਇਸਤ੍ਰੀ ਹੈ ਚਾਹੇ ਮਿੱਤਰ ਹਨ - ਸਾਰੇ ਆਪੋ ਆਪਣੇ ਸੁਖ ਦੀ ਖ਼ਾਤਰ ਹੀ ( ਮਨੁੱਖ ਦੇ ) ਨਾਲ ਤੁਰੇ ਫਿਰਦੇ ਹਨ । ੧ । ਰਹਾਉ ।

**ਮੇਰਉ ਮੇਰਉ ਸਭੈ ਕਹਤ ਹੈ ਹਿਤ ਸਿਉ ਬਾਧਿਓ ਚੀਤ ॥**
**ਅੰਤਿ ਕਾਲਿ ਸੰਗੀ ਨਹ ਕੋਊ ਇਹ ਅਚਰਜ ਹੈ ਰੀਤਿ ॥ ੧ ॥**

**ਅਰਥ :-** ਹੇ ਭਾਈ! ਸਭਨਾਂ ਦਾ) ਚਿੱਤ ਮੋਹ ਨਾਲ ਬੱਝਾ ਹੁੰਦਾ ਹੈ (ਉਸ ਮੋਹ ਦੇ ਕਾਰਨ) ਹਰ ਕੋਈ ਇਹੀ ਆਖਦਾ ਹੈ 'ਇਹ ਮੇਰਾ ਹੈ, ਇਹ ਮੇਰਾ ਹੈ'। ਪਰ ਅਖ਼ੀਰਲੇ ਵੇਲੇ ਕੋਈ ਭੀ ਸਾਥੀ ਨਹੀਂ ਬਣਦਾ। (ਜਗਤ ਦੀ) ਇਹ ਅਚਰਜ ਮਰਯਾਦਾ ਚਲੀ ਆ ਰਹੀ ਹੈ।੧।

**ਮਨ ਮੂਰਖ ਅਜਹੂ ਨਹ ਸਮਝਤ ਸਿਖ ਦੈ ਹਾਰਿਓ ਨੀਤ ॥**
**ਨਾਨਕ ਭਉਜਲੁ ਪਾਰਿ ਪਰੈ ਜਉ ਗਾਵੈ ਪ੍ਰਭ ਕੇ ਗੀਤ ॥੨॥੩॥੬॥੩੮॥੪੭॥**

**ਅਰਥ :-** ਹੇ ਮੂਰਖ ਮਨ! ਤੈਨੂੰ ਮੈਂ ਸਦਾ ਸਿੱਖਿਆ ਦੇ ਦੇ ਕੇ ਥੱਕ ਗਿਆ ਹਾਂ, ਤੂੰ ਅਜੇ ਭੀ ਅਕਲ ਨਹੀਂ ਕਰਦਾ। ਹੇ ਨਾਨਕ! ਆਖ- ਹੇ ਭਾਈ!) ਜਦੋਂ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ, ਤਦੋਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।੨।੩।੬।੩੮।੪੭।

**ਅੰਗ ੫੩੭**

**੧ਓ ਸਤਿਗੁਰ ਪ੍ਰਸਾਦਿ ।।**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਬਿਹਾਗੜਾ ਮਹਲਾ ੯ ।।**

**ਸ਼ਬਦ ਨੰਬਰ ੧੪ : ਰਾਗ ਬਿਹਾਗੜਾ : ਅੰਗ ੫੩੭**

**ਹਰਿ ਕੀ ਗਤਿ ਨਹਿ ਕੋਊ ਜਾਨੈ ।।**
**ਜੋਗੀ ਜਤੀ ਤਪੀ ਪਚਿ ਹਾਰੇ ਅਰੁ ਬਹੁ ਲੋਗ ਸਿਆਨੇ ।। ੧ ।। ਰਹਾਉ ।।**

**ਅਰਥ** :- ਹੇ ਭਾਈ ! ਅਨੇਕਾਂ ਜੋਗੀ, ਅਨੇਕਾਂ ਤਪੀ, ਅਤੇ ਹੋਰ ਬਥੇਰੇ ਸਿਆਣੇ ਮਨੁੱਖ ਖਪ ਖਪ ਕੇ ਹਾਰ ਗਏ ਹਨ, ਪਰ ਕੋਈ ਭੀ ਮਨੁੱਖ ਇਹ ਨਹੀਂ ਜਾਣ ਸਕਦਾ ਕਿ ਪਰਮਾਤਮਾ ਕਿਹੋ ਜਿਹਾ ਹੈ । ੧ । ਰਹਾਉ ।

**ਛਿਨ ਮਹਿ ਰਾਉ ਰੰਕ ਕਉ ਕਰਈ ਰਾਉ ਰੰਕ ਕਰਿ ਡਾਰੇ ।।**
**ਰੀਤੇ ਭਰੇ ਭਰੇ ਸਖਨਾਵੈ ਯਹ ਤਾ ਕੋ ਬਿਵਹਾਰੇ ।। ੧ ।।**

**ਅਰਥ** :- ਹੇ ਭਾਈ ! ਉਹ ਪਰਮਾਤਮਾ ਇਕ ਛਿਨ ਵਿਚ ਕੰਗਾਲ ਨੂੰ ਰਾਜਾ ਬਣਾ ਦੇਂਦਾ ਹੈ, ਤੇ ਰਾਜੇ ਨੂੰ ਕੰਗਾਲ ਕਰ ਦੇਂਦਾ ਹੈ, ਖ਼ਾਲੀ ਭਾਂਡਿਆਂ ਨੂੰ ਭਰ ਦੇਂਦਾ ਹੈ ਤੇ ਭਰਿਆਂ ਨੂੰ ਖ਼ਾਲੀ ਕਰ ਦੇਂਦਾ ਹੈ (ਗ਼ਰੀਬਾਂ ਨੂੰ ਅਮੀਰ ਤੇ ਅਮੀਰਾਂ ਨੂੰ ਗਰੀਬ ਬਣਾ ਦੇਂਦਾ ਹੈ)-ਇਹ ਉਸ ਦਾ ਨਿਤ ਦਾ ਕੰਮ ਹੈ । ੧ ।

**ਅਪਨੀ ਮਾਇਆ ਆਪਿ ਪਸਾਰੀ ਆਪਹਿ ਦੇਖਨਹਾਰਾ ॥**
**ਨਾਨਾ ਰੂਪੁ ਧਰੇ ਬਹੁ ਰੰਗੀ ਸਭ ਤੇ ਰਹੈ ਨਿਆਰਾ ॥੨॥**

**ਅਰਥ** :- (ਹੇ ਭਾਈ ! ਇਸ ਦਿੱਸਦੇ ਜਗਤ-ਰੂਪ ਤਮਾਸ਼ੇ ਵਿਚ) ਪਰਮਾਤਮਾ ਨੇ ਆਪਣੀ ਮਾਇਆ ਆਪ ਖਿਲਾਰੀ ਹੋਈ ਹੈ, ਉਹ ਆਪ ਹੀ ਇਸ ਦੀ ਸੰਭਾਲ ਕਰ ਰਿਹਾ ਹੈ । ਉਹ ਅਨੇਕਾਂ ਰੰਗਾਂ ਦਾ ਮਾਲਕ ਪ੍ਰਭੂ ਕਈ ਤਰ੍ਹਾਂ ਦੇ ਰੂਪ ਧਾਰ ਲੈਂਦਾ ਹੈ, ਤੇ ਸਾਰਿਆਂ ਰੂਪਾਂ ਤੋਂ ਵੱਖਰਾ ਭੀ ਰਹਿੰਦਾ ਹੈ । ੨ ।

**ਅਗਨਤ ਅਪਾਰੁ ਅਲਖ ਨਿਰੰਜਨ ਜਿਹ ਸਭ ਜਗੁ ਭਰਮਾਇਓ ॥**
**ਸਗਲ ਭਰਮ ਤਜਿ ਨਾਨਕ ਪ੍ਰਾਣੀ ਚਰਨਿ ਤਾਹਿ ਚਿਤੁ ਲਾਇਓ ॥੩॥੧॥੨॥**

**ਅਰਥ** :- ਹੇ ਭਾਈ ! ਉਸ ਪਰਮਾਤਮਾ ਦੇ ਗੁਣ ਗਿਣੇ ਨਹੀਂ ਜਾ ਸਕਦੇ, ਉਹ ਬੇਅੰਤ ਹੈ, ਉਹ ਅਦ੍ਰਿਸ਼ਟ ਹੈ, ਉਹ ਨਿਰਲੇਪ ਹੈ, ਉਸ ਪਰਮਾਤਮਾ ਨੇ ਹੀ ਸਾਰੇ ਜਗਤ ਨੂੰ (ਮਾਇਆ ਦੀ) ਭਟਕਣਾ ਵਿਚ ਪਾਇਆ ਹੋਇਆ ਹੈ । ਹੇ ਨਾਨਕ ! (ਆਖ-) ਜਿਸ ਮਨੁੱਖ ਨੇ ਉਸ ਦੇ ਚਰਨਾਂ ਵਿਚ ਮਨ ਜੋੜਿਆ ਹੈ, ਇਹ ਮਾਇਆ ਦੀਆਂ ਸਾਰੀਆਂ ਭਟਕਣਾਂ ਤਿਆਗ ਕੇ ਹੀ ਜੋੜਿਆ ਹੈ । ੩ । ੧ । ੨ ।

ਅੰਗ ੬੩੧

**ੴ ਸਤਿਗੁਰ ਪ੍ਰਸਾਦਿ ।।**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਸੋਰਠਿ ਮਹਲਾ ੯ ।।**

**ਸ਼ਬਦ ਨੰਬਰ ੧੫ : ਰਾਗ ਸੋਰਠਿ: ਅੰਗ ੬੩੧**

**ਰੇ ਮਨ ਰਾਮ ਸਿਉ ਕਰਿ ਪ੍ਰੀਤਿ ॥**
**ਸ੍ਰਵਨ ਗੋਬਿੰਦ ਗੁਨੁ ਸੁਨਉ ਅਰੁ ਗਾਉ ਰਸਨਾ ਗੀਤਿ ॥੧॥ ਰਹਾਉ ॥**

**ਅਰਥ** :- ਹੇ (ਮੇਰੇ) ਮਨ ! ਪਰਮਾਤਮਾ ਨਾਲ ਪਿਆਰ ਬਣਾ (ਹੇ ਭਾਈ !) ਕੰਨਾਂ ਨਾਲ ਪਰਮਾਤਮਾ ਦੀ ਉਸਤਿਤ ਸੁਣਿਆ ਕਰ,ਅਤੇ,ਜੀਭ ਨਾਲ ਪਰਮਾਤਮਾ (ਦੀ ਸਿਫ਼ਤਿ ਸਾਲਾਹ) ਦੇ ਗੀਤ ਗਾਇਆ ਕਰ । ੧ । ਰਹਾਉ ।

**ਕਰਿ ਸਾਧਸੰਗਤਿ ਸਿਮਰੁ ਮਾਧੋ ਹੋਹਿ ਪਤਿਤ ਪੁਨੀਤ ॥**
**ਕਾਲੁ ਬਿਆਲੁ ਜਿਉ ਪਰਿਓ ਡੋਲੈ ਮੁਖੁ ਪਸਾਰੇ ਮੀਤ ॥੧॥**

**ਅਰਥ** :- ਹੇ ਭਾਈ! ਗੁਰਮੁਖਾਂ ਦੀ ਸੰਗਤਿ ਕਰਿਆ ਕਰ, ਪਰਮਾਤਮਾ ਦਾ ਸਿਮਰਨ ਕਰਦਾ ਰਹੁ। (ਸਿਮਰਨ ਦੀ ਬਰਕਤਿ ਨਾਲ) ਵਿਕਾਰੀ ਭੀ ਪਵਿਤ੍ਰ ਬਣ ਜਾਂਦੇ ਹਨ। ਹੇ ਮਿੱਤਰ! ਇਸ ਕੰਮ ਵਿਚ ਆਲਸ ਨਾਹ ਕਰ, ਵੇਖ) ਮੌਤ ਸੱਪ ਵਾਂਗ ਮੂੰਹ ਖੋਲ੍ਹ ਕੇ ਪਈ ਫਿਰਦੀ ਹੈ।੧।

**ਆਜੁ ਕਾਲਿ ਫੁਨਿ ਤੋਹਿ ਗ੍ਰਸਿ ਹੈ ਸਮਝਿ ਰਾਖਉ ਚੀਤਿ ॥**
**ਕਹੈ ਨਾਨਕੁ ਰਾਮੁ ਭਜਿ ਲੈ ਜਾਤੁ ਅਉਸਰੁ ਬੀਤ ॥੨॥੧॥**

**ਅਰਥ** :- ਹੇ ਭਾਈ! ਆਪਣੇ ਚਿੱਤ ਵਿਚ ਸਮਝ ਰੱਖ ਕਿ (ਇਹ ਮੌਤ) ਤੈਨੂੰ ਭੀ ਛੇਤੀ ਹੀ ਹੜੱਪ ਕਰ ਲਏਗੀ। ਨਾਨਕ (ਤੈਨੂੰ) ਆਖਦਾ ਹੈ-(ਹੁਣ ਅਜੇ ਵੇਲਾ ਹੈ) ਪਰਮਾਤਮਾ ਦਾ ਭਜਨ ਕਰ ਲੈ, ਇਹ ਵੇਲਾ ਲੰਘਦਾ ਜਾ ਰਿਹਾ ਹੈ।੨।੧।

### ਸ਼ਬਦ ਨੰਬਰ ੧੬ : ਰਾਗ ਸੋਰਠਿ: ਅੰਗ ੬੩੧

**ਮਨ ਕੀ ਮਨ ਹੀ ਮਾਹਿ ਰਹੀ ।।**
**ਨਾ ਹਰਿ ਭਜੇ ਨ ਤੀਰਥ ਸੇਵੇ ਚੋਟੀ ਕਾਲਿ ਗਹੀ ।।੧।। ਰਹਾਉ ।।**

ਅਰਥ :- (ਹੇ ਭਾਈ! ਵੇਖੋ, ਮਾਇਆ ਧਾਰੀ ਦੀ ਮੰਦ-ਭਾਗਤਾ! ਉਸ ਦੇ) ਮਨ ਦੀ ਆਸ ਮਨ ਵਿਚ ਹੀ ਰਹਿ ਗਈ। ਨਾਹ ਉਸ ਨੇ ਪਰਮਾਤਮਾ ਦਾ ਭਜਨ ਕੀਤਾ, ਨਾਹ ਹੀ ਉਸ ਨੇ ਸੰਤ ਜਨਾਂ ਦੀ ਸੇਵਾ ਕੀਤੀ, ਤੇ, ਮੌਤ ਨੇ ਬੋਦੀ ਆ ਫੜੀ।੧।ਰਹਾਉ।

**ਦਾਰਾ ਮੀਤ ਪੂਤ ਰਥ ਸੰਪਤਿ ਧਨ ਪੂਰਨ ਸਭ ਮਹੀ ॥**
**ਅਵਰ ਸਗਲ ਮਿਥਿਆ ਏ ਜਾਨਉ ਭਜਨੁ ਰਾਮੁ ਕੋ ਸਹੀ ॥੧॥**

ਅਰਥ :- ਹੇ ਭਾਈ! ਇਸਤ੍ਰੀ, ਮਿੱਤਰ, ਪੁੱਤਰ, ਗੱਡੀਆਂ, ਮਾਲ-ਅਸਬਾਬ, ਧਨ-ਪਦਾਰਥ ਸਾਰੀ ਹੀ ਧਰਤੀ-ਇਹ ਸਭ ਕੁਝ ਨਾਸਵੰਤ ਸਮਝੋ। ਪਰਮਾਤਮਾ ਦਾ ਭਜਨ (ਹੀ) ਅਸਲ (ਸਾਥੀ) ਹੈ।੧।

**ਫਿਰਤ ਫਿਰਤ ਬਹੁਤੇ ਜੁਗ ਹਾਰਿਓ ਮਾਨਸ ਦੇਹ ਲਹੀ ॥**
**ਨਾਨਕ ਕਹਤ ਮਿਲਨ ਕੀ ਬਰੀਆ ਸਿਮਰਤ ਕਹਾ ਨਹੀ ॥੨॥੨॥**

**ਅਰਥ :-** ਹੇ ਭਾਈ! ਕਈ ਜੁਗ (ਜੂਨਾਂ ਵਿਚ) ਭਟਕ ਭਟਕ ਕੇ ਤੂੰ ਥੱਕ ਗਿਆ ਸੀ। (ਹੁਣ) ਤੈਨੂੰ ਮਨੁੱਖਾ ਸਰੀਰ ਲੱਭਾ ਹੈ। ਨਾਨਕ ਆਖਦਾ ਹੈ-(ਹੇ ਭਾਈ! ਪਰਮਾਤਮਾ ਨੂੰ) ਮਿਲਣ ਦੀ ਇਹੀ ਵਾਰੀ ਹੈ, ਹੁਣ ਤੂੰ ਸਿਮਰਨ ਕਿਉਂ ਨਹੀਂ ਕਰਦਾ?।੨।੨।

## ਸ਼ਬਦ ਨੰਬਰ ੧੭ : ਰਾਗ ਸੋਰਠਿ: ਅੰਗ ੬੩੧

### ਮਨ ਰੇ ਕਉਨੁ ਕੁਮਤਿ ਤੈ ਲੀਨੀ ॥
### ਪਰ ਦਾਰਾ ਨਿੰਦਿਆ ਰਸ ਰਚਿਓ ਰਾਮ ਭਗਤਿ ਨਹਿ ਕੀਨੀ ॥੧॥ ਰਹਾਉ ॥

**ਅਰਥ** :- ਹੇ ਮਨ ! ਤੂੰ ਕੇਹੜੀ ਭੈੜੀ ਸਿੱਖਿਆ ਲੈ ਲਈ ਹੈ ? ਤੂੰ ਪਰਾਈ ਇਸਤ੍ਰੀ, ਪਰਾਈ ਨਿੰਦਿਆ ਦੇ ਰਸ ਵਿਚ ਮਸਤ ਰਹਿੰਦਾ ਹੈ। ਪਰਮਾਤਮਾ ਦੀ ਭਗਤੀ ਤੂੰ (ਕਦੇ) ਨਹੀਂ ਕੀਤੀ ।੧। ਰਹਾਉ ।

### ਮੁਕਤਿ ਪੰਥੁ ਜਾਨਿਓ ਤੈ ਨਾਹਨਿ ਧਨ ਜੋਰਨ ਕਉ ਧਾਇਆ ॥
### ਅੰਤਿ ਸੰਗ ਕਾਹੂ ਨਹੀ ਦੀਨਾ ਬਿਰਥਾ ਆਪੁ ਬੰਧਾਇਆ ॥੧॥

**ਅਰਥ** :- ਹੇ ਭਾਈ! ਤੂੰ ਵਿਕਾਰਾਂ ਤੋਂ ਖ਼ਲਾਸੀ ਪਾਣ ਦਾ ਰਸਤਾ (ਅਜੇ ਤਕ) ਨਹੀਂ ਸਮਝਿਆ, ਧਨ ਇਕੱਠਾ ਕਰਨ ਲਈ ਤੂੰ ਸਦਾ ਦੌੜ-ਭਜ ਕਰ ਰਿਹਾ ਹੈਂ। (ਦੁਨੀਆ ਦੇ ਪਦਾਰਥਾਂ ਵਿਚੋਂ) ਕਿਸੇ ਨੇ ਭੀ ਆਖ਼ਰ ਕਿਸੇ ਦਾ ਸਾਥ ਨਹੀਂ ਦਿੱਤਾ। ਤੂੰ ਵਿਅਰਥ ਹੀ ਆਪਣੇ ਆਪ ਨੂੰ (ਮਾਇਆ ਦੇ ਮੋਹ ਵਿਚ) ਜਕੜ ਰੱਖਿਆ ਹੈ।੧।

### ਨਾ ਹਰਿ ਭਜਿਓ ਨ ਗੁਰ ਜਨੁ ਸੇਵਿਓ ਨਹ ਉਪਜਿਓ ਕਛੁ ਗਿਆਨਾ ॥
### ਘਟ ਹੀ ਮਾਹਿ ਨਿਰੰਜਨੁ ਤੇਰੈ ਤੈ ਖੋਜਤ ਉਦਿਆਨਾ ॥੨॥

**ਅਰਥ** :- ਹੇ ਭਾਈ! ਅਜੇ ਤਕ) ਨਾਹ ਤੂੰ ਪਰਮਾਤਮਾ ਦੀ ਭਗਤੀ ਕੀਤੀ ਹੈ, ਨਾਹ ਗੁਰੂ ਦੀ ਸ਼ਰਨ ਪਿਆ ਹੈਂ, ਨਾਹ ਹੀ ਤੇਰੇ ਅੰਦਰ ਆਤਮਕ ਜੀਵਨ ਦੀ ਸੋਝੀ ਪਈ ਹੈ। ਮਾਇਆ ਤੋਂ ਨਿਰਲੇਪ ਪ੍ਰਭੂ ਤੇਰੇ ਹਿਰਦੇ ਵਿਚ ਵੱਸ ਰਿਹਾ ਹੈ, ਪਰ ਤੂੰ (ਬਾਹਰ) ਜੰਗਲਾਂ ਵਿਚ ਉਸ ਨੂੰ ਭਾਲ ਰਿਹਾ ਹੈਂ।੨।

### ਬਹੁਤੁ ਜਨਮ ਭਰਮਤ ਤੈ ਹਾਰਿਓ ਅਸਥਿਰ ਮਤਿ ਨਹੀ ਪਾਈ ॥
### ਮਾਨਸ ਦੇਹ ਪਾਇ ਪਦ ਹਰਿ ਭਜੁ ਨਾਨਕ ਬਾਤ ਬਤਾਈ ॥੩॥੩॥

**ਅਰਥ** :- ਹੇ ਭਾਈ! ਅਨੇਕਾਂ ਜਨਮਾਂ ਵਿਚ ਭਟਕ ਭਟਕ ਕੇ ਤੂੰ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਲਈ ਹੈ, ਤੂੰ ਅਜੇਹੀ ਅਕਲ ਨਹੀਂ ਸਿੱਖੀ ਜਿਸ ਦੀ ਬਰਕਤਿ ਨਾਲ (ਜਨਮਾਂ ਦੇ ਗੇੜ ਵਿਚੋਂ) ਤੈਨੂੰ ਅਡੋਲਤਾ ਹਾਸਲ ਹੋ ਸਕੇ। ਹੇ ਨਾਨਕ! ਆਖ-ਹੇ ਭਾਈ! ਗੁਰੂ ਨੇ ਤਾਂ ਇਹ) ਗੱਲ ਸਮਝਾਈ ਹੈ ਕਿ ਮਨੁੱਖਾ ਜਨਮ ਦਾ (ਉੱਚਾ) ਦਰਜਾ ਹਾਸਲ ਕਰ ਕੇ ਪਰਮਾਤਮਾ ਦਾ ਭਜਨ ਕਰ।੩।੩।

## ਸ਼ਬਦ ਨੰਬਰ ੧੮ : ਰਾਗ ਸੋਰਠਿ: ਅੰਗ ੬੩੨

**ਮਨ ਰੇ ਪ੍ਰਭ ਕੀ ਸਰਨਿ ਬਿਚਾਰੋ ॥**
**ਜਿਹ ਸਿਮਰਤ ਗਨਕਾ ਸੀ ਉਧਰੀ ਤਾ ਕੋ ਜਸੁ ਉਰ ਧਾਰੋ ॥੧॥ ਰਹਾਉ ॥**

**ਅਰਥ** :- ਹੇ ਮਨ ! ਪਰਮਾਤਮਾ ਦੀ ਸਰਨ ਪੈ ਕੇ ਉਸ ਦੇ ਨਾਮ ਦਾ ਧਿਆਨ ਧਰਿਆ ਕਰ। ਜਿਸ ਪਰਮਾਤਮਾ ਦਾ ਸਿਮਰਨ ਕਰਦਿਆਂ ਗਨਕਾ (ਵਿਕਾਰਾਂ ਵਿਚ ਡੁੱਬਣੋ) ਬਚ ਗਈ ਸੀ ਤੂੰ ਭੀ,(ਹੇ ਭਾਈ !) ਉਸ ਦੀ ਸਿਫ਼ਤਿ ਸਾਲਾਹ ਆਪਣੇ ਹਿਰਦੇ ਵਿਚ ਵਸਾਈ ਰੱਖ। ੧। ਰਹਾਉ।

**ਅਟਲ ਭਇਓ ਧ੍ਰੂਅ ਜਾ ਕੈ ਸਿਮਰਨਿ ਅਰੁ ਨਿਰਭੈ ਪਦੁ ਪਾਇਆ ॥**
**ਦੁਖ ਹਰਤਾ ਇਹ ਬਿਧਿ ਕੋ ਸੁਆਮੀ ਤੈ ਕਾਹੇ ਬਿਸਰਾਇਆ ॥੧॥**

**ਅਰਥ** :- ਹੇ ਭਾਈ ! ਜਿਸ ਪਰਮਾਤਮਾ ਦੇ ਸਿਮਰਨ ਦੀ ਰਾਹੀ ਤੂੰ ਸਦਾ ਲਈ ਅਟੱਲ ਹੋ ਗਿਆ ਹੈ ਤੇ ਉਸ ਨੇ ਨਿਰਭੈਤਾ ਦਾ ਆਤਮਕ ਦਰਜਾ ਹਾਸਲ ਕਰ ਲਿਆ ਸੀ, ਤੂੰ ਉਸ ਪਰਮਾਤਮਾ ਨੂੰ ਕਿਉਂ ਭੁਲਾਇਆ ਹੋਇਆ ਹੈ, ਉਹ ਤਾਂ ਇਸ ਤਰ੍ਹਾਂ ਦਾ ਦੁੱਖਾਂ ਦਾ ਨਾਸ ਕਰਨ ਵਾਲਾ ਹੈ।੧।

**ਜਬ ਹੀ ਸਰਨਿ ਗਹੀ ਕਿਰਪਾ ਨਿਧਿ ਗਜ ਗਰਾਹ ਤੇ ਛੂਟਾ ॥**
**ਮਹਮਾ ਨਾਮ ਕਹਾ ਲਉ ਬਰਨਉ ਰਾਮ ਕਹਤ ਬੰਧਨ ਤਿਹ ਤੂਟਾ ॥੨॥**

**ਅਰਥ** :- ਹੇ ਭਾਈ! ਜਿਸ ਵੇਲੇ ਹੀ (ਗਜ ਨੇ) ਕਿਰਪਾ ਦੇ ਸਮੁੰਦਰ ਪਰਮਾਤਮਾ ਦਾ ਆਸਰਾ ਲਿਆ ਉਹ ਗਜ (ਹਾਥੀ) ਤੰਦੂਏ ਦੀ ਫਾਹੀ ਤੋਂ ਨਿਕਲ ਗਿਆ ਸੀ। ਮੈਂ ਕਿਥੋਂ ਤਕ ਪਰਮਾਤਮਾ ਦੇ ਨਾਮ ਦੀ ਵਡਿਆਈ ਦੱਸਾਂ? ਪਰਮਾਤਮਾ ਦਾ ਨਾਮ ਉਚਾਰ ਕੇ ਉਸ (ਹਾਥੀ) ਦੇ ਬੰਧਨ ਟੁੱਟ ਗਏ ਸਨ।੨।

**ਅਜਾਮਲੁ ਪਾਪੀ ਜਗੁ ਜਾਨੇ ਨਿਮਖ ਮਾਹਿ ਨਿਸਤਾਰਾ ॥**
**ਨਾਨਕ ਕਹਤ ਚੇਤ ਚਿੰਤਾਮਨਿ ਤੈ ਭੀ ਉਤਰਹਿ ਪਾਰਾ ॥੩॥੪॥**

**ਅਰਥ** :- ਭਾਈ ! ਸਾਰਾ ਜਗਤ ਜਾਣਦਾ ਹੈ ਕਿ ਅਜਾਮਲ ਵਿਕਾਰੀ ਸੀ (ਪਰਮਾਤਮਾ ਦੇ ਨਾਮ ਦਾ ਸਿਮਰਨ ਕਰਕੇ) ਅੱਖ ਦੇ ਝਮਕਣ ਜਿਤਨੇ ਸਮੇਂ ਵਿਚ ਹੀ ਉਸ ਦਾ ਪਾਰ-ਉਤਾਰਾ ਹੋ ਗਿਆ ਸੀ। ਨਾਨਕ ਆਖਦਾ ਹੈ-(ਹੇ ਭਾਈ! ਤੂੰ) ਸਾਰੀਆਂ ਚਿਤਵਨੀਆਂ ਪੂਰੀਆਂ ਕਰਨ ਵਾਲੇ ਪਰਮਾਤਮਾ ਦਾ ਨਾਮ ਸਿਮਰਿਆ ਕਰ। ਤੂੰ ਭੀ (ਸੰਸਾਰ ਸਮੁੰਦਰ ਤੋਂ) ਪਾਰ ਲੰਘ ਜਾਏਗਾ।੩।੪।

## ਸ਼ਬਦ ਨੰਬਰ ੧੯ : ਰਾਗ ਸੋਰਠਿ: ਅੰਗ ੬੩੨

**ਪ੍ਰਾਨੀ ਕਉਨੁ ਉਪਾਉ ਕਰੈ ।।**
**ਜਾ ਤੇ ਭਗਤਿ ਰਾਮ ਕੀ ਪਾਵੈ ਜਮ ਕੋ ਤ੍ਰਾਸੁ ਹਰੈ ।।੧।। ਰਹਾਉ ।।**

**ਅਰਥ** :- (ਹੇ ਭਾਈ ! ਦੱਸ,) ਮਨੁੱਖ ਉਹ ਕੇਹੜਾ ਹੀਲਾ ਕਰੇ ਜਿਸ ਨਾਲ ਪਰਮਾਤਮਾ ਦੀ ਭਗਤੀ ਪ੍ਰਾਪਤ ਕਰ ਸਕੇ ; ਅਤੇ ਜਮ ਦਾ ਡਰ ਦੂਰ ਕਰ ਸਕੇ ।੧। ਰਹਾਉ ।

**ਕਉਨੁ ਕਰਮ ਬਿਦਿਆ ਕਹੁ ਕੈਸੀ ਧਰਮੁ ਕਉਨੁ ਫੁਨਿ ਕਰਈ ॥**
**ਕਉਨੁ ਨਾਮੁ ਗੁਰ ਜਾ ਕੈ ਸਿਮਰੈ ਭਵ ਸਾਗਰ ਕਉ ਤਰਈ ॥੧॥**

**ਅਰਥ** :- (ਹੇ ਭਾਈ !) ਦੱਸ, ਉਹ ਕੇਹੜੇ (ਧਾਰਮਿਕ) ਕਰਮ ਹਨ, ਉਹ ਕਿਹੋ ਜਿਹੀ ਵਿੱਦਿਆ ਹੈ, ਉਹ ਕਿਹੜਾ ਧਰਮ ਹੈ (ਜੇਹੜਾ ਮਨੁੱਖ) ਕਰੇ ; ਉਹ ਕੇਹੜਾ ਗੁਰੂ ਦਾ (ਦੱਸਿਆ) ਨਾਮ ਹੈ ਜਿਸ ਦਾ ਸਿਮਰਨ ਕਰਨ ਨਾਲ ਮਨੁੱਖ ਸੰਸਾਰ ਸਮੁੰਦਰ ਤੋਂ ਪਾਰ ਲੰਘ ਸਕਦਾ ਹੈ ।੧।

**ਕਲ ਮੈ ਏਕੁ ਨਾਮੁ ਕਿਰਪਾ ਨਿਧਿ ਜਾਹਿ ਜਪੈ ਗਤਿ ਪਾਵੈ ॥**
**ਅਉਰ ਧਰਮ ਤਾ ਕੈ ਸਮ ਨਾਹਨਿ ਇਹ ਬਿਧਿ ਬੇਦੁ ਬਤਾਵੈ ॥੨॥**

**ਅਰਥ** :- (ਹੇ ਭਾਈ !) ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਦਾ ਨਾਮ ਹੀ ਜਗਤ ਵਿਚ ਹੈ ਜਿਸ ਨੂੰ (ਜੇਹੜਾ ਮਨੁੱਖ) ਜਪਦਾ ਹੈ (ਉਹ) ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ । ਹੋਰ ਕਿਸੇ ਤਰ੍ਹਾਂ ਦੇ ਭੀ ਕੋਈ ਕਰਮ ਉਸ(ਨਾਮ)ਦੇ ਬਰਾਬਰ ਨਹੀਂ ਹਨ-ਬੇਦ(ਭੀ)ਇਹ ਜੁਗਤਿ ਦੱਸਦਾ ਹੈ ।੨।

**ਸੁਖੁ ਦੁਖੁ ਰਹਤ ਸਦਾ ਨਿਰਲੇਪੀ ਜਾ ਕਉ ਕਹਤ ਗੁਸਾਈ ॥**
**ਸੋ ਤੁਮ ਹੀ ਮਹਿ ਬਸੈ ਨਿਰੰਤਰਿ ਨਾਨਕ ਦਰਪਨਿ ਨਿਆਈ ॥੩॥੫॥**

**ਅਰਥ** :- ਹੇ ਨਾਨਕ ! (ਆਖ-ਹੇ ਭਾਈ !) ਜਿਸ ਨੂੰ (ਜਗਤ) ਧਰਤੀ ਦਾ ਖਸਮ ਆਖਦਾ ਹੈ ਉਹ ਸੁਖਾਂ ਦੁੱਖਾਂ ਤੋਂ ਵੱਖਰਾ ਰਹਿੰਦਾ ਹੈ, ਉਹ ਸਦਾ (ਮਾਇਆ ਤੋਂ) ਨਿਰਲੇਪ ਰਹਿੰਦਾ ਹੈ । ਉਹ ਤੇਰੇ ਅੰਦਰ ਭੀ ਇਕ-ਰਸ ਵੱਸ ਰਿਹਾ ਹੈ, ਜਿਵੇਂ ਸ਼ੀਸ਼ੇ (ਵਿਚ ਅਕਸ ਵੱਸਦਾ ਹੈ । ਉਸ ਦਾ ਸਦਾ ਸਿਮਰਨ ਕਰਨਾ ਚਾਹੀਦਾ ਹੈ ) ।੩।੫।

### ਸ਼ਬਦ ਨੰਬਰ ੨੦ : ਰਾਗ ਸੋਰਠਿ : ਅੰਗ ੬੩੨

**ਮਾਈ ਮੈ ਕਿਹਿ ਬਿਧਿ ਲਖਉ ਗੁਸਾਈ ॥**
**ਮਹਾ ਮੋਹ ਅਗਿਆਨਿ ਤਿਮਰਿ ਮੋ ਮਨੁ ਰਹਿਓ ਉਰਝਾਈ ॥੧॥ ਰਹਾਉ ॥**
**ਸਗਲ ਜਨਮ ਭਰਮ ਹੀ ਭਰਮ ਖੋਇਓ ਨਹ ਅਸਥਿਰੁ ਮਤਿ ਪਾਈ ॥**
**ਬਿਖਿਆਸਕਤ ਰਹਿਓ ਨਿਸ ਬਾਸੁਰ ਨਹ ਛੂਟੀ ਅਧਮਾਈ ॥੧॥**

**ਅਰਥ :-** ਹੇ ਮਾਂ ! ਧਰਤੀ ਦੇ ਖਸਮ-ਪ੍ਰਭੂ ਨੂੰ ਮੈਂ ਕਿਸ ਤਰ੍ਹਾਂ ਪਛਾਣਾਂ ? ਮੇਰਾ ਮਨ (ਤਾਂ) ਵਡੇ ਮੋਹ ਦੀ ਅਗਿਆਨਤਾ ਵਿਚ, ਮੋਹ ਦੇ ਹਨੇਰੇ ਵਿਚ (ਸਦਾ) ਫਸਿਆ (ਅਜੇ ਤਕ ਅਜੇਹੀ) ਮਤਿ ਨਹੀਂ ਹਾਸਲ ਕੀਤੀ ( ਜੋ ਮੈਨੂੰ) ਅਡੋਲ ਰੱਖ ਸਕੇ। ਦਿਨ ਰਾਤ ਮੈਂ ਮਾਇਆ ਵਿਚ ਹੀ ਲੰਪਟ ਰਹਿੰਦਾ ਹਾਂ। ਮੇਰੀ ਇਹ ਨੀਚਤਾ ਮੁਕਣ ਵਿਚ ਨਹੀਂ ਆਉਂਦੀ।੧।

**ਸਾਧਸੰਗੁ ਕਬਹੂ ਨਹੀ ਕੀਨਾ ਨਹ ਕੀਰਤਿ ਪ੍ਰਭ ਗਾਈ ।।**
**ਜਨ ਨਾਨਕ ਮੈ ਨਾਹਿ ਕੋਊ ਗੁਨੁ ਰਾਖਿ ਲੇਹੁ ਸਰਨਾਈ ॥੨॥੬॥**

**ਅਰਥ :-** ਹੇ ਮਾਂ! ਮੈਂ ਕਦੇ ਗੁਰਮੁਖਾਂ ਦੀ ਸੰਗਤਿ ਨਹੀਂ ਕੀਤੀ, ਮੈਂ ਕਦੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਨਹੀਂ ਗਾਇਆ। ਹੇ ਦਾਸ ਨਾਨਕ! ਆਖ-ਹੇ ਪ੍ਰਭੂ!) ਮੇਰੇ ਅੰਦਰ ਕੋਈ ਗੁਣ ਨਹੀਂ ਹੈ। ਮੈਨੂੰ ਆਪਣੀ ਸ਼ਰਨ ਵਿਚ ਰੱਖ।੨।੬।

## ਸ਼ਬਦ ਨੰਬਰ ੨੧ : ਰਾਗ ਸੋਰਠਿ: ਅੰਗ ੬੩੨

**ਮਾਈ ਮਨੁ ਮੇਰੋ ਬਸਿ ਨਾਹਿ ।।**
**ਨਿਸ ਬਾਸੁਰ ਬਿਖਿਅਨ ਕਉ ਧਾਵਤ ਕਿਹਿ ਬਿਧਿ ਰੋਕਉ ਤਾਹਿ ॥੧॥ ਰਹਾਉ ॥**

**ਅਰਥ** :- ਹੇ ਮਾਂ ! ਮੇਰਾ ਮਨ ਮੇਰੇ ਕਾਬੂ ਵਿਚ ਨਹੀਂ । ਰਾਤ ਦਿਨ ਪਦਾਰਥਾਂ ਦੀ ਖ਼ਾਤਰ ਦੌੜਦਾ ਫਿਰਦਾ ਹੈ । ਮੈਂ ਇਸ ਨੂੰ ਕਿਸ ਤਰੀਕੇ ਨਾਲ ਰੋਕਾਂ ?।੧।ਰਹਾਉ।

**ਬੇਦ ਪੁਰਾਨ ਸਿਮ੍ਰਿਤਿ ਕੇ ਮਤ ਸੁਨਿ ਨਿਮਖ ਨ ਹੀਏ ਬਸਾਵੈ ॥**
**ਪਰ ਧਨ ਪਰ ਦਾਰਾ ਸਿਉ ਰਚਿਓ ਬਿਰਥਾ ਜਨਮੁ ਸਿਰਾਵੈ ॥੧॥**

**ਅਰਥ** :- ਇਹ ਜੀਵ ਵੇਦਾਂ ਪੁਰਾਣਾਂ ਸਿੰਮ੍ਰਿਤੀਆਂ ਦਾ ਉਪਦੇਸ਼ ਸੁਣ ਕੇ (ਭੀ) ਰਤਾ ਭਰ ਸਮੇ ਲਈ ਭੀ (ਉਸ ਉਪਦੇਸ਼ ਨੂੰ ਆਪਣੇ) ਹਿਰਦੇ ਵਿਚ ਨਹੀਂ ਵਸਾਂਦਾ। ਪਰਾਏ ਧਨ, ਪਰਾਈ ਇਸਤ੍ਰੀ ਦੇ ਮੋਹ ਵਿਚ ਮਸਤ ਰਹਿੰਦਾ ਹੈ, (ਇਸ ਤਰ੍ਹਾਂ ਆਪਣਾ) ਜਨਮ ਵਿਅਰਥ ਗੁਜ਼ਾਰਦਾ ਹੈ।੧।

**ਮਦਿ ਮਾਇਆ ਕੈ ਭਇਓ ਬਾਵਰੋ ਸੂਝਤ ਨਹ ਕਛੁ ਗਿਆਨਾ ।।**
**ਘਟ ਹੀ ਭੀਤਰਿ ਬਸਤ ਨਿਰੰਜਨੁ ਤਾ ਕੋ ਮਰਮੁ ਨ ਜਾਨਾ ।।੨।।**

**ਅਰਥ** :- ਜੀਵ ਮਾਇਆ ਦੇ ਨਸ਼ੇ ਵਿਚ ਝੱਲਾ ਹੋ ਰਿਹਾ ਹੈ, ਆਤਮਕ ਜੀਵਨ ਬਾਰੇ ਇਸ ਨੂੰ ਕੋਈ ਸੂਝ ਨਹੀਂ ਪੈਂਦੀ। ਮਾਇਆ ਤੋਂ ਨਿਰਲੇਪ ਪ੍ਰਭੂ ਇਸ ਦੇ ਹਿਰਦੇ ਵਿਚ ਹੀ ਵੱਸਦਾ ਹੈ, ਪਰ ਉਸ ਦਾ ਭੇਦ ਇਹ ਜੀਵ ਨਹੀਂ ਸਮਝਦਾ।੨।

**ਜਬ ਹੀ ਸਰਨਿ ਸਾਧ ਕੀ ਆਇਓ ਦੁਰਮਤਿ ਸਗਲ ਬਿਨਾਸੀ ।।**
**ਤਬ ਨਾਨਕ ਚੇਤਿਓ ਚਿੰਤਾਮਨਿ ਕਾਟੀ ਜਮ ਕੀ ਫਾਸੀ ।।੩।।੭।।**

**ਅਰਥ** :- ਜਦੋਂ ਜੀਵ ਗੁਰੂ ਦੀ ਸ਼ਰਨ ਪੈਂਦਾ ਹੈ, ਤਦੋਂ ਇਸ ਦੀ ਸਾਰੀ ਕੋਝੀ ਮਤਿ ਨਾਸ ਹੋ ਜਾਂਦੀ ਹੈ। ਤਦੋਂ, ਹੇ ਨਾਨਕ! ਇਹ ਸਾਰੀਆਂ ਮਨੋ-ਕਾਮਨਾ ਪੂਰੀਆਂ ਕਰਨ ਵਾਲੇ ਪਰਮਾਤਮਾ ਨੂੰ ਸਿਮਰਦਾ ਹੈ; ਤੇ, ਇਸ ਦੀ ਜਮ ਦੀ ਫਾਹੀ (ਭੀ) ਕੱਟੀ ਜਾਂਦੀ ਹੈ।੩।੭।

**ਅੰਗ ੬੩੩**

**ਸ਼ਬਦ ਨੰਬਰ ੨੨ : ਰਾਗ ਸੋਰਠਿ: ਅੰਗ ੬੩੩**

**ਰੇ ਨਰ ਇਹ ਸਾਚੀ ਜੀਅ ਧਾਰਿ ॥**
**ਸਗਲ ਜਗਤੁ ਹੈ ਜੈਸੇ ਸੁਪਨਾ ਬਿਨਸਤ ਲਗਤ ਨ ਬਾਰ ॥੧॥ ਰਹਾਉ ॥**

**ਅਰਥ :** ਹੇ ਮਨੁੱਖ! ਆਪਣੇ ਦਿਲ ਵਿਚ ਇਹ ਪੱਕੀ ਗੱਲ ਟਿਕਾ ਲੈ, (ਕਿ) ਸਾਰਾ ਸੰਸਾਰ ਸੁਪਨੇ ਵਰਗਾ ਹੈ, (ਇਸ ਦੇ) ਨਾਸ ਹੁੰਦਿਆਂ ਚਿਰ ਨਹੀਂ ਲੱਗਦਾ।੧।ਰਹਾਉ।

**ਬਾਰੂ ਭੀਤਿ ਬਨਾਈ ਰਚਿ ਪਚਿ ਰਹਤ ਨਹੀ ਦਿਨ ਚਾਰਿ ॥**
**ਤੈਸੇ ਹੀ ਇਹ ਸੁਖ ਮਾਇਆ ਕੇ ਉਰਝਿਓ ਕਹਾ ਗਵਾਰ ॥੧॥**

**ਅਰਥ** :- ਹੇ ਭਾਈ !(ਜਿਵੇਂ ਕਿਸੇ ਨੇ) ਰੇਤ ਦੀ ਕੰਧ ਉਸਾਰ ਕੇ ਪੋਚ ਕੇ ਤਿਆਰ ਕੀਤੀ ਹੋਵੇ; ਪਰ ਉਹ ਕੰਧ ਚਾਰ ਦਿਨ ਭੀ (ਟਿਕੀ) ਨਹੀਂ ਰਹਿੰਦੀ। ਇਸ ਮਾਇਆ ਦੇ ਸੁਖ ਭੀ ਉਸ(ਰੇਤ ਦੀ ਕੰਧ) ਵਰਗੇ ਹੀ ਹਨ। ਹੇ ਮੂਰਖ ! ਤੂੰ ਇਹਨਾਂ ਸੁਖਾਂ ਵਿਚ ਕਿਉਂ ਮਸਤ ਹੋ ਰਿਹਾ ਹੈ ?।੧।

**ਅਜਹੂ ਸਮਝਿ ਕਛੁ ਬਿਗਰਿਓ ਨਾਹਿਨਿ ਭਜਿ ਲੇ ਨਾਮੁ ਮੁਰਾਰਿ ॥**
**ਕਹੁ ਨਾਨਕ ਨਿਜ ਮਤੁ ਸਾਧਨ ਕਉ ਭਾਖਿਓ ਤੋਹਿ ਪੁਕਾਰਿ ॥੨॥੮॥**

ਅਰਥ :- ਹੇ ਭਾਈ! ਅਜੇ ਭੀ ਸਮਝ ਜਾ (ਅਜੇ) ਕੁਝ ਵਿਗੜਿਆ ਨਹੀਂ; ਤੇ ਪਰਮਾਤਮਾ ਦਾ ਨਾਮ ਸਿਮਰਿਆ ਕਰ। ਹੇ ਨਾਨਕ! ਆਖ-(ਹੇ ਭਾਈ!) ਮੈਂ ਤੈਨੂੰ ਗੁਰਮੁਖਾਂ ਦਾ ਇਹ ਨਿਜੀ ਖ਼ਿਆਲ ਪੁਕਾਰ ਕੇ ਸੁਣਾ ਰਿਹਾ ਹਾਂ।੨।੮।

## ਸ਼ਬਦ ਨੰਬਰ ੨੩ : ਰਾਗ ਸੋਰਠਿ: ਅੰਗ ੬੩੩

**ਇਹ ਜਗਿ ਮੀਤੁ ਨ ਦੇਖਿਓ ਕੋਈ ॥**
**ਸਗਲ ਜਗਤੁ ਅਪਨੈ ਸੁਖਿ ਲਾਗਿਓ ਦੁਖ ਮੈ ਸੰਗਿ ਨ ਹੋਈ ॥੧॥ ਰਹਾਉ ॥**

**ਅਰਥ** :- ਹੇ ਭਾਈ! ਇਸ ਜਗਤ ਵਿਚ ਕੋਈ (ਤੋੜ ਸਾਥ ਨਿਬਾਹੁਣ ਵਾਲਾ) ਮਿੱਤਰ (ਮੈਂ) ਨਹੀਂ ਵੇਖਿਆ। ਸਾਰਾ ਸੰਸਾਰ ਆਪਣੇ ਸੁਖ ਵਿਚ ਹੀ ਜੁੱਟਾ ਪਿਆ ਹੈ। ਦੁੱਖ ਵਿਚ (ਕੋਈ ਕਿਸੇ ਦੇ) ਨਾਲ (ਸਾਥੀ) ਨਹੀਂ ਬਣਦਾ।੧।ਰਹਾਉ।

**ਦਾਰਾ ਮੀਤ ਪੂਤ ਸਨਬੰਧੀ ਸਗਰੇ ਧਨ ਸਿਉ ਲਾਗੇ ।।**
**ਜਬ ਹੀ ਨਿਰਧਨ ਦੇਖਿਓ ਨਰ ਕਉ ਸੰਗੁ ਛਾਡਿ ਸਭਿ ਭਾਗੇ ॥੧॥**

**ਅਰਥ** :- ਹੇ ਭਾਈ ! ਇਸਤ੍ਰੀ, ਮਿੱਤਰ; ਪੁੱਤਰ, ਰਿਸ਼ਤੇਦਾਰ- ਇਹ ਸਾਰੇ ਧਨ ਨਾਲ (ਹੀ) ਪਿਆਰ ਕਰਦੇ ਹਨ । ਜਦੋਂ ਹੀ ਇਹਨਾਂ ਨੇ ਮਨੁੱਖ ਨੂੰ ਕੰਗਾਲ ਵੇਖਿਆ, (ਤਦੋਂ) ਸਾਥ ਛੱਡ ਕੇ ਸਾਰੇ ਨੱਸ ਜਾਂਦੇ ਹਨ।੧।

**ਕਹਂਉ ਕਹਾ ਯਿਆ ਮਨ ਬਉਰੇ ਕਉ ਇਨ ਸਿਉ ਨੇਹੁ ਲਗਾਇਓ ॥**
**ਦੀਨਾ ਨਾਥ ਸਕਲ ਭੈ ਭੰਜਨ ਜਸੁ ਤਾ ਕੋ ਬਿਸਰਾਇਓ ॥੨॥**

**ਅਰਥ** :- ਹੇ ਭਾਈ ! ਮੈਂ ਇਸ ਝੱਲੇ ਮਨ ਨੂੰ ਕੀਹ ਸਮਝਾਵਾਂ ?(ਇਸ ਨੇ) ਇਹਨਾਂ (ਕੱਚੇ ਸਾਥੀਆਂ)ਨਾਲ ਪਿਆਰ ਪਾਇਆ ਹੋਇਆ ਹੈ । (ਜੇਹੜਾ ਪਰਮਾਤਮਾ) ਗਰੀਬਾਂ ਦਾ ਰਾਖਾ ਤੇ ਸਾਰੇ ਡਰ ਨਾਸ ਕਰਨ ਵਾਲਾ ਹੈ ਉਸ ਦੀ ਸਿਫ਼ਤਿ ਸਾਲਾਹ (ਇਸ ਨੇ) ਭੁਲਾਈ ਹੋਈ ਹੈ ।੨।

**ਸੁਆਨ ਪੂਛ ਜਿਉ ਭਇਓ ਨ ਸੂਧਉ ਬਹੁਤੁ ਜਤਨੁ ਮੈ ਕੀਨਉ ॥**
**ਨਾਨਕ ਲਾਜ ਬਿਰਦ ਕੀ ਰਾਖਹੁ ਨਾਮੁ ਤੁਹਾਰਉ ਲੀਨਉ ॥੩॥੯॥**

**ਅਰਥ** :- ਹੇ ਭਾਈ! ਜਿਵੇਂ ਕੁੱਤੇ ਦੀ ਪੂਛਲ ਸਿੱਧੀ ਨਹੀਂ ਹੁੰਦੀ (ਇਸੇ ਤਰ੍ਹਾਂ ਇਸ ਮਨ ਦੀ ਪਰਮਾਤਮਾ ਦੀ ਯਾਦ ਵਲੋਂ ਲਾ-ਪਰਵਾਹੀ ਹਟਦੀ ਨਹੀਂ) ਮੈਂ ਬਹੁਤ ਜਤਨ ਕੀਤਾ ਹੈ। ਹੇ ਨਾਨਕ! ਆਖ-ਹੇ ਪ੍ਰਭੂ! ਆਪਣੇ) ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਵ ਦੀ ਲਾਜ ਰੱਖ (ਮੇਰੀ ਮਦਦ ਕਰ, ਤਾਂ ਹੀ) ਮੈਂ ਤੇਰਾ ਨਾਮ ਜਪ ਸਕਦਾ ਹਾਂ।੩।੯।

## ਸ਼ਬਦ ਨੰਬਰ ੨੪ : ਰਾਗ ਸੋਰਠਿ: ਅੰਗ ੬੩੩

**ਮਨ ਰੇ ਗਹਿਓ ਨ ਗੁਰ ਉਪਦੇਸੁ ॥**
**ਕਹਾ ਭਇਓ ਜਉ ਮੂਡੁ ਮੁਡਾਇਓ ਭਗਵਉ ਕੀਨੋ ਭੇਸ ॥੧॥ ਰਹਾਉ ॥**

**ਅਰਥ** :- ਹੇ ਮਨ! ਤੂੰ ਗੁਰੂ ਦੀ ਸਿੱਖਿਆ ਗ੍ਰਹਿਣ ਨਹੀਂ ਕਰਦਾ। (ਹੇ ਭਾਈ! ਗੁਰੂ ਦਾ ਉਪਦੇਸ਼ ਭੁਲਾ ਕੇ) ਜੇ ਸਿਰ ਭੀ ਮੁਨਾ ਲਿਆ, ਤੇ, ਭਗਵੇ ਰੰਗ ਦੇ ਕੱਪੜੇ ਪਾ ਲਏ, ਤਾਂ ਭੀ ਕੀਹ ਬਣਿਆ? (ਆਤਮਕ ਜੀਵਨ ਦਾ ਕੁਝ ਭੀ ਨਾਹ ਸੌਰਿਆ) ।੧।ਰਹਾਉ।

**ਸਾਚ ਛਾਡਿ ਕੈ ਝੂਠਹ ਲਾਗਿਓ ਜਨਮੁ ਅਕਾਰਥੁ ਖੋਇਓ ॥**
**ਕਰਿ ਪਰਪੰਚ ਉਦਰ ਨਿਜ ਪੋਖਿਓ ਪਸੁ ਕੀ ਨਿਆਈ ਸੋਇਓ ॥੧॥**

**ਅਰਥ** :- (ਹੇ ਭਾਈ! ਭਗਵਾ ਭੇਖ ਤਾਂ ਧਾਰ ਲਿਆ, ਪਰ) ਸਦਾ-ਥਿਰ ਪ੍ਰਭੂ ਦਾ ਨਾਮ ਛੱਡ ਕੇ ਨਾਸਵੰਤ ਪਦਾਰਥਾਂ ਵਿਚ ਹੀ ਸੁਰਤਿ ਜੋੜੀ ਰੱਖੀ, (ਲੋਕਾਂ ਨਾਲ) ਛਲ ਕਰ ਕੇ ਆਪਣਾ ਪੇਟ ਪਾਲਦਾ ਰਿਹਾ, ਤੇ, ਪਸ਼ੂਆਂ ਵਾਂਗ ਸੁੱਤਾ ਰਿਹਾ।੧।

**ਰਾਮ ਭਜਨ ਕੀ ਗਤਿ ਨਹੀ ਜਾਨੀ ਮਾਇਆ ਹਾਥਿ ਬਿਕਾਨਾ ॥**
**ਉਰਝਿ ਰਹਿਓ ਬਿਖਿਅਨ ਸੰਗਿ ਬਉਰਾ ਨਾਮੁ ਰਤਨੁ ਬਿਸਰਾਨਾ ॥੨॥**

**ਅਰਥ** :- ਹੇ ਭਾਈ! ਗ਼ਾਫ਼ਿਲ ਮਨੁੱਖ) ਪਰਮਾਤਮਾ ਦੇ ਭਜਨ ਦੀ ਜੁਗਤਿ ਨਹੀਂ ਸਮਝਦਾ, ਮਾਇਆ ਦੇ ਹੱਥ ਵਿਚ ਵਿਕਿਆ ਰਹਿੰਦਾ ਹੈ। ਕਮਲਾ ਮਨੁੱਖ ਮਾਇਕ ਪਦਾਰਥਾਂ (ਦੇ ਮੋਹ) ਵਿਚ ਮਗਨ ਰਹਿੰਦਾ ਹੈ, ਤੇ, ਪ੍ਰਭੂ ਦੇ (ਸ੍ਰੇਸ਼ਟ) ਰਤਨ-ਨਾਮ ਨੂੰ ਭੁਲਾਈ ਰੱਖਦਾ ਹੈ।੨।

**ਰਹਿਓ ਅਚੇਤੁ ਨ ਚੇਤਿਓ ਗੋਬਿੰਦ ਬਿਰਥਾ ਅਉਧ ਸਿਰਾਨੀ ॥**
**ਕਹੁ ਨਾਨਕ ਹਰਿ ਬਿਰਦੁ ਪਛਾਨਉ ਭੂਲੇ ਸਦਾ ਪਰਾਨੀ ॥੩॥੧੦॥**

**ਅਰਥ** :- (ਮਨੁੱਖ ਮਾਇਆ ਵਿਚ ਫਸ ਕੇ) ਅਵੇਸਲਾ ਹੋਇਆ ਰਹਿੰਦਾ ਹੈ, ਪਰਮਾਤਮਾ ਨੂੰ ਯਾਦ ਨਹੀਂ ਕਰਦਾ, ਸਾਰੀ ਉਮਰ ਵਿਅਰਥ ਗੁਜ਼ਾਰ ਲੈਂਦਾ ਹੈ। ਹੇ ਨਾਨਕ! ਆਖ-ਹੇ ਹਰੀ! ਤੂੰ ਆਪਣੇ ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਵ ਨੂੰ ਚੇਤੇ ਰੱਖ। ਇਹ ਜੀਵ ਤਾਂ ਸਦਾ ਭੁੱਲੇ ਹੀ ਰਹਿੰਦੇ ਹਨ।੩।੧੦।

## ਸ਼ਬਦ ਨੰਬਰ ੨੫ : ਰਾਗ ਸੋਰਠਿ: ਅੰਗ ੬੩੩

**ਜੋ ਨਰੁ ਦੁਖ ਮੈ ਦੁਖੁ ਨਹੀ ਮਾਨੈ ॥**
**ਸੁਖ ਸਨੇਹੁ ਅਰੁ ਭੈ ਨਹੀ ਜਾ ਕੈ ਕੰਚਨ ਮਾਟੀ ਮਾਨੈ ॥੧॥ ਰਹਾਉ ॥**

**ਅਰਥ :-** ਹੇ ਭਾਈ ! ਜੇਹੜਾ ਮਨੁੱਖ ਦੁੱਖਾਂ ਵਿਚ ਘਬਰਾਂਦਾ ਨਹੀਂ, ਜਿਸ ਮਨੁੱਖ ਦੇ ਹਿਰਦੇ ਵਿਚ ਸੁਖਾਂ ਨਾਲ ਮੋਹ ਨਹੀਂ, ਅਤੇ (ਕਿਸ ਕਿਸਮ ਦੇ) ਡਰ ਨਹੀਂ , ਜੇਹੜਾ ਮਨੁੱਖ ਸੋਨੇ ਨੂੰ ਮਿੱਟੀ (ਸਮਾਨ) ਸਮਝਦਾ ਹੈ ( ਉਸ ਦੇ ਅੰਦਰ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ ) ।੧। ਰਹਾਉ।

**ਨਹ ਨਿੰਦਿਆ ਨਹ ਉਸਤਤਿ ਜਾ ਕੈ ਲੋਭੁ ਮੋਹੁ ਅਭਿਮਾਨਾ।।**
**ਹਰਖ ਸੋਗ ਤੇ ਰਹੈ ਨਿਆਰਉ ਨਾਹਿ ਮਾਨ ਅਪਮਾਨਾ ।। ੧ ।।**

**ਅਰਥ :-** ਹੇ ਭਾਈ! ਜਿਸ ਮਨੁੱਖ ਦੇ ਅੰਦਰ ਕਿਸੇ ਦੀ ਚੁਗ਼ਲੀ-ਬੁਰਾਈ ਨਹੀਂ, ਕਿਸੇ ਦੀ ਖ਼ੁਸ਼ਾਮਦ ਨਹੀਂ, ਜਿਸ ਦੇ ਅੰਦਰ ਨਾਹ ਲੋਭ ਹੈ, ਨਾਹ ਮੋਹ ਹੈ, ਨਾਹ ਅਹੰਕਾਰ ਹੈ; ਜੇਹੜਾ ਮਨੁੱਖ ਖ਼ੁਸ਼ੀ ਤੇ ਗ਼ਮੀ ਤੋਂ ਨਿਰਲੇਪ ਰਹਿੰਦਾ ਹੈ, ਜਿਸ ਨੂੰ ਨਾਹ ਆਦਰ ਪੋਹ ਸਕਦਾ ਹੈ ਨਾਹ ਨਿਰਾਦਰੀ (ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ) ।੧।

**ਆਸਾ ਮਨਸਾ ਸਗਲ ਤਿਆਗੈ ਜਗ ਤੇ ਰਹੈ ਨਿਰਾਸਾ।।**
**ਕਾਮੁ ਕ੍ਰੋਧੁ ਜਿਹ ਪਰਸੈ ਨਾਹਨਿ ਤਿਹ ਘਟਿ ਬ੍ਰਹਮੁ ਨਿਵਾਸਾ ॥੨॥**

**ਅਰਥ :-** ਹੇ ਭਾਈ! ਜੇਹੜਾ ਮਨੁੱਖਾਂ ਆਸਾਂ ਉਮੈਦਾਂ ਸਭ ਤਿਆਗ ਦੇਂਦਾ ਹੈ, ਜਗਤ ਤੋਂ ਨਿਰਮੋਹ ਰਹਿੰਦਾ ਹੈ, ਜਿਸ ਮਨੁੱਖ ਨੂੰ ਨਾਹ ਕਾਮ-ਵਾਸਨਾ ਛੋਹ ਸਕਦੀ ਹੈ ਨਾਹ ਕ੍ਰੋਧ ਛੋਹ ਸਕਦਾ ਹੈ, ਉਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ।੨।

ਗੁਰ ਕਿਰਪਾ ਜਿਹ ਨਰ ਕਉ ਕੀਨੀ ਤਿਹ ਇਹ ਜੁਗਤਿ ਪਛਾਨੀ ॥
ਨਾਨਕ ਲੀਨ ਭਇਓ ਗੋਬਿੰਦ ਸਿਉ ਜਿਉ ਪਾਨੀ ਸੰਗਿ ਪਾਨੀ ॥੩॥੧੧॥

**ਅਰਥ :-** (ਪਰ) ਹੇ ਨਾਨਕ! ਆਖ-) ਜਿਸ ਮਨੁੱਖ ਉੱਤੇ ਗੁਰੂ ਨੇ ਮੇਹਰ ਕੀਤੀ ਉਸ ਨੇ (ਹੀ ਜੀਵਨ ਦੀ) ਇਹ ਜਾਚ ਸਮਝੀ ਹੈ। ਉਹ ਮਨੁੱਖ ਪਰਮਾਤਮਾ ਨਾਲ ਇਉਂ ਇਕ-ਮਿਕ ਹੋ ਜਾਂਦਾ ਹੈ, ਜਿਵੇਂ ਪਾਣੀ ਨਾਲ ਪਾਣੀ ਮਿਲ ਜਾਂਦਾ ਹੈ।੩।੧੧।

ਅੰਗ ੬੩੪

## ਸ਼ਬਦ ਨੰਬਰ ੨੬ : ਰਾਗ ਸੋਰਠਿ: ਅੰਗ ੬੩੪

**ਪ੍ਰੀਤਮ ਜਾਨਿ ਲੇਹੁ ਮਨ ਮਾਹੀ ॥**
**ਅਪਨੇ ਸੁਖ ਸਿਉ ਹੀ ਜਗੁ ਫਾਂਧਿਓ ਕੋ ਕਾਹੂ ਕੋ ਨਾਹੀ ॥੧॥ ਰਹਾਉ ॥**

**ਅਰਥ** :- ਹੇ ਮਿੱਤਰ ! (ਆਪਣੇ) ਮਨ ਵਿਚ (ਇਹ ਗੱਲ) ਪੱਕੀ ਕਰ ਕੇ ਸਮਝ ਲੈ, (ਕਿ) ਸਾਰਾ ਸੰਸਾਰ ਆਪਣੇ ਸੁਖ ਨਾਲ ਹੀ ਬੱਝਾ ਹੋਇਆ ਹੈ। ਕੋਈ ਭੀ ਕਿਸੇ ਦਾ (ਤੋੜ ਨਿਭਣ ਵਾਲਾ ਸਾਥੀ) ਨਹੀਂ (ਬਣਦਾ) ।੧। ਰਹਾਉ।

**ਸੁਖ ਮੈ ਆਨਿ ਬਹੁਤੁ ਮਿਲਿ ਬੈਠਤ ਰਹਤ ਚਹੂ ਦਿਸਿ ਘੇਰੈ ॥**
**ਬਿਪਤਿ ਪਰੀ ਸਭ ਹੀ ਸੰਗੁ ਛਾਡਿਤ ਕੋਊ ਨ ਆਵਤ ਨੇਰੈ ॥੧॥**

**ਅਰਥ** :- ਹੇ ਮਿੱਤਰ! ਜਦੋਂ ਮਨੁੱਖ) ! ਸੁਖ ਵਿਚ (ਹੁੰਦਾ ਹੈ, ਤਦੋਂ) ਕਈ ਯਾਰ ਦੋਸਤ ਮਿਲ ਕੇ (ਉਸ ਪਾਸ) ਬੈਠਦੇ ਹਨ, ਤੇ, (ਉਸ ਨੂੰ) ਚੌਹੀਂ ਪਾਸੀਂ ਘੇਰੀ ਰੱਖਦੇ ਹਨ। (ਪਰ ਜਦੋਂ ਉਸ ਨੂੰ ਕੋਈ) ਮੁਸੀਬਤ ਪੈਂਦੀ ਹੈ, ਸਾਰੇ ਹੀ ਸਾਥ ਛੱਡ ਜਾਂਦੇ ਹਨ, (ਫਿਰ) ਕੋਈ ਭੀ (ਉਸ ਦੇ) ਨੇੜੇ ਨਹੀਂ ਢੁਕਦਾ।੧।

**ਘਰ ਕੀ ਨਾਰਿ ਬਹੁਤੁ ਹਿਤੁ ਜਾ ਸਿਉ ਸਦਾ ਰਹਤ ਸੰਗ ਲਾਗੀ ॥**
**ਜਬ ਹੀ ਹੰਸ ਤਜੀ ਇਹ ਕਾਂਇਆ ਪ੍ਰੇਤ ਪ੍ਰੇਤ ਕਰਿ ਭਾਗੀ ॥੨॥**

**ਅਰਥ** :- ਹੇ ਮਿੱਤਰ ! ਘਰ ਦੀ ਇਸਤ੍ਰੀ (ਭੀ), ਜਿਸ ਨਾਲ ਬੜਾ ਪਿਆਰ ਹੁੰਦਾ ਹੈ, ਜੇਹੜੀ ਸਦਾ(ਖਸਮ ਦੇ) ਨਾਲ ਲੱਗੀ ਰਹਿੰਦੀ ਹੈ, ਜਿਸ ਹੀ ਵੇਲੇ (ਪਤੀ ਦਾ) ਜੀਵਾਤਮਾ ਇਸ ਸਰੀਰ ਨੂੰ ਛੱਡ ਦੇਂਦਾ ਹੈ, (ਇਸਤ੍ਰੀ ਉਸ ਤੋਂ ਇਹ ਆਖ ਕੇ) ਪਰੇ ਹਟ ਜਾਂਦੀ ਹੈ ਕਿ ਇਹ ਮਰ ਚੁੱਕਾ ਹੈ। ੨।

**ਇਹ ਬਿਧਿ ਕੋ ਬਿਉਹਾਰੁ ਬਨਿਓ ਹੈ ਜਾ ਸਿਉ ਨੇਹੁ ਲਗਾਇਓ ॥**
**ਅੰਤ ਬਾਰ ਨਾਨਕ ਬਿਨੁ ਹਰਿ ਜੀ ਕੋਊ ਕਾਮਿ ਨ ਆਇਓ ॥੩॥੧੨॥੧੩੯॥**

**ਅਰਥ** :- ਹੇ ਨਾਨਕ! ਆਖ-ਹੇ ਮਿੱਤਰ! ਦੁਨੀਆ ਦਾ) ਇਸ ਤਰ੍ਹਾਂ ਦਾ ਵਰਤਾਰਾ ਬਣਿਆ ਹੋਇਆ ਹੈ ਜਿਸ ਨਾਲ (ਮਨੁੱਖ ਨੇ) ਪਿਆਰ ਪਾਇਆ ਹੋਇਆ ਹੈ। (ਪਰ, ਹੇ ਮਿੱਤਰ! ਅਖ਼ੀਰਲੇ ਸਮੇ ਪਰਮਾਤਮਾ ਤੋਂ ਬਿਨਾ ਹੋਰ ਕੋਈ ਭੀ (ਮਨੁੱਖ ਦੀ) ਮਦਦ ਨਹੀਂ ਕਰ ਸਕਦਾ।੩।੧੨।੧੩੯।

**ਅੰਗ ੬੮੪**

**ੴ ਸਤਿਗੁਰ ਪ੍ਰਸਾਦਿ ।।**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਧਨਾਸਰੀ ਮਹਲਾ ੯ ।।**

**ਸ਼ਬਦ ਨੰਬਰ ੨੭ : ਰਾਗ ਧਨਾਸਰੀ: ਅੰਗ ੬੮੪**

**ਕਾਹੇ ਰੇ ਬਨ ਖੋਜਨ ਜਾਈ ।।**
**ਸਰਬ ਨਿਵਾਸੀ ਸਦਾ ਅਲੇਪਾ ਤੋਹੀ ਸੰਗਿ ਸਮਾਈ ।।੧।। ਰਹਾਉ ।।**

**ਅਰਥ :-** ਹੇ ਭਾਈ! ਪਰਮਾਤਮਾ ਨੂੰ) ਲੱਭਣ ਵਾਸਤੇ ਤੂੰ ਜੰਗਲਾਂ ਵਿਚ ਕਿਉਂ ਜਾਂਦਾ ਹੈਂ? ਪਰਮਾਤਮਾ ਸਭ ਵਿਚ ਵੱਸਣ ਵਾਲਾ ਹੈ, (ਫਿਰ ਭੀ) ਸਦਾ (ਮਾਇਆ ਦੇ ਪ੍ਰਭਾਵ ਤੋਂ) ਨਿਰਲੇਪ ਰਹਿੰਦਾ ਹੈ। ਉਹ ਪਰਮਾਤਮਾ ਤੇਰੇ ਨਾਲ ਹੀ ਵੱਸਦਾ ਹੈ।੧।ਰਹਾਉ।

**ਪੁਹਪ ਮਧਿ ਜਿਉ ਬਾਸੁ ਬਸਤੁ ਹੈ ਮੁਕਰ ਮਾਹਿ ਜੈਸੇ ਛਾਈ ॥**
**ਤੈਸੇ ਹੀ ਹਰਿ ਬਸੇ ਨਿਰੰਤਰਿ ਘਟ ਹੀ ਖੋਜਹੁ ਭਾਈ ॥੧॥**

**ਅਰਥ :-** ਹੇ ਭਾਈ ! ਜਿਵੇਂ ਫੁੱਲ ਵਿਚ ਸੁਗੰਧੀ ਵੱਸਦੀ ਹੈ, ਜਿਵੇਂ ਸ਼ੀਸ਼ੇ ਵਿਚ (ਸ਼ੀਸ਼ਾ ਵੇਖਣ ਵਾਲੇ ਦਾ)ਅਕਸ ਵੱਸਦਾ ਹੈ, ਤਿਵੇਂ ਪਰਮਾਤਮਾ ਇਕ-ਰਸ ਸਭਨਾਂ ਦੇ ਅੰਦਰ ਵੱਸਦਾ ਹੈ। (ਇਸ ਵਾਸਤੇ, ਉਸ ਨੂੰ) ਆਪਣੇ ਹਿਰਦੇ ਵਿਚ ਹੀ ਲੱਭ ।੧।

**ਬਾਹਰਿ ਭੀਤਰਿ ਏਕੋ ਜਾਨਹੁ ਇਹੁ ਗੁਰ ਗਿਆਨੁ ਬਤਾਈ ॥**
**ਜਨ ਨਾਨਕ ਬਿਨੁ ਆਪਾ ਚੀਨੈ ਮਿਟੈ ਨ ਭ੍ਰਮ ਕੀ ਕਾਈ ॥੨॥੧॥**

**ਅਰਥ :-** ਹੇ ਭਾਈ! ਗੁਰੂ ਦਾ (ਆਤਮਕ ਜੀਵਨ ਦਾ) ਉਪਦੇਸ਼ ਇਹ ਦੱਸਦਾ ਹੈ ਕਿ (ਆਪਣੇ ਸਰੀਰ ਦੇ) ਅੰਦਰ (ਅਤੇ ਆਪਣੇ ਸਰੀਰ ਤੋਂ) ਬਾਹਰ (ਹਰ ਥਾਂ) ਇਕ ਪਰਮਾਤਮਾ ਨੂੰ (ਵੱਸਦਾ) ਸਮਝੋ। ਹੇ ਦਾਸ ਨਾਨਕ! ਆਪਣਾ ਆਤਮਕ ਜੀਵਨ ਪਰਖਣ ਤੋਂ ਬਿਨਾ (ਮਨ ਉੱਤੋਂ) ਭਟਕਣਾ ਦਾ ਜਾਲਾ ਦੂਰ ਨਹੀਂ ਹੋ ਸਕਦਾ (ਤੇ, ਉਤਨਾ ਚਿਰ ਸਰਬ-ਵਿਆਪਕ ਪਰਮਾਤਮਾ ਦੀ ਸੂਝ ਨਹੀਂ ਆ ਸਕਦੀ) ।੨।੧।

## ਸ਼ਬਦ ਨੰਬਰ ੨੮ : ਰਾਗ ਧਨਾਸਰੀ: ਅੰਗ ੬੮੪

**ਸਾਧੋ ਇਹੁ ਜਗੁ ਭਰਮ ਭੁਲਾਨਾ ॥**
**ਰਾਮ ਨਾਮ ਕਾ ਸਿਮਰਨੁ ਛੋਡਿਆ ਮਾਇਆ ਹਾਥਿ ਬਿਕਾਨਾ ॥੧॥ ਰਹਾਉ ॥**

**ਅਰਥ** :- ਹੇ ਸੰਤ ਜਨੋ ! ਇਹ ਜਗਤ (ਮਾਇਆ ਦੀ) ਭਟਕਣਾ ਵਿਚ (ਪੈ ਕੇ) ਕੁਰਾਹੇ ਪਿਆ ਰਹਿੰਦਾ ਹੈ । ਪ੍ਰਭੂ ਦੇ ਨਾਮ ਦਾ ਸਿਮਰਨ ਛੱਡੀ ਰੱਖਦਾ ਹੈ, ਤੇ ਮਾਇਆ ਦੇ ਹੱਥ ਵਿਚ ਵਿਕਿਆ ਰਹਿੰਦਾ ਹੈ (ਮਾਇਆ ਦੇ ਵੱਟੇ ਆਤਮਕ ਜੀਵਨ ਗਵਾ ਦੇਂਦਾ ਹੈ) । ੧ । ਰਹਾਉ ।

**ਮਾਤ ਪਿਤਾ ਭਾਈ ਸੁਤ ਬਨਿਤਾ ਤਾ ਕੈ ਰਸਿ ਲਪਟਾਨਾ ।।**
**ਜੋਬਨੁ ਧਨੁ ਪ੍ਰਭਤਾ ਕੈ ਮਦ ਮਹਿ ਅਹਿਨਿਸਿ ਰਹੈ ਦਿਵਾਨਾ ।। ੧ ।।**

**ਅਰਥ** :- ਹੇ ਸੰਤ ਜਨੋ! ਮਾਂ, ਪਿਉ, ਭਰਾ, ਪੁੱਤਰ, ਇਸਤ੍ਰੀ-(ਭੁੱਲਾ ਹੋਇਆ ਜਗਤ) ਇਹਨਾਂ ਦੇ ਮੋਹ ਵਿਚ ਫਸਿਆ ਰਹਿੰਦਾ ਹੈ। ਜਵਾਨੀ, ਧਨ, ਤਾਕਤ ਦੇ ਨਸ਼ੇ ਵਿਚ ਜਗਤ ਦਿਨ ਰਾਤ ਝੱਲਾ ਹੋਇਆ ਰਹਿੰਦਾ ਹੈ।੧।

**ਦੀਨ ਦਇਆਲ ਸਦਾ ਦੁਖ ਭੰਜਨ ਤਾ ਸਿਉ ਮਨੁ ਨ ਲਗਾਨਾ ॥**
**ਜਨ ਨਾਨਕ ਕੋਟਨ ਮੈ ਕਿਨਹੂ ਗੁਰਮੁਖਿ ਹੋਇ ਪਛਾਨਾ ॥੨॥੨॥**

**ਅਰਥ** :- ਜੇਹੜਾ ਪਰਮਾਤਮਾ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਜੇਹੜਾ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਜਗਤ ਉਸ ਨਾਲ ਆਪਣਾ ਮਨ ਨਹੀਂ ਜੋੜਦਾ। ਹੇ ਦਾਸ ਨਾਨਕ! ਆਖ-) ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਨਾਲ ਸਾਂਝ ਪਾਈ ਹੈ।੨।੨।

## ਸ਼ਬਦ ਨੰਬਰ ੨੯ : ਰਾਗ ਧਨਾਸਰੀ: ਅੰਗ ੬੮੫

**ਤਿਹ ਜੋਗੀ ਕਉ ਜੁਗਤਿ ਨ ਜਾਨਉ ॥**
**ਲੋਭ ਮੋਹ ਮਾਇਆ ਮਮਤਾ ਫੁਨਿ ਜਿਹ ਘਟ ਮਾਹਿ ਪਛਾਨਉ ॥੧॥ ਰਹਾਉ ॥**

**ਅਰਥ** :- ਹੇ ਭਾਈ ! ਜਿਸ (ਜੋਗੀ) ਦੇ ਹਿਰਦੇ ਵਿਚ ਮੈਂ ਲੋਭ ਮਾਇਆ ਦੇ ਮੋਹ ਅਤੇ ਮਮਤਾ(ਦੀਆਂ ਲਹਰਾਂ ਉੱਠ ਰਹੀਆਂ) ਵੇਖਦਾ ਹਾਂ, ਮੈਂ ਸਮਝਦਾ ਹਾਂ ਕਿ ਉਸ ਜੋਗੀ ਨੂੰ (ਸਹੀ) ਜੀਵਨ- ਜਾਚ (ਅਜੇ) ਨਹੀਂ ਆਈ। ੧। ਰਹਾਉ।

**ਪਰ ਨਿੰਦਾ ਉਸਤਤਿ ਨਹ ਜਾ ਕੈ ਕੰਚਨ ਲੋਹ ਸਮਾਨੋ ॥**
**ਹਰਖ ਸੋਗ ਤੇ ਰਹੈ ਅਤੀਤਾ ਜੋਗੀ ਤਾਹਿ ਬਖਾਨੋ ॥ ੧ ॥**

**ਅਰਥ** :- ਹੇ ਭਾਈ ! ਜਿਸ ਮਨੁੱਖ ਦੇ ਹਿਰਦੇ ਵਿਚ ਪਰਾਈ ਨਿੰਦਿਆ ਨਹੀਂ ਹੈ, ਪਰਾਈ ਖ਼ੁਸ਼ਾਮਦ ਨਹੀਂ ਹੈ, ਜਿਸ ਨੂੰ ਸੋਨਾ ਲੋਹਾ ਇਕੋ ਜਿਹੇ ਦਿੱਸਦੇ ਹਨ, ਜੇਹੜਾ ਮਨੁੱਖ ਖ਼ੁਸ਼ੀ ਗ਼ਮੀ ਤੋਂ ਨਿਰਲੇਪ ਰਹਿੰਦਾ ਹੈ; ਉਸ ਨੂੰ ਹੀ ਜੋਗੀ ਆਖ ।੧।

**ਚੰਚਲ ਮਨੁ ਦਹ ਦਿਸਿ ਕਉ ਧਾਵਤ ਅਚਲ ਜਾਹਿ ਠਹਰਾਨੋ ॥**
**ਕਹੁ ਨਾਨਕ ਇਹ ਬਿਧਿ ਕੋ ਜੋ ਨਰੁ ਮੁਕਤਿ ਤਾਹਿ ਤੁਮ ਮਾਨੋ ॥੨॥੩॥**

**ਅਰਥ** :- ਹੇ ਨਾਨਕ! ਆਖ-(ਹੇ ਭਾਈ!) ਇਹ ਸਦਾ ਭਟਕਦਾ ਰਹਿਣ ਵਾਲਾ ਮਨ ਦਸੀਂ ਦੌੜਦਾ ਫਿਰਦਾ ਹੈ। ਜਿਸ ਮਨੁੱਖ ਨੇ ਇਸ ਨੂੰ ਅਡੋਲ ਕਰ ਕੇ ਟਿਕਾ ਲਿਆ ਹੈ, ਜੇਹੜਾ ਮਨੁੱਖ ਇਸ ਕਿਸਮ ਦਾ ਹੈ, ਸਮਝ ਲੈ ਕਿ ਉਸ ਨੂੰ ਵਿਕਾਰਾਂ ਤੋਂ ਖ਼ਲਾਸੀ ਮਿਲ ਗਈ ਹੈ।੨।੩।

## ਸ਼ਬਦ ਨੰਬਰ ੩੦ : ਰਾਗ ਧਨਾਸਰੀ: ਅੰਗ ੬੮੫

**ਅਬ ਮੈ ਕਉਨੁ ਉਪਾਉ ਕਰਉ ॥**
**ਜਿਹ ਬਿਧਿ ਮਨ ਕੋ ਸੰਸਾ ਚੁਕੈ ਭਉ ਨਿਧਿ ਪਾਰਿ ਪਰਉ ॥੧॥ ਰਹਾਉ ॥**

**ਅਰਥ :-** ਹੇ ਭਾਈ! ਹੁਣ ਮੈਂ ਕੇਹੜਾ ਜਤਨ ਕਰਾਂ ਜਿਸ ਤਰ੍ਹਾਂ (ਮੇਰੇ) ਮਨ ਦਾ ਸਹਮ ਮੁੱਕ ਜਾਏ, ਅਤੇ, ਮੈਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਵਾਂ।੧।ਰਹਾਉ।

**ਜਨਮੁ ਪਾਇ ਕਛੁ ਭਲੋ ਨ ਕੀਨੋ ਤਾ ਤੇ ਅਧਿਕ ਡਰਉ ॥**
**ਮਨ ਬਚ ਕ੍ਰਮ ਹਰਿ ਗੁਨ ਨਹੀ ਗਾਏ ਯਹ ਜੀਅ ਸੋਚ ਧਰਉ ॥੧॥**

**ਅਰਥ :-** ਹੇ ਭਾਈ! ਮਨੁੱਖਾ ਜਨਮ ਪ੍ਰਾਪਤ ਕਰ ਕੇ ਮੈਂ ਕੋਈ ਭਲਾਈ ਨਹੀਂ ਕੀਤੀ, ਇਸ ਵਾਸਤੇ ਮੈਂ ਬਹੁਤ ਡਰਦਾ ਰਹਿੰਦਾ ਹਾਂ। ਮੈਂ (ਆਪਣੀ) ਜਿੰਦ ਵਿਚ (ਹਰ ਵੇਲੇ) ਇਹੀ ਚਿੰਤਾ ਕਰਦਾ ਰਹਿੰਦਾ ਹਾਂ ਕਿ ਮੈਂ ਆਪਣੇ ਮਨ ਨਾਲ, ਬਚਨ ਨਾਲ, ਕਰਮ ਨਾਲ (ਕਦੇ ਭੀ) ਪਰਮਾਤਮਾ ਦੇ ਗੁਣ ਨਹੀਂ ਗਾਂਦਾ ਰਿਹਾ।੧।

**ਗੁਰਮਤਿ ਸੁਨਿ ਕਛੁ ਗਿਆਨੁ ਨ ਉਪਜਿਓ ਪਸੁ ਜਿਉ ਉਦਰੁ ਭਰਉ ॥**
**ਕਹੁ ਨਾਨਕ ਪ੍ਰਭ ਬਿਰਦੁ ਪਛਾਨਉ ਤਬ ਹਉ ਪਤਿਤ ਤਰਉ ॥੨॥੪॥੯॥੯॥੧੩॥੫੮॥੪॥੯੩॥**

**ਅਰਥ :-** ਹੇ ਭਾਈ! ਗੁਰੂ ਦੀ ਮਤਿ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਦੀ ਕੁਝ ਭੀ ਸੂਝ ਪੈਦਾ ਨਹੀਂ ਹੋਈ, ਮੈਂ ਪਸ਼ੂ ਵਾਂਗ (ਨਿੱਤ) ਆਪਣਾ ਢਿੱਡ ਭਰ ਲੈਂਦਾ ਹਾਂ। ਹੇ ਨਾਨਕ! ਆਖ-ਹੇ ਪ੍ਰਭੂ! ਮੈਂ ਵਿਕਾਰੀ ਤਦੋਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਦਾ ਹਾਂ ਜੇ ਤੂੰ ਆਪਣਾ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਚੇਤੇ ਰੱਖੇਂ।੨।੪।੯।੯।੧੩।੫੮।੪।੯੩।

**ਅੰਗ ੭੦੨**

**੧ੴ ਸਤਿਗੁਰ ਪ੍ਰਸਾਦਿ ॥**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ॥**

**ਰਾਗ ਜੈਤਸਰੀ ਮਹਲਾ ੯ ॥**

**ਸ਼ਬਦ ਨੰਬਰ ੩੧ : ਰਾਗ ਜੈਤਸਰੀ : ਅੰਗ ੭੦੨**

**ਭੂਲਿਓ ਮਨੁ ਮਾਇਆ ਉਰਝਾਇਓ ॥**
**ਜੋ ਜੋ ਕਰਮ ਕੀਓ ਲਾਲਚਿ ਲਗਿ ਤਿਹ ਤਿਹ ਆਪੁ ਬੰਧਾਇਓ ॥੧॥ ਰਹਾਉ ॥**

**ਅਰਥ** :- ਹੇ ਭਾਈ ! (ਸਹੀ ਜੀਵਨ-ਰਾਹ) ਭੁੱਲਿਆ ਹੋਇਆ ਮਨ ਮਾਇਆ ( ਦੇ ਮੋਹ ਵਿਚ ) ਫਸਿਆ ਰਹਿੰਦਾ ਹੈ, (ਫਿਰ, ਇਹ) ਲਾਲਚ ਵਿਚ ਫਸ ਕੇ ਜੇਹੜਾ ਜੇਹੜਾ ਕੰਮ ਕਰਦਾ ਹੈ, ਉਹਨਾਂ ਦੀ ਰਾਹੀਂ ਆਪਣੇ ਆਪ ਨੂੰ ( ਮਾਇਆ ਦੇ ਮੋਹ ਵਿਚ ਹੋਰ ) ਫਸਾ ਲੈਂਦਾ ਹੈ ।੧। ਰਹਾਉ ।

**ਸਮਝ ਨ ਪਰੀ ਬਿਖੈ ਰਸਿ ਰਚਿਓ ਜਸੁ ਹਰਿ ਕੋ ਬਿਸਰਾਇਓ ॥**
**ਸੰਗਿ ਸੁਆਮੀ ਸੋ ਜਾਨਿਓ ਨਾਹਿਨ ਬਨੁ ਖੋਜਨ ਕਉ ਧਾਇਓ ॥੧॥**

**ਅਰਥ** :- (ਹੇ ਭਾਈ ! ਸਹੀ ਜੀਵਨ-ਰਾਹ ਤੋਂ ਖੁੰਝੇ ਹੋਏ ਮਨੁੱਖ ਨੂੰ) ਆਤਮਕ ਜੀਵਨ ਦੀ ਸਮਝ ਨਹੀਂ ਪੈਂਦੀ, ਵਿਸ਼ਿਆਂ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਪਰਮਾਤਮਾ ਦੀ ਸਿਫ਼ਤਿ ਸਾਲਾਹ ਭੁਲਾਈ ਰੱਖਦਾ ਹੈ । ਪਰਮਾਤਮਾ (ਤਾਂ ਇਸ ਦੇ) ਅੰਗ-ਸੰਗ ( ਵੱਸਦਾ ਹੈ ) ਉਸ ਨਾਲ ਡੂੰਘੀ ਸਾਂਝ ਨਹੀਂ ਪਾਂਦਾ, ਜੰਗਲ ਭਾਲਣ ਵਾਸਤੇ ਦੌੜ ਪੈਂਦਾ ਹੈ ।੧।

**ਰਤਨੁ ਰਾਮੁ ਘਟ ਹੀ ਕੇ ਭੀਤਰਿ ਤਾ ਕੋ ਗਿਆਨੁ ਨ ਪਾਇਓ ॥**
**ਜਨ ਨਾਨਕ ਭਗਵੰਤ ਭਜਨ ਬਿਨੁ ਬਿਰਥਾ ਜਨਮੁ ਗਵਾਇਓ ॥੨॥੧॥**

**ਅਰਥ** :- ਹੇ ਭਾਈ! ਰਤਨ (ਵਰਗਾ ਕੀਮਤੀ) ਹਰਿ-ਨਾਮ ਹਿਰਦੇ ਦੇ ਅੰਦਰ ਹੀ ਵੱਸਦਾ ਹੈ (ਪਰ ਭੁੱਲਾ ਹੋਇਆ ਮਨੁੱਖ) ਉਸ ਨਾਲ ਸਾਂਝ ਨਹੀਂ ਬਣਾਂਦਾ। ਹੇ ਦਾਸ ਨਾਨਕ! ਆਖ-) ਪਰਮਾਤਮਾ ਦੇ ਭਜਨ ਤੋਂ ਬਿਨਾ ਮਨੁੱਖ ਆਪਣਾ ਜੀਵਨ ਵਿਅਰਥ ਗਵਾ ਦੇਂਦਾ ਹੈ।੨।੧।

## ਸ਼ਬਦ ਨੰਬਰ ੩੨ : ਰਾਗ ਜੈਤਸਰੀ : ਅੰਗ ੧੦੩

**ਹਰਿ ਜੂ ਰਾਖਿ ਲੇਹੁ ਪਤਿ ਮੇਰੀ ॥**
**ਜਮ ਕੋ ਤ੍ਰਾਸ ਭਇਓ ਉਰ ਅੰਤਰਿ ਸਰਨਿ ਗਹੀ ਕਿਰਪਾ ਨਿਧਿ ਤੇਰੀ ॥੧॥ ਰਹਾਉ ॥**

**ਅਰਥ :-** ਹੇ ਪ੍ਰਭੂ ਜੀ! ਮੇਰੀ ਇੱਜ਼ਤ ਰੱਖ ਲਵੋ। ਮੇਰੇ ਹਿਰਦੇ ਵਿਚ ਮੌਤ ਦਾ ਡਰ ਵੱਸ ਰਿਹਾ ਹੈ, (ਇਸ ਤੋਂ ਬਚਣ ਲਈ) ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੈਂ ਤੇਰਾ ਆਸਰਾ ਲਿਆ ਹੈ।੧।ਰਹਾਉ।

**ਮਹਾ ਪਤਿਤ ਮੁਗਧ ਲੋਭੀ ਫੁਨਿ ਕਰਤ ਪਾਪ ਅਬ ਹਾਰਾ ।।**
**ਭੈ ਮਰਬੇ ਕੋ ਬਿਸਰਤ ਨਾਹਿਨ ਤਿਹ ਚਿੰਤਾ ਤਨੁ ਜਾਰਾ ॥੧॥**

**ਅਰਥ :-** ਹੇ ਪ੍ਰਭੂ ! ਮੈਂ ਵੱਡਾ ਵਿਕਾਰੀ ਹਾਂ, ਮੂਰਖ ਹਾਂ, ਲਾਲਚੀ ਭੀ ਹਾਂ । ਪਾਪ ਕਰਦਾ ਕਰਦਾ ਹੁਣ ਮੈਂ ਥੱਕ ਗਿਆ ਹਾਂ । ਮੈਨੂੰ ਮਰਨ ਦਾ ਡਰ (ਕਿਸੇ ਵੇਲੇ) ਭੁੱਲਦਾ ਨਹੀਂ ਇਸ (ਮਰਨ) ਦੀ ਚਿੰਤਾ ਨੇ ਮੇਰਾ ਸਰੀਰ ਸਾੜ ਦਿੱਤਾ ਹੈ । ੧ ।

**ਕੀਏ ਉਪਾਵ ਮੁਕਤਿ ਕੇ ਕਾਰਨਿ ਦਹ ਦਿਸਿ ਕਉ ਉਠਿ ਧਾਇਆ ।।**
**ਘਟ ਹੀ ਭੀਤਰਿ ਬਸੈ ਨਿਰੰਜਨੁ ਤਾ ਕੋ ਮਰਮੁ ਨ ਪਾਇਆ ॥੨॥**

**ਅਰਥ :-** ਹੇ ਭਾਈ! ਮੌਤ ਦੇ ਇਸ ਸਹਿਮ ਤੋਂ) ਖ਼ਲਾਸੀ ਹਾਸਲ ਕਰਨ ਲਈ ਮੈਂ ਅਨੇਕਾਂ ਹੀਲੇ ਕੀਤੇ ਹਨ, ਦਸੀਂ ਪਾਸੀਂ ਉਠ ਉਠ ਕੇ ਦੌੜਿਆ ਹਾਂ। (ਮਾਇਆ ਦੇ ਮੋਹ ਤੋਂ) ਨਿਰਲੇਪ ਪਰਮਾਤਮਾ ਹਿਰਦੇ ਵਿਚ ਹੀ ਵੱਸਦਾ ਹੈ, ਉਸ ਦਾ ਭੇਤ ਮੈਂ ਨਹੀਂ ਸਮਝਿਆ।੨।

**ਨਾਹਿਨ ਗੁਨੁ ਨਾਹਿਨ ਕਛੁ ਜਪੁ ਤਪੁ ਕਉਨੁ ਕਰਮੁ ਅਬ ਕੀਜੈ ।।**
**ਨਾਨਕ ਹਾਰਿ ਪਰਿਓ ਸਰਨਾਗਤਿ ਅਭੈ ਦਾਨੁ ਪ੍ਰਭ ਦੀਜੈ ॥੩॥੨॥**

**ਅਰਥ :-** ਹੇ ਨਾਨਕ! ਆਖ-ਪਰਮਾਤਮਾ ਦੀ ਸਰਨ ਤੋਂ ਬਿਨਾ ਹੋਰ) ਕੋਈ ਗੁਣ ਨਹੀਂ ਕੋਈ ਜਪ ਤਪ ਨਹੀਂ (ਜੋ ਮੌਤ ਦੇ ਸਹਿਮ ਤੋਂ ਬਚਾ ਲਏ, ਫਿਰ) ਹੁਣ ਕੇਹੜਾ ਕੰਮ ਕੀਤਾ ਜਾਏ? ਹੇ ਪ੍ਰਭੂ! ਹੋਰ ਸਾਧਨਾਂ ਵਲੋਂ) ਹਾਰ ਕੇ ਮੈਂ ਤੇਰੀ ਸਰਨ ਆ ਪਿਆ ਹਾਂ, ਤੂੰ ਮੈਨੂੰ ਮੌਤ ਦੇ ਡਰ ਤੋਂ ਖ਼ਲਾਸੀ ਦਾ ਦਾਨ ਦੇਹ।੩।੨।

## ਸ਼ਬਦ ਨੰਬਰ ੩੩ : ਰਾਗ ਜੈਤਸਰੀ : ਅੰਗ ੭੦੩

**ਮਨ ਰੇ ਸਾਚਾ ਗਹੋ ਬਿਚਾਰਾ ।।**
**ਰਾਮ ਨਾਮ ਬਿਨੁ ਮਿਥਿਆ ਮਾਨੋ ਸਗਰੋ ਇਹੁ ਸੰਸਾਰਾ ॥੧॥ ਰਹਾਉ ॥**

**ਅਰਥ :-** ਹੇ ਮੇਰੇ ਮਨ ! ਇਹ ਅਟੱਲ ਵਿਚਾਰ (ਆਪਣੇ ਅੰਦਰ) ਸਾਂਭ ਕੇ ਰੱਖ ਪਰਮਾਤਮਾ ਦੇ ਨਾਮ ਤੋਂ ਛੁਟ ਬਾਕੀ ਇਸ ਸਾਰੇ ਸੰਸਾਰ ਨੂੰ ਨਾਸਵੰਤ ਜਾਣ ।੧।ਰਹਾਉ।

**ਜਾ ਕਉ ਜੋਗੀ ਖੋਜਤ ਹਾਰੇ ਪਾਇਓ ਨਾਹਿ ਤਿਹ ਪਾਰਾ।।**
**ਸੋ ਸੁਆਮੀ ਤੁਮ ਨਿਕਟਿ ਪਛਾਨੋ ਰੂਪ ਰੇਖ ਤੇ ਨਿਆਰਾ ।।੧।।**

**ਅਰਥ :-** ਹੇ ਮੇਰੇ ਮਨ ! ਜੋਗੀ ਲੋਕ ਜਿਸ ਪਰਮਾਤਮਾ ਨੂੰ ਲੱਭਦੇ ਲੱਭਦੇ ਥੱਕ ਗਏ, ਤੇ, ਉਸ ਦੇ ਸਰੂਪ ਦਾ ਅੰਤ ਨਾਹ ਲੱਭ ਸਕੇ, ਉਸ ਮਾਲਕ ਨੂੰ ਤੂੰ ਆਪਣੇ ਅੰਗ-ਸੰਗ ਵੱਸਦਾ ਜਾਣ, ਪਰ ਉਸ ਦਾ ਕੋਈ ਚਿਹਨ ਦੱਸਿਆ ਨਹੀਂ ਜਾ ਸਕਦਾ ।੧।

**ਪਾਵਨ ਨਾਮੁ ਜਗਤ ਮੈ ਹਰਿ ਕੋ ਕਬਹੂ ਨਾਹਿ ਸੰਭਾਰਾ ॥**
**ਨਾਨਕ ਸਰਨਿ ਪਰਿਓ ਜਗ ਬੰਦਨ ਰਾਖਹੁ ਬਿਰਦੁ ਤੁਹਾਰਾ ॥੨॥੩॥**

**ਅਰਥ :-** ਹੇ ਮੇਰੇ ਮਨ! ਜਗਤ ਵਿਚ ਪਰਮਾਤਮਾ ਦਾ ਨਾਮ (ਹੀ) ਪਵਿਤ੍ਰ ਕਰਨ ਵਾਲਾ ਹੈ, ਤੂੰ ਉਸ ਨਾਮ ਨੂੰ (ਆਪਣੇ ਅੰਦਰ) ਕਦੇ ਸਾਂਭ ਕੇ ਨਹੀਂ ਰੱਖਿਆ। ਹੇ ਨਾਨਕ! ਆਖ-) ਹੇ ਸਾਰੇ ਜਗਤ ਦੇ ਨਮਸਕਾਰ-ਜੋਗ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਰੱਖਿਆ ਕਰ। ਇਹ ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ (ਕਿ ਤੂੰ ਸਰਨ ਆਏ ਦੀ ਰੱਖਿਆ ਕਰਦਾ ਹੈਂ) ।੨।੩।

**ਅੰਗ ੭੧੮**

**ੴ ਸਤਿਗੁਰ ਪ੍ਰਸਾਦਿ ।।**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਟੋਡੀ ਮਹਲਾ ੯ ।।**

**ਸ਼ਬਦ ਨੰਬਰ ੩੪ : ਰਾਗ ਟੋਡੀ : ਅੰਗ ੭੧੮**

**ਕਹਉ ਕਹਾ ਅਪਨੀ ਅਧਮਾਈ ।।**
**ਉਰਝਿਓ ਕਨਕ ਕਾਮਨੀ ਕੇ ਰਸ ਨਹ ਕੀਰਤਿ ਪ੍ਰਭ ਗਾਈ ।।੧।। ਰਹਾਉ ।।**

**ਅਰਥ :-** ਹੇ ਭਾਈ! ਮੈਂ ਆਪਣੀ ਨੀਚਤਾ ਕਿਤਨੀ ਕੁ ਬਿਆਨ ਕਰਾਂ? ਮੈਂ (ਕਦੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕੀਤੀ, (ਮੇਰਾ ਮਨ) ਧਨ-ਪਦਾਰਥ ਅਤੇ ਇਸਤ੍ਰੀ ਦੇ ਰਸਾਂ ਵਿਚ ਹੀ ਫਸਿਆ ਰਹਿੰਦਾ ਹੈ।੧।ਰਹਾਉ।

**ਜਗ ਝੂਠੇ ਕਉ ਸਾਚੁ ਜਾਨਿ ਕੈ ਤਾ ਸਿਉ ਰੁਚ ਉਪਜਾਈ ।।**
**ਦੀਨ ਬੰਧ ਸਿਮਰਿਓ ਨਹੀ ਕਬਹੂ ਹੋਤ ਜੁ ਸੰਗਿ ਸਹਾਈ ।।੧।।**

**ਅਰਥ :-** ਹੇ ਭਾਈ! ਇਸ ਨਾਸਵੰਤ ਸੰਸਾਰ ਨੂੰ ਸਦਾ ਕਾਇਮ ਰਹਿਣ ਵਾਲਾ ਸਮਝ ਕੇ ਮੈਂ ਇਸ ਸੰਸਾਰ ਨਾਲ ਹੀ ਪ੍ਰੀਤਿ ਬਣਾਈ ਹੋਈ ਹੈ। ਮੈਂ ਉਸ ਪਰਮਾਤਮਾ ਦਾ ਨਾਮ ਕਦੇ ਨਹੀਂ ਸਿਮਰਿਆ ਜੋ ਨਿਮਾਣਿਆਂ ਦਾ ਰਿਸ਼ਤੇਦਾਰ ਹੈ, ਅਤੇ ਜੇਹੜਾ (ਸਦਾ ਸਾਡੇ) ਨਾਲ ਮਦਦਗਾਰ ਹੈ।੧।

**ਮਗਨ ਰਹਿਓ ਮਾਇਆ ਮੈ ਨਿਸ ਦਿਨਿ ਛੁਟੀ ਨ ਮਨ ਕੀ ਕਾਈ ॥**
**ਕਹਿ ਨਾਨਕ ਅਬ ਨਾਹਿ ਅਨਤ ਗਤਿ ਬਿਨੁ ਹਰਿ ਕੀ ਸਰਨਾਈ ॥੨॥੧॥੩੧॥**

**ਅਰਥ :-** ਹੇ ਭਾਈ! ਮੈਂ ਰਾਤ ਦਿਨ ਮਾਇਆ (ਦੇ ਮੋਹ) ਵਿਚ ਮਸਤ ਰਿਹਾ ਹਾਂ, (ਇਸ ਤਰ੍ਹਾਂ ਮੇਰੇ) ਮਨ ਦੀ ਮੈਲ ਦੂਰ ਨਹੀਂ ਹੋ ਸਕੀ। ਹੇ ਨਾਨਕ! ਆਖ-ਹੁਣ (ਜਦੋਂ ਮੈਂ ਗੁਰੂ ਦੀ ਸਰਨ ਪਿਆ ਹਾਂ, ਤਾਂ ਮੈਨੂੰ ਸਮਝ ਆਈ ਹੈ ਕਿ) ਪ੍ਰਭੂ ਦੀ ਸਰਣ ਪੈਣ ਤੋਂ ਬਿਨਾ ਕਿਸੇ ਭੀ ਹੋਰ ਥਾਂ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ।੨।੧।੩੧।

**ਅੰਗ ੭੨੬**

**੧ਓ ਸਤਿਗੁਰ ਪ੍ਰਸਾਦਿ ।।**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਤਿਲੰਗ ਮਹਲਾ ੯ ।।**

**ਸ਼ਬਦ ਨੰਬਰ ੩੫ : ਰਾਗ ਤਿਲੰਗ : ਅੰਗ ੭੨੬**

**ਚੇਤਨਾ ਹੈ ਤਉ ਚੇਤ ਲੈ ਨਿਸਿ ਦਿਨਿ ਮੈਂ ਪ੍ਰਾਨੀ ।।**
**ਛਿਨੁ ਛਿਨੁ ਅਉਧ ਬਿਹਾਤੁ ਹੈ ਫੂਟੇ ਘਟ ਜਿਉ ਪਾਨੀ ।।੧।। ਰਹਾਉ ।।**

**ਅਰਥ :-** ਹੇ ਮਨੁੱਖ! ਜੇ ਤੂੰ ਪਰਮਾਤਮਾ ਦਾ ਨਾਮ ਸਿਮਰਨਾ ਹੈ, ਤਾਂ ਦਿਨ ਰਾਤ ਇੱਕ ਕਰ ਕੇ ਸਿਮਰਨਾ ਸ਼ੁਰੂ ਕਰ ਦੇ, (ਕਿਉਂਕਿ) ਜਿਵੇਂ ਤ੍ਰੇੜੇ ਹੋਏ ਘੜੇ ਵਿਚੋਂ ਪਾਣੀ (ਸਹਜੇ ਸਹਜੇ ਨਿਕਲਦਾ ਰਹਿੰਦਾ ਹੈ, ਤਿਵੇਂ ਹੀ) ਇਕ ਇਕ ਛਿਨ ਕਰ ਕੇ ਉਮਰ ਬੀਤਦੀ ਜਾ ਰਹੀ ਹੈ।੧।ਰਹਾਉ।

**ਹਰਿ ਗੁਨ ਕਾਹਿ ਨ ਗਾਵਹੀ ਮੂਰਖ ਅਗਿਆਨਾ ।।**
**ਝੂਠੇ ਲਾਲਚਿ ਲਾਗਿ ਕੈ ਨਹਿ ਮਰਨੁ ਪਛਾਨਾ ॥੧॥**

**ਅਰਥ :-** ਹੇ ਮੂਰਖ ! ਹੇ ਬੇ-ਸਮਝ ! ਤੂੰ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਕਿਉਂ ਨਹੀਂ ਗਾਂਦਾ ? ਮਾਇਆ ਦੇ ਝੂਠੇ ਲਾਲਚ ਵਿਚ ਫਸ ਕੇ ਤੂੰ ਮੌਤ ਨੂੰ (ਭੀ)ਚੇਤੇ ਨਹੀਂ ਕਰਦਾ ।੧।

**ਅਜਹੂ ਕਛੁ ਬਿਗਰਿਓ ਨਹੀ ਜੋ ਪ੍ਰਭ ਗੁਨ ਗਾਵੈ ॥**
**ਕਹੁ ਨਾਨਕ ਤਿਹ ਭਜਨ ਤੇ ਨਿਰਭੈ ਪਦੁ ਪਾਵੈ ॥੨॥੧॥**

**ਅਰਥ :-** ਪਰ, ਹੇ ਨਾਨਕ! ਆਖ-ਜੇ ਮਨੁੱਖ ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦੇਵੇ (ਭਾਵੇਂ ਸਿਮਰਨ-ਹੀਨਤਾ ਵਿਚ ਕਿਤਨੀ ਭੀ ਉਮਰ ਗੁਜ਼ਰ ਚੁਕੀ ਹੋਵੇ) ਫਿਰ ਭੀ ਕੋਈ ਨੁਕਸਾਨ ਨਹੀਂ ਹੁੰਦਾ, (ਕਿਉਂਕਿ) ਉਸ ਪਰਮਾਤਮਾ ਦੇ ਭਜਨ ਦੀ ਬਰਕਤਿ ਨਾਲ ਮਨੁੱਖ ਉਹ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ, ਜਿੱਥੇ ਕੋਈ ਡਰ ਪੋਹ ਨਹੀਂ ਸਕਦਾ।੨।੧।

## ਸ਼ਬਦ ਨੰਬਰ ੩੬ : ਰਾਗ ਤਿਲੰਗ : ਅੰਗ ੭੨੬

**ਜਾਗ ਲੇਹੁ ਰੇ ਮਨਾ ਜਾਗ ਲੇਹੁ ਕਹਾ ਗਾਫਲ ਸੋਇਆ ॥**
**ਜੋ ਤਨੁ ਉਪਜਿਆ ਸੰਗ ਹੀ ਸੋ ਭੀ ਸੰਗਿ ਨ ਹੋਇਆ ॥੧॥ ਰਹਾਉ ॥**

**ਅਰਥ** : ਹੇ ਮਨ! ਹੋਸ਼ ਕਰ, ਹੋਸ਼ ਕਰ! ਤੂੰ ਕਿਉਂ (ਮਾਇਆ ਦੇ ਮੋਹ ਵਿਚ) ਬੇ-ਪਰਵਾਹ ਹੋ ਕੇ ਸੌਂ ਰਿਹਾ ਹੈਂ? (ਵੇਖ,) ਜੇਹੜਾ (ਇਹ) ਸਰੀਰ (ਮਨੁੱਖ ਦੇ) ਨਾਲ ਹੀ ਪੈਦਾ ਹੁੰਦਾ ਹੈ; ਇਹ ਭੀ (ਆਖ਼ਰ) ਨਾਲ ਨਹੀਂ ਜਾਂਦਾ।੧।ਰਹਾਉ।

**ਮਾਤ ਪਿਤਾ ਸੁਤ ਬੰਧ ਜਨ ਹਿਤੁ ਜਾ ਸਿਉ ਕੀਨਾ ।।**
**ਜੀਉ ਛੂਟਿਓ ਜਬ ਦੇਹ ਤੇ ਡਾਰਿ ਅਗਨਿ ਮਹਿ ਦੀਨਾ ।।੧।।**

**ਅਰਥ** :- ਹੇ ਮਨ! ਵੇਖ,) ਮਾਂ, ਪਿਉ, ਪੁੱਤਰ, ਰਿਸ਼ਤੇਦਾਰ-ਜਿਨ੍ਹਾਂ ਨਾਲ ਮਨੁੱਖ (ਸਾਰੀ ਉਮਰ) ਪਿਆਰ ਕਰਦਾ ਰਹਿੰਦਾ ਹੈ, ਜਦੋਂ ਜਿੰਦ ਸਰੀਰ ਵਿਚੋਂ ਵੱਖ ਹੁੰਦੀ ਹੈ, ਤਦੋਂ (ਉਹ ਸਾਰੇ ਰਿਸ਼ਤੇਦਾਰ, ਉਸ ਦੇ ਸਰੀਰ ਨੂੰ) ਅੱਗ ਵਿਚ ਪਾ ਦੇਂਦੇ ਹਨ।੧।

**ਜੀਵਤ ਲਉ ਬਿਉਹਾਰੁ ਹੈ ਜਗ ਕਉ ਤੁਮ ਜਾਨਉ ।।**
**ਨਾਨਕ ਹਰਿ ਗੁਨ ਗਾਇ ਲੈ ਸਭ ਸੁਫਨ ਸਮਾਨਉ ॥੨॥੨॥**

**ਅਰਥ :-** ਹੇ ਨਾਨਕ! ਆਖ-ਹੇ ਮਨ!) ਜਗਤ ਨੂੰ ਤੂੰ ਇਉਂ ਹੀ ਸਮਝ (ਕਿ ਇਥੇ) ਜ਼ਿੰਦਗੀ ਤਕ ਹੀ ਵਰਤਣ-ਵਿਹਾਰ ਰਹਿੰਦਾ ਹੈ। ਉਂਞ, ਇਹ ਸਾਰਾ ਸੁਪਨੇ ਵਾਂਗ ਹੀ ਹੈ। (ਇਸ ਵਾਸਤੇ ਜਦ ਤਕ ਜੀਊਂਦਾ ਹੈਂ) ਪਰਮਾਤਮਾ ਦੇ ਗੁਣ ਗਾਂਦਾ ਰਹੁ।੨।੨।

### ਸ਼ਬਦ ਨੰਬਰ ३१ : ਰਾਗ ਤਿਲੰਗ : ਅੰਗ १२१

**ਹਰਿ ਜਸੁ ਰੇ ਮਨਾ ਗਾਇ ਲੈ ਜੋ ਸੰਗੀ ਹੈ ਤੇਰੋ ॥**
**ਅਉਸਰੁ ਬੀਤਿਓ ਜਾਤੁ ਹੈ ਕਹਿਓ ਮਾਨ ਲੈ ਮੇਰੋ ॥੧॥ ਰਹਾਉ ॥**

**ਅਰਥ :-** ਹੇ ਮਨ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰ, ਇਹ ਸਿਫ਼ਤਿ-ਸਾਲਾਹ ਹੀ ਤੇਰਾ ਅਸਲੀ ਸਾਥੀ ਹੈ। ਮੇਰਾ ਬਚਨ ਮੰਨ ਲੈ। ਉਮਰ ਦਾ ਸਮਾ ਲੰਘਦਾ ਜਾ ਰਿਹਾ ਹੈ।੧।ਰਹਾਉ।

**ਸੰਪਤਿ ਰਥ ਧਨ ਰਾਜ ਸਿਉ ਅਤਿ ਨੇਹੁ ਲਗਾਇਓ ।।**
**ਕਾਲ ਫਾਸ ਜਬ ਗਲਿ ਪਰੀ ਸਭ ਭਇਓ ਪਰਾਇਓ ।।੧।।**

**ਅਰਥ :-** ਹੇ ਮਨ! ਮਨੁੱਖ ਧਨ-ਪਦਾਰਥ, ਰਥ, ਮਾਲ, ਰਾਜ ਨਾਲ ਬੜਾ ਮੋਹ ਕਰਦਾ ਹੈ। ਪਰ ਜਦੋਂ ਮੌਤ ਦੀ ਫਾਹੀ (ਉਸ ਦੇ) ਗਲ ਵਿਚ ਪੈਂਦੀ ਹੈ, ਹਰੇਕ ਚੀਜ਼ ਬਿਗਾਨੀ ਹੋ ਜਾਂਦੀ ਹੈ।੧।

**ਜਾਨਿ ਬੂਝ ਕੈ ਬਾਵਰੇ ਤੈ ਕਾਜੁ ਬਿਗਾਰਿਓ ।।**
**ਪਾਪ ਕਰਤ ਸੁਕਚਿਓ ਨਹੀ ਨਹ ਗਰਬੁ ਨਿਵਾਰਿਓ ॥੨॥**

**ਅਰਥ :-** ਹੇ ਝੱਲੇ ਮਨੁੱਖ! ਇਹ ਸਭ ਕੁਝ ਜਾਣਦਾ ਹੋਇਆ ਸਮਝਦਾ ਹੋਇਆ ਭੀ ਤੂੰ ਆਪਣਾ ਕੰਮ ਵਿਗਾੜ ਰਿਹਾ ਹੈਂ। ਤੂੰ ਪਾਪ ਕਰਦਾ (ਕਦੇ) ਸੰਗਦਾ ਨਹੀਂ, ਤੂੰ (ਇਸ ਧਨ-ਪਦਾਰਥ ਦਾ) ਮਾਣ ਭੀ ਦੂਰ ਨਹੀਂ ਕਰਦਾ।੨।

**ਜਿਹ ਬਿਧਿ ਗੁਰ ਉਪਦੇਸਿਆ ਸੋ ਸੁਨੁ ਰੇ ਭਾਈ ॥**
**ਨਾਨਕ ਕਹਤ ਪੁਕਾਰਿ ਕੈ ਗਹੁ ਪ੍ਰਭ ਸਰਨਾਈ ॥੩॥੩॥**

**ਅਰਥ :-** ਨਾਨਕ (ਤੈਨੂੰ) ਪੁਕਾਰ ਕੇ ਆਖਦਾ ਹੈ-ਹੇ ਭਾਈ! ਗੁਰੂ ਨੇ (ਮੈਨੂੰ) ਜਿਸ ਤਰ੍ਹਾਂ ਉਪਦੇਸ਼ ਕੀਤਾ ਹੈ, ਉਹ (ਤੂੰ ਭੀ) ਸੁਣ ਲੈ (ਕਿ) ਪ੍ਰਭੂ ਦੀ ਸਰਨ ਪਿਆ ਰਹੁ (ਸਦਾ ਪ੍ਰਭੂ ਦਾ ਨਾਮ ਜਪਿਆ ਕਰ) ।੩।੩।

**ਅੰਗ ੮੩੦**

**ੴ ਸਤਿਗੁਰ ਪ੍ਰਸਾਦਿ ॥**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ॥**

**ਰਾਗ ਬਿਲਾਵਲ ਮਹਲਾ ੯ ॥**

**ਸ਼ਬਦ ਨੰਬਰ ੩੮ : ਰਾਗ ਬਿਲਾਵਲ : ਅੰਗ ੮੩੦**

**ਦੁਖ ਹਰਤਾ ਹਰਿ ਨਾਮੁ ਪਛਾਨੋ ॥**
**ਅਜਾਮਲੁ ਗਨਿਕਾ ਜਿਹ ਸਿਮਰਤ ਮੁਕਤ ਭਏ ਜੀਅ ਜਾਨੋ ॥੧॥ ਰਹਾਉ ॥**

**ਅਰਥ :-** ਹੇ ਭਾਈ! ਪਰਮਾਤਮਾ ਦੇ ਨਾਮ ਨਾਲ ਸਾਂਝ ਪਾਈ ਰੱਖ, ਇਹ ਨਾਮ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। ਇਸ ਨਾਮ ਨੂੰ ਸਿਮਰਦਿਆਂ ਸਿਮਰਦਿਆਂ ਅਜਾਮਲ ਵਿਕਾਰਾਂ ਤੋਂ ਹਟ ਗਿਆ, ਗਨਿਕਾ ਵਿਕਾਰਾਂ ਤੋਂ ਮੁਕਤ ਹੋ ਗਈ। ਤੂੰ ਭੀ ਆਪਣੇ ਹਿਰਦੇ ਵਿਚ ਉਸ ਹਰਿ-ਨਾਮ ਨਾਲ ਜਾਣ-ਪਛਾਣ ਬਣਾਈ ਰੱਖ।੧।ਰਹਾਉ।

**ਗਜ ਕੀ ਤ੍ਰਾਸ ਮਿਟੀ ਛਿਨਹੂ ਮਹਿ ਜਬ ਹੀ ਰਾਮੁ ਬਖਾਨੋ ॥**
**ਨਾਰਦ ਕਹਤ ਸੁਨਤ ਧ੍ਰੂਅ ਬਾਰਿਕ ਭਜਨ ਮਾਹਿ ਲਪਟਾਨੋ ॥੧॥**

**ਅਰਥ :-** ਹੇ ਭਾਈ! ਜਦੋਂ ਗਜ ਨੇ ਪਰਮਾਤਮਾ ਦਾ ਨਾਮ ਉਚਾਰਿਆ, ਉਸ ਦੀ ਬਿਪਤਾ ਭੀ ਇਕ ਛਿਨ ਵਿਚ ਹੀ ਦੂਰ ਹੋ ਗਈ। ਨਾਰਦ ਦਾ ਕੀਤਾ ਹੋਇਆ ਉਪਦੇਸ਼ ਸੁਣਦਿਆਂ ਬਾਲਕ ਧ੍ਰੂ ਪਰਮਾਤਮਾ ਦੇ ਭਜਨ ਵਿਚ ਮਸਤ ਹੋ ਗਿਆ।੧।

**ਅਚਲ ਅਮਰ ਨਿਰਭੈ ਪਦੁ ਪਾਇਓ ਜਗਤ ਜਾਹਿ ਹੈਰਾਨੋ ॥**
**ਨਾਨਕ ਕਹਤ ਭਗਤ ਰਛਕ ਹਰਿ ਨਿਕਟਿ ਤਾਹਿ ਤੁਮ ਮਾਨੋ ॥੨॥੧॥**

**ਅਰਥ :-** (ਹਰਿ-ਨਾਮ ਦੇ ਭਜਨ ਦੀ ਬਰਕਤ ਨਾਲ ਧ੍ਰੂ ਨੇ) ਐਸਾ ਆਤਮਕ ਦਰਜਾ ਪ੍ਰਾਪਤ ਕਰ ਲਿਆ ਜੋ ਸਦਾ ਲਈ ਅਟੱਲ ਤੇ ਅਮਰ ਹੋ ਗਿਆ। ਉਸ ਨੂੰ ਵੇਖ ਕੇ ਦੁਨੀਆ ਹੈਰਾਨ ਹੋ ਰਹੀ ਹੈ। ਨਾਨਕ ਆਖਦਾ ਹੈ-ਹੇ ਭਾਈ! ਤੂੰ ਭੀ ਉਸ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝ, ਉਹ ਪਰਮਾਤਮਾ ਆਪਣੇ ਭਗਤਾਂ ਦੀ ਰੱਖਿਆ ਕਰਨ ਵਾਲਾ ਹੈ।੨।੧।

## ਸ਼ਬਦ ਨੰਬਰ ੩੯ : ਰਾਗ ਬਿਲਾਵਲ : ਅੰਗ ੮੩੦

**ਹਰਿ ਕੇ ਨਾਮ ਬਿਨਾ ਦੁਖੁ ਪਾਵੈ ।।**
**ਭਗਤਿ ਬਿਨਾ ਸਹਸਾ ਨਹ ਚੂਕੈ ਗੁਰੁ ਇਹੁ ਭੇਦੁ ਬਤਾਵੈ ।।੧।। ਰਹਾਉ ।।**

**ਅਰਥ :-** ਹੇ ਭਾਈ! ਗੁਰੂ (ਜੀਵਨ-ਮਾਰਗ ਦੀ) ਇਹ ਡੂੰਘੀ ਗੱਲ ਦੱਸਦਾ ਹੈ, ਕਿ ਪਰਮਾਤਮਾ ਦੀ ਭਗਤੀ ਕਰਨ ਤੋਂ ਬਿਨਾ ਮਨੁੱਖ ਦਾ ਸਹਿਮ ਖ਼ਤਮ ਨਹੀਂ ਹੁੰਦਾ, ਪਰਮਾਤਮਾ ਦਾ ਨਾਮ (ਸਿਮਰਨ) ਤੋਂ ਬਿਨਾ ਦੁੱਖ ਸਹਾਰਦਾ ਰਹਿੰਦਾ ਹੈ।੧।ਰਹਾਉ।

**ਕਹਾ ਭਇਓ ਤੀਰਥ ਬ੍ਰਤ ਕੀਏ ਰਾਮ ਸਰਨਿ ਨਹੀ ਆਵੈ ॥**
**ਜੋਗ ਜਗ ਨਿਹਫਲ ਤਿਹ ਮਾਨਉ ਜੋ ਪ੍ਰਭ ਜਸੁ ਬਿਸਰਾਵੈ ॥੧॥**

**ਅਰਥ :-** ਹੇ ਭਾਈ! ਜੇ ਮਨੁੱਖ ਪਰਮਾਤਮਾ ਦੀ ਸਰਨ ਨਹੀਂ ਪੈਂਦਾ, ਤਾਂ ਉਸ ਦੇ ਤੀਰਥ-ਜਾਤ੍ਰਾ ਕਰਨ ਦਾ ਕੋਈ ਲਾਭ ਨਹੀਂ, ਵਰਤ ਰੱਖਣ ਦਾ ਕੋਈ ਫ਼ਾਇਦਾ ਨਹੀਂ। ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਭੁਲਾ ਦੇਂਦਾ ਹੈ, ਮੈਂ ਸਮਝਦਾ ਹਾਂ ਕਿ ਉਸ ਦੇ ਜੋਗ-ਸਾਧਨ ਅਤੇ ਜੱਗ (ਆਦਿਕ ਕਰਮ ਸਭ) ਵਿਅਰਥ ਹਨ।੧।

**ਮਾਨ ਮੋਹ ਦੋਨੋ ਕਉ ਪਰਹਰਿ ਗੋਬਿੰਦ ਕੇ ਗੁਨ ਗਾਵੈ ॥**
**ਕਹੁ ਨਾਨਕ ਇਹ ਬਿਧਿ ਕੋ ਪ੍ਰਾਨੀ ਜੀਵਨ ਮੁਕਤਿ ਕਹਾਵੈ ॥੨॥੨॥**

**ਅਰਥ :-** ਹੇ ਨਾਨਕ! ਆਖ-ਜੇਹੜਾ ਮਨੁੱਖ ਅਹੰਕਾਰ ਅਤੇ ਮਾਇਆ ਦਾ ਮੋਹ ਛੱਡ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਜੇਹੜਾ ਮਨੁੱਖ ਇਸ ਕਿਸਮ ਦਾ ਜੀਵਨ ਬਿਤੀਤ ਕਰਨ ਵਾਲਾ ਹੈ, ਉਹ ਜੀਵਨ-ਮੁਕਤਿ ਅਖਵਾਂਦਾ ਹੈ (ਉਹ ਮਨੁੱਖ ਉਸ ਸ਼੍ਰੇਣੀ ਵਿਚੋਂ ਗਿਣਿਆ ਜਾਂਦਾ ਹੈ, ਜੇਹੜੇ ਇਸ ਜ਼ਿੰਦਗੀ ਵਿਚ ਵਿਕਾਰਾਂ ਦੀ ਪਕੜ ਤੋਂ ਬਚੇ ਰਹਿੰਦੇ ਹਨ) ।੨।

## ਸ਼ਬਦ ਨੰਬਰ ੪੦ : ਰਾਗ ਬਿਲਾਵਲ : ਅੰਗ ੮੩੧

**ਜਾ ਮੈ ਭਜਨੁ ਰਾਮ ਕੋ ਨਾਹੀ ॥**
**ਤਿਹ ਨਰ ਜਨਮੁ ਅਕਾਰਥੁ ਖੋਇਆ ਯਹ ਰਾਖਹੁ ਮਨ ਮਾਹੀ ॥੧॥ ਰਹਾਉ ॥**

**ਅਰਥ :-** ਹੇ ਭਾਈ! ਇਹ ਗੱਲ ਪੱਕੀ ਚੇਤੇ ਰੱਖੋ ਕਿ ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦੇ ਨਾਮ ਦਾ ਭਜਨ ਨਹੀਂ ਹੈ ਉਸ ਮਨੁੱਖ ਨੇ ਆਪਣੀ ਜ਼ਿੰਦਗੀ ਵਿਅਰਥ ਹੀ ਗਵਾ ਲਈ ਹੈ।੧।ਰਹਾਉ।

**ਤੀਰਥ ਕਰੈ ਬ੍ਰਤ ਫੁਨਿ ਰਾਖੈ ਨਹ ਮਨੂਆ ਬਸਿ ਜਾ ਕੋ ॥**
**ਨਿਹਫਲ ਧਰਮੁ ਤਾਹਿ ਤੁਮ ਮਾਨਹੁ ਸਾਚੁ ਕਹਤ ਮੈ ਯਾ ਕਉ ॥੧॥**

**ਅਰਥ :-** ਹੇ ਭਾਈ! ਜਿਸ ਮਨੁੱਖ ਦਾ ਮਨ ਆਪਣੇ ਵੱਸ ਵਿਚ ਨਹੀਂ ਹੈ, ਉਹ ਭਾਵੇਂ ਤੀਰਥਾਂ ਦੇ ਇਸ਼ਨਾਨ ਕਰਦਾ ਹੈ ਵਰਤ ਭੀ ਰੱਖਦਾ ਹੈ, ਪਰ ਤੁਸੀ (ਇਹ ਤੀਰਥ ਵਰਤ ਆਦਿਕ ਵਾਲਾ) ਉਸ ਦਾ ਧਰਮ ਵਿਅਰਥ ਸਮਝੋ। ਮੈਂ ਅਜੇਹੇ ਮਨੁੱਖ ਨੂੰ ਭੀ ਇਹ ਸੱਚੀ ਗੱਲ ਆਖ ਦੇਂਦਾ ਹਾਂ।੧।

**ਜੈਸੇ ਪਾਹਨੁ ਜਲ ਮਹਿ ਰਾਖਿਓ ਭੇਦੈ ਨਾਹਿ ਤਿਹ ਪਾਨੀ ॥**
**ਤੈਸੇ ਹੀ ਤੁਮ ਤਾਹਿ ਪਛਾਨਹੁ ਭਗਤਿ ਹੀਨ ਜੋ ਪ੍ਰਾਨੀ ॥੨॥**

**ਅਰਥ :-** ਹੇ ਭਾਈ! ਜਿਵੇਂ ਪੱਥਰ ਪਾਣੀ ਵਿਚ ਰੱਖਿਆ ਹੋਇਆ ਹੋਵੇ, ਉਸ ਨੂੰ ਪਾਣੀ ਵਿੰਨ੍ਹ ਨਹੀਂ ਸਕਦਾ। (ਪਾਣੀ ਉਸ ਉਤੇ ਅਸਰ ਨਹੀਂ ਕਰ ਸਕਦਾ) , ਇਹੋ ਜਿਹਾ ਹੀ ਤੁਸੀ ਉਸ ਮਨੁੱਖ ਨੂੰ ਸਮਝੋ ਜੋ ਪ੍ਰਭੂ ਦੀ ਭਗਤੀ ਤੋਂ ਵਾਂਜਿਆਂ ਰਹਿੰਦਾ ਹੈ।੨।

ਕਲ ਮੈ ਮੁਕਤਿ ਨਾਮ ਤੇ ਪਾਵਤ ਗੁਰੁ ਯਹ ਭੇਦੁ ਬਤਾਵੈ ॥
ਕਹੁ ਨਾਨਕ ਸੋਈ ਨਰੁ ਗਰੂਆ ਜੋ ਪ੍ਰਭ ਕੇ ਗੁਨ ਗਾਵੈ ॥੩॥੩॥

**ਅਰਥ :-** ਹੇ ਭਾਈ! ਗੁਰੂ ਜ਼ਿੰਦਗੀ ਦਾ ਇਹ ਰਾਜ਼ ਦੱਸਦਾ ਹੈ ਕਿ ਮਨੁੱਖਾ ਜੀਵਨ ਵਿਚ ਇਨਸਾਨ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਕਰ ਸਕਦਾ ਹੈ। ਹੇ ਨਾਨਕ! ਆਖ-ਉਹੀ ਮਨੁੱਖ ਆਦਰ-ਜੋਗ ਹੈ ਜੇਹੜਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ।੩।੩।

**ਅੰਗ ੯੦੧**

**ੴ ਸਤਿਗੁਰ ਪ੍ਰਸਾਦਿ ॥**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ॥**

**ਰਾਗ ਰਾਮਕਲੀ ਮਹਲਾ ੯ ॥**

**ਸ਼ਬਦ ਨੰਬਰ ੪੧ : ਰਾਗ ਰਾਮਕਲੀ : ਅੰਗ ੯੦੧**

**ਰੇ ਮਨ ਓਟ ਲੇਹੁ ਹਰਿ ਨਾਮਾ ॥**
**ਜਾ ਕੈ ਸਿਮਰਨਿ ਦੁਰਮਤਿ ਨਾਸੈ ਪਾਵਹਿ ਪਦੁ ਨਿਰਬਾਨਾ ॥੧॥ ਰਹਾਉ ॥**

**ਅਰਥ** :- ਹੇ (ਮੇਰੇ) ਮਨ! ਪਰਮਾਤਮਾ ਦੇ ਨਾਮ ਦਾ ਆਸਰਾ ਲਿਆ ਕਰ, ਜਿਸ ਨਾਮ ਦੇ ਸਿਮਰਨ ਨਾਲ ਖੋਟੀ ਮਤਿ ਨਾਸ ਹੋ ਜਾਂਦੀ ਹੈ, (ਨਾਮ ਦੀ ਬਰਕਤਿ ਨਾਲ) ਤੂੰ ਉਹ ਆਤਮਕ ਦਰਜਾ ਹਾਸਲ ਕਰ ਲਏਂਗਾ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ।1। ਰਹਾਉ।

**ਬਡਭਾਗੀ ਤਿਹ ਜਨ ਕਉ ਜਾਨਹੁ ਜੋ ਹਰਿ ਕੇ ਗੁਨ ਗਾਵੈ ॥**
**ਜਨਮ ਜਨਮ ਕੇ ਪਾਪ ਖੋਇ ਕੈ ਫੁਨਿ ਬੈਕੁੰਠਿ ਸਿਧਾਵੈ ॥੧॥**

**ਅਰਥ** :- ਹੇ (ਮੇਰੇ)ਮਨ ! ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਸ ਨੂੰ ਵਡੇ ਭਾਗਾਂ ਵਾਲਾ ਸਮਝ। ਉਹ ਮਨੁੱਖ ਅਨੇਕਾਂ ਜਨਮਾਂ ਦੇ ਪਾਪ ਦੂਰ ਕਰਕੇ ਫਿਰ ਬੈਕੁੰਠ ਵਿਚ ਜਾ ਪਹੁੰਚਦਾ ਹੈ ।੧।

**ਅਜਾਮਲ ਕਉ ਅੰਤ ਕਾਲ ਮਹਿ ਨਾਰਾਇਨ ਸੁਧਿ ਆਈ ॥**
**ਜਾਂ ਗਤਿ ਕਉ ਜੋਗੀਸੁਰ ਬਾਛਤ ਸੋ ਗਤਿ ਛਿਨ ਮਹਿ ਪਾਈ ॥੨॥**

**ਅਰਥ** :- (ਹੇ ਮੇਰੇ ਮਨ ! ਵੇਖ, ਪੁਰਾਣੀ ਪ੍ਰਸਿੱਧ ਕਥਾ ਹੈ ਕਿ) ਅਖ਼ੀਰਲੇ ਵੇਲੇ (ਪਾਪੀ) ਅਜਾਮਲ ਨੂੰ ਪਰਮਾਤਮਾ ਦੇ ਨਾਮ ਦੀ ਸੂਝ ਆ ਗਈ, ਉਸ ਨੇ ਉਹ ਉੱਚੀ ਆਤਮਕ ਅਵਸਥਾ ਇਕ ਪਲਕ ਵਿਚ ਹਾਸਲ ਕਰ ਲਈ, ਜਿਸ ਆਤਮਕ ਅਵਸਥਾ ਨੂੰ ਵੱਡੇ ਵੱਡੇ ਜੋਗੀ ਤਾਂਘਦੇ ਰਹਿੰਦੇ ਹਨ ।2।

**ਨਾਹਿਨ ਗੁਨੁ ਨਾਹਿਨ ਕਛੁ ਬਿਦਿਆ ਧਰਮੁ ਕਉਨੁ ਗਜਿ ਕੀਨਾ ॥**
**ਨਾਨਕ ਬਿਰਦੁ ਰਾਮ ਕਾ ਦੇਖਹੁ ਅਭੈ ਦਾਨੁ ਤਿਹ ਦੀਨਾ ॥੩॥੧॥**

**ਅਰਥ** :- ਹੇ ਨਾਨਕ! (ਆਖ– ਹੇ ਮੇਰੇ ਮਨ! ਗਜ ਦੀ ਕਥਾ ਭੀ ਸੁਣ। ਗਜ ਵਿਚ) ਨਾਹ ਕੋਈ ਗੁਣ ਸੀ, ਨਾਹ ਹੀ ਉਸ ਨੂੰ ਕੋਈ ਵਿੱਦਿਆ ਪ੍ਰਾਪਤ ਸੀ। (ਉਸ ਵਿਚਾਰੇ) ਗਜ ਨੇ ਕਿਹੜਾ ਧਾਰਮਿਕ ਕੰਮ ਕਰਨਾ ਸੀ ? ਪਰ ਵੇਖ ਪਰਮਾਤਮਾ ਦਾ ਮੁੱਢ-ਕਦੀਮਾਂ ਦਾ ਸੁਭਾਉ, ਪਰਮਾਤਮਾ ਨੇ ਉਸ ਗਜ ਨੂੰ ਨਿਰਭੈਤਾ ਦੀ ਪਦਵੀ ਬਖ਼ਸ਼ ਦਿੱਤੀ।3।1।

## ਸ਼ਬਦ ਨੰਬਰ ੪੨ : ਰਾਗ ਰਾਮਕਲੀ : ਅੰਗ ੯੦੨

ਸਾਧੋ ਕਉਨ ਜੁਗਤਿ ਅਬ ਕੀਜੈ ॥
ਜਾ ਤੇ ਦੁਰਮਤਿ ਸਗਲ ਬਿਨਾਸੈ ਰਾਮ ਭਗਤਿ ਮਨੁ ਭੀਜੈ ॥੧॥ ਰਹਾਉ ॥

**ਅਰਥ :-** ਹੇ ਸੰਤ ਜਨੋ! ਹੁਣ (ਇਸ ਮਨੁੱਖਾ ਜਨਮ ਵਿਚ ਉਹ) ਕਿਹੜੀ ਵਿਓਂਤ ਕੀਤੀ ਜਾਏ, ਜਿਸ ਦੇ ਕਰਨ ਨਾਲ (ਮਨੁੱਖ ਦੇ ਅੰਦਰੋਂ) ਸਾਰੀ ਖੋਟੀ ਮਤਿ ਨਾਸ ਹੋ ਜਾਏ, ਅਤੇ (ਮਨੁੱਖ ਦਾ) ਮਨ ਪਰਮਾਤਮਾ ਦੀ ਭਗਤੀ ਵਿਚ ਰਚ-ਮਿਚ ਜਾਏ?।1। ਰਹਾਉ।

ਮਨੁ ਮਾਇਆ ਮਹਿ ਉਰਝਿ ਰਹਿਓ ਹੈ ਬੂਝੈ ਨਹ ਕਛੁ ਗਿਆਨਾ ॥
ਕਉਨੁ ਨਾਮੁ ਜਗੁ ਜਾ ਕੈ ਸਿਮਰੈ ਪਾਵੈ ਪਦੁ ਨਿਰਬਾਨਾ ॥੧॥

**ਅਰਥ :-** ਹੇ ਸੰਤ ਜਨੋ! (ਆਮ ਤੌਰ ਤੇ ਮਨੁੱਖ ਦਾ) ਮਨ ਮਾਇਆ (ਦੇ ਮੋਹ) ਵਿਚ ਉਲਝਿਆ ਰਹਿੰਦਾ ਹੈ, ਮਨੁੱਖ ਰਤਾ ਭਰ ਭੀ ਸਿਆਣਪ ਦੀ ਇਹ ਗੱਲ ਨਹੀਂ ਵਿਚਾਰਦਾ ਕਿ ਉਹ ਕਿਹੜਾ ਨਾਮ ਹੈ ਜਿਸ ਦਾ ਸਿਮਰਨ ਕਰਨ ਨਾਲ ਜਗਤ ਵਾਸਨਾ-ਰਹਿਤ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ।1।

ਭਏ ਦਇਆਲ ਕ੍ਰਿਪਾਲ ਸੰਤ ਜਨ ਤਬ ਇਹ ਬਾਤ ਬਤਾਈ ॥
ਸਰਬ ਧਰਮ ਮਾਨੋ ਤਿਹ ਕੀਏ ਜਿਹ ਪ੍ਰਭ ਕੀਰਤਿ ਗਾਈ ॥੨॥

**ਅਰਥ :-** ਹੇ ਭਾਈ! ਜਦੋਂ ਸੰਤ ਜਨ (ਕਿਸੇ ਭਾਗਾਂ ਵਾਲੇ ਉਤੇ) ਦਇਆਵਾਨ ਹੁੰਦੇ ਹਨ ਕਿਰਪਾਲ ਹੁੰਦੇ ਹਨ, ਤਦੋਂ ਉਹ (ਉਸ ਮਨੁੱਖ ਨੂੰ) ਇਹ ਗੱਲ ਦੱਸਦੇ ਹਨ ਕਿ ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ, ਇਉਂ ਮਿਥ ਲਵੋ ਕਿ ਉਸ ਨੇ ਸਾਰੇ ਹੀ ਧਾਰਮਿਕ ਕੰਮ ਕਰ ਲਏ।2।

ਰਾਮ ਨਾਮੁ ਨਰੁ ਨਿਸਿ ਬਾਸੁਰ ਮਹਿ ਨਿਮਖ ਏਕ ਉਰਿ ਧਾਰੈ ॥
ਜਮ ਕੋ ਤ੍ਰਾਸੁ ਮਿਟੈ ਨਾਨਕ ਤਿਹ ਅਪੁਨੋ ਜਨਮੁ ਸਵਾਰੈ ॥੩॥੨॥

**ਅਰਥ :-** ਹੇ ਨਾਨਕ! (ਆਖ– ਹੇ ਭਾਈ! ਜਿਹੜਾ) ਮਨੁੱਖ ਦਿਨ ਰਾਤ ਵਿਚ ਅੱਖ ਦੇ ਇਕ ਫੋਰ ਲਈ ਭੀ ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਂਦਾ ਹੈ, ਉਹ ਮਨੁੱਖ ਆਪਣਾ (ਮਨੁੱਖਾ) ਜਨਮ ਸਫਲ ਕਰ ਲੈਂਦਾ ਹੈ, ਉਸ ਮਨੁੱਖ ਦੇ ਦਿਲ ਵਿਚੋਂ ਮੌਤ ਦਾ ਸਹਿਮ ਦੂਰ ਹੋ ਜਾਂਦਾ ਹੈ।3।2।

## ਸ਼ਬਦ ਨੰਬਰ ੪੩ : ਰਾਗ ਰਾਮਕਲੀ : ਅੰਗ ੯੦੨

**ਪ੍ਰਾਨੀ ਨਾਰਾਇਨ ਸੁਧਿ ਲੇਹਿ ॥**
**ਛਿਨੁ ਛਿਨੁ ਅਉਧ ਘਟੈ ਨਿਸਿ ਬਾਸੁਰ ਬ੍ਰਿਥਾ ਜਾਤੁ ਹੈ ਦੇਹ ॥੧॥ ਰਹਾਉ ॥**

**ਅਰਥ :-** ਹੇ ਭਾਈ! ਪਰਮਾਤਮਾ ਦੀ ਯਾਦ ਹਿਰਦੇ ਵਿਚ ਵਸਾਈ ਰੱਖ। (ਪ੍ਰਭੂ ਦੀ ਯਾਦ ਤੋਂ ਬਿਨਾ ਤੇਰਾ ਮਨੁੱਖਾ) ਸਰੀਰ ਵਿਅਰਥ ਜਾ ਰਿਹਾ ਹੈ। ਦਿਨੇ ਰਾਤ ਇਕ ਇਕ ਛਿਨ ਕਰ ਕੇ ਤੇਰੀ ਉਮਰ ਘਟਦੀ ਜਾ ਰਹੀ ਹੈ।1। ਰਹਾਉ।

**ਤਰਨਾਪੋ ਬਿਖਿਅਨ ਸਿਉ ਖੋਇਓ ਬਾਲਪਨੁ ਅਗਿਆਨਾ ॥**
**ਬਿਰਧਿ ਭਇਓ ਅਜਹੂ ਨਹੀ ਸਮਝੈ ਕਉਨ ਕੁਮਤਿ ਉਰਝਾਨਾ ॥੧॥**

**ਅਰਥ :-** (ਜੀਵ ਭੀ ਅਜਬ ਮੰਦਭਾਗੀ ਹੈ ਕਿ ਇਸ ਨੇ) ਜਵਾਨੀ (ਦੀ ਉਮਰ) ਵਿਸ਼ੇ-ਵਿਕਾਰਾਂ ਵਿਚ ਗਵਾ ਲਈ, ਬਾਲ-ਉਮਰ ਅੰਞਾਣ-ਪੁਣੇ ਵਿਚ (ਗਵਾ ਲਈ। ਹੁਣ) ਬੁੱਢਾ ਹੋ ਗਿਆ ਹੈ, ਪਰ ਅਜੇ ਭੀ ਨਹੀਂ ਸਮਝਦਾ। (ਪਤਾ ਨਹੀਂ ਇਹ) ਕਿਸ ਖੋਟੀ ਮਤਿ ਵਿਚ ਫਸਿਆ ਪਿਆ ਹੈ।1।

**ਮਾਨਸ ਜਨਮੁ ਦੀਓ ਜਿਹ ਠਾਕੁਰਿ ਸੋ ਤੈ ਕਿਉ ਬਿਸਰਾਇਓ ॥**
**ਮੁਕਤੁ ਹੋਤ ਨਰ ਜਾ ਕੈ ਸਿਮਰੈ ਨਿਮਖ ਨ ਤਾ ਕਉ ਗਾਇਓ ॥੨॥**

**ਅਰਥ :-** ਹੇ ਪ੍ਰਾਣੀ! ਜਿਸ ਠਾਕੁਰ-ਪ੍ਰਭੂ ਨੇ (ਤੈਨੂੰ) ਮਨੁੱਖਾ ਜਨਮ ਦਿੱਤਾ ਹੋਇਆ ਹੈ, ਤੂੰ ਉਸ ਨੂੰ ਕਿਉਂ ਭੁਲਾ ਰਿਹਾ ਹੈਂ? ਹੇ ਨਰ! ਜਿਸ ਪਰਮਾਤਮਾ ਦਾ ਨਾਮ ਸਿਮਰਨ ਨਾਲ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਹੁੰਦੀ ਹੈ ਤੂੰ ਅੱਖ ਦੇ ਇਕ ਫੋਰ ਲਈ ਭੀ ਉਸ (ਦੀ ਸਿਫ਼ਤਿ-ਸਾਲਾਹ) ਨੂੰ ਨਹੀਂ ਗਾਂਦਾ।2।

**ਮਾਇਆ ਕੋ ਮਦੁ ਕਹਾ ਕਰਤੁ ਹੈ ਸੰਗਿ ਨ ਕਾਹੂ ਜਾਈ ॥**
**ਨਾਨਕੁ ਕਹਤੁ ਚੇਤਿ ਚਿੰਤਾਮਨਿ ਹੋਇ ਹੈ ਅੰਤਿ ਸਹਾਈ ॥੩॥੩॥੮੧॥**

**ਅਰਥ :-** ਹੇ ਪ੍ਰਾਣੀ! ਕਿਉਂ ਮਾਇਆ ਦਾ (ਇਤਨਾ) ਮਾਣ ਤੂੰ ਕਰ ਰਿਹਾ ਹੈਂ? (ਇਹ ਤਾਂ) ਕਿਸੇ ਦੇ ਨਾਲ ਭੀ (ਅਖ਼ੀਰ ਵੇਲੇ) ਨਹੀਂ ਜਾਂਦੀ। ਨਾਨਕ ਆਖਦਾ ਹੈ– ਹੇ ਭਾਈ! ਪਰਮਾਤਮਾ ਦਾ ਸਿਮਰਨ ਕਰਦਾ ਰਹੁ। ਅੰਤ ਵੇਲੇ ਉਹ ਤੇਰਾ ਮਦਦਗਾਰ ਹੋਵੇਗਾ।3। 3। 81।

**ਅੰਗ ੧੦੦੮**

**ੴ ਸਤਿਗੁਰ ਪ੍ਰਸਾਦਿ ॥**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ॥**

**ਰਾਗ ਮਾਰੂ ਮਹਲਾ ੯ ॥**

**ਸ਼ਬਦ ਨੰਬਰ ੪੪ : ਰਾਗ ਮਾਰੂ : ਅੰਗ ੧੦੦੮**

**ਹਰਿ ਕੋ ਨਾਮੁ ਸਦਾ ਸੁਖਦਾਈ ॥**
**ਜਾ ਕਉ ਸਿਮਰਿ ਅਜਾਮਲੁ ਉਧਰਿਓ ਗਨਿਕਾ ਹੂ ਗਤਿ ਪਾਈ ॥੧॥ ਰਹਾਉ ॥**

**ਅਰਥ** :- ਹੇ ਭਾਈ ! ਪਰਮਾਤਮਾ ਦਾ ਨਾਮ ਸਦਾ ਆਤਮਕ ਆਨੰਦ ਦੇਣ ਵਾਲਾ ਹੈ, ਜਿਸ ਨਾਮ ਨੂੰ ਸਿਮਰ ਕੇ ਅਜਾਮਲ ਵਿਕਾਰਾਂ ਤੋਂ ਬਚ ਗਿਆ ਸੀ, (ਇਸ ਨਾਮ ਨੂੰ ਸਿਮਰ ਕੇ) ਵੇਸੁਆ ਨੇ ਭੀ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ ਸੀ।1। ਰਹਾਉ।

**ਪੰਚਾਲੀ ਕਉ ਰਾਜ ਸਭਾ ਮਹਿ ਰਾਮ ਨਾਮ ਸੁਧਿ ਆਈ ॥**
**ਤਾ ਕੋ ਦੂਖੁ ਹਰਿਓ ਕਰੁਣਾ ਮੈ ਅਪਨੀ ਪੈਜ ਬਢਾਈ ॥੧॥**

**ਅਰਥ** :- ਹੇ ਭਾਈ ! ਦੁਰਯੋਧਨ ਦੇ ਰਾਜ-ਦਰਬਾਰ ਵਿਚ ਦ੍ਰੋਪਦੀ ਨੇ (ਭੀ) ਪਰਮਾਤਮਾ ਦੇ ਨਾਮ ਦਾ ਧਿਆਨ ਧਰਿਆ ਸੀ, ਤੇ ਤਰਸ-ਸਰੂਪ ਪਰਮਾਤਮਾ ਨੇ ਉਸ ਦਾ ਦੁੱਖ ਦੂਰ ਕੀਤਾ ਸੀ, (ਤੇ ਇਸ ਤਰ੍ਹਾਂ) ਆਪਣਾ ਨਾਮਣਾ ਵਧਾਇਆ ਸੀ ।੧।

**ਜਿਹ ਨਰ ਜਸੁ ਕਿਰਪਾ ਨਿਧਿ ਗਾਇਓ ਤਾ ਕਉ ਭਇਓ ਸਹਾਈ ॥**
**ਕਹੁ ਨਾਨਕ ਮੈ ਇਹੀ ਭਰੋਸੈ ਗਹੀ ਆਨਿ ਸਰਨਾਈ ॥੨॥੧॥**

**ਅਰਥ** :- ਹੇ ਭਾਈ ! ਜਿੰਨ੍ਹਾਂ ਭੀ ਬੰਦਿਆਂ ਨੇ ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਕੀਤੀ, ਪਰਮਾਤਮਾ ਉਹਨਾਂ ਨੂੰ ਮਦਦਗਾਰ (ਹੋ ਕੇ) ਬਹੁੜਿਆ । ਹੇ ਨਾਨਕ ! ਆਖ- ਮੈਂ ਭੀ ਇਸੇ ਹੀ ਭਰੋਸੇ ਤੇ ਆ ਕੇ ਪਰਮਾਤਮਾ ਦੀ ਹੀ ਸਰਨ ਲਈ ਹੈ ।੨।੧।

## ਸ਼ਬਦ ਨੰਬਰ ੪੫ : ਰਾਗ ਮਾਰੂ : ਅੰਗ ੧੦੦੮

ਅਬ ਮੈ ਕਹਾ ਕਰਉ ਰੀ ਮਾਈ ॥
ਸਗਲ ਜਨਮੁ ਬਿਖਿਅਨ ਸਿਉ ਖੋਇਆ ਸਿਮਰਿਓ ਨਾਹਿ ਕਨੑਾਈ ॥੧॥ ਰਹਾਉ ॥

**ਅਰਥ** :- ਹੇ ਮਾਂ ! ਵੇਲਾ ਵਿਹਾ ਜਾਣ ਤੇ ਮੈਂ ਕੀਹ ਕਰ ਸਕਦਾ ਹਾਂ? (ਭਾਵ, ਵੇਲਾ ਵਿਹਾ ਜਾਣ ਤੇ ਮਨੁੱਖ ਕੁਝ ਭੀ ਨਹੀਂ ਕਰ ਸਕਦਾ) । ਜਿਸ ਮਨੁੱਖ ਨੇ ਸਾਰੀ ਜ਼ਿੰਦਗੀ ਵਿਸ਼ੇ-ਵਿਕਾਰਾਂ ਵਿਚ ਗਵਾ ਲਈ, ਤੇ, ਪਰਮਾਤਮਾ ਦਾ ਸਿਮਰਨ ਕਦੇ ਭੀ ਨਾਹ ਕੀਤਾ (ਉਹ ਸਮਾ ਖੁੰਝ ਜਾਣ ਤੇ ਫਿਰ ਕੁਝ ਨਹੀਂ ਕਰ ਸਕਦਾ) ।1। ਰਹਾਉ।

**ਕਾਲ ਫਾਸ ਜਬ ਗਰ ਮਹਿ ਮੇਲੀ ਤਿਹ ਸੁਧਿ ਸਭ ਬਿਸਰਾਈ ।।**
**ਰਾਮ ਨਾਮ ਬਿਨੁ ਯਾ ਸੰਕਟ ਮਹਿ ਕੋ ਅਬ ਹੋਤ ਸਹਾਈ ।।੧।।**

**ਅਰਥ** :- ਹੇ ਮਾਂ ! ਜਦੋਂ ਜਮਰਾਜ (ਮਨੁੱਖ ਦੇ) ਗਲ ਵਿਚ ਮੌਤ ਦੀ ਫਾਹੀ ਪਾ ਦੇਂਦਾ ਹੈ, ਤਦੋਂ ਉਹ ਉਸ ਦੀ ਸਾਰੀ ਸੁਧ-ਬੁਧ ਭੁਲਾ ਦੇਂਦਾ ਹੈ। ਉਸ ਬਿਪਤਾ ਵਿਚ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ ਮਦਦਗਾਰ ਨਹੀਂ ਬਣ ਸਕਦਾ (ਜਮਾਂ ਦੀ ਫਾਹੀ ਤੋਂ, ਆਤਮਕ ਮੌਤ ਤੋਂ ਸਹਿਮ ਤੋਂ ਸਿਰਫ਼ ਹਰਿ-ਨਾਮ ਹੀ ਬਚਾਂਦਾ ਹੈ) ।1।

**ਜੋ ਸੰਪਤਿ ਅਪਨੀ ਕਰਿ ਮਾਨੀ ਛਿਨ ਮਹਿ ਭਈ ਪਰਾਈ ॥**
**ਕਹੁ ਨਾਨਕ ਯਹ ਸੋਚ ਰਹੀ ਮਨਿ ਹਰਿ ਜਸੁ ਕਬਹੂ ਨ ਗਾਈ ॥੨॥੨॥**

**ਅਰਥ** :- ਹੇ ਮਾਂ ! ਜਿਹੜੇ ਧਨ-ਪਦਾਰਥ ਨੂੰ ਮਨੁੱਖ ਸਦਾ ਆਪਣਾ ਸਮਝੀ ਰੱਖਦਾ ਹੈ (ਜਦੋਂ ਮੌਤ ਆਉਂਦੀ ਹੈ, ਉਹ ਧਨ-ਪਦਾਰਥ) ਇਕ ਖਿਨ ਵਿਚ ਬਿਗਾਨਾ ਹੋ ਜਾਂਦਾ ਹੈ। ਹੇ ਨਾਨਕ ! ਆਖ– ਉਸ ਵੇਲੇ ਮਨੁੱਖ ਦੇ ਮਨ ਵਿਚ ਇਹ ਪਛੁਤਾਵਾ ਰਹਿ ਜਾਂਦਾ ਹੈ ਕਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਦੇ ਭੀ ਨਾਹ ਕੀਤੀ।2। 2।

## ਸ਼ਬਦ ਨੰਬਰ ੪੬ : ਰਾਗ ਮਾਰੂ : ਅੰਗ ੧੦੦੮

**ਮਾਈ ਮੈ ਮਨ ਕੋ ਮਾਨੁ ਨ ਤਿਆਗਿਓ ।।**
**ਮਾਇਆ ਕੇ ਮਦਿ ਜਨਮੁ ਸਿਰਾਇਓ ਰਾਮ ਭਜਨ ਨਹੀ ਲਾਗਿਓ ।।੧।। ਰਹਾਉ ।।**

**ਅਰਥ :-** ਹੇ ਮਾਂ ! (ਜਦੋਂ ਤੋਂ ਮੈਂ ਗੁਰੂ-ਚਰਨਾਂ ਵਿਚ ਪਿਆਰ ਪਾਇਆ ਹੈ, ਤਦੋਂ ਤੋਂ ਮੈਨੂੰ ਪਛੁਤਾਵਾ ਲੱਗਾ ਹੈ ਕਿ) ਮੈਂ ਆਪਣੇ ਮਨ ਦਾ ਅਹੰਕਾਰ ਨਾਹ ਛੱਡਿਆ। ਮਾਇਆ ਦੇ ਨਸ਼ੇ ਵਿਚ ਮੈਂ ਆਪਣੀ ਉਮਰ ਗੁਜ਼ਾਰ ਦਿੱਤੀ, ਤੇ, ਪਰਮਾਤਮਾ ਦੇ ਭਜਨ ਵਿਚ ਮੈਂ ਨਾਹ ਲੱਗਾ।1। ਰਹਾਉ।

**ਜਮ ਕੋ ਡੰਡੁ ਪਰਿਓ ਸਿਰ ਊਪਰਿ ਤਬ ਸੋਵਤ ਤੈ ਜਾਗਿਓ ।।**
**ਕਹਾ ਹੋਤ ਅਬ ਕੈ ਪਛੁਤਾਏ ਛੂਟਤਿ ਨਾਹਿਨ ਭਾਗਿਓ ।।੧।।**

**ਅਰਥ :-** (ਹੇ ਭਾਈ ! ਮਨੁੱਖ ਮਾਇਆ ਦੀ ਨੀਂਦ ਵਿਚ ਗ਼ਾਫ਼ਿਲ ਪਿਆ ਰਹਿੰਦਾ ਹੈ) ਜਦੋਂ ਜਮਦੂਤ ਦਾ ਡੰਡਾ (ਇਸ ਦੇ) ਸਿਰ ਉੱਤੇ ਵੱਸਦਾ ਹੈ, ਤਦੋਂ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਸੁੱਤਾ ਹੋਇਆ ਜਾਗਦਾ ਹੈ। ਪਰ ਉਸ ਵੇਲੇ ਦੇ ਪਛੁਤਾਵੇ ਨਾਲ ਕੁਝ ਸੰਵਰਦਾ ਨਹੀਂ, (ਕਿਉਂਕਿ ਉਸ ਵੇਲੇ ਜਮਾਂ ਪਾਸੋਂ) ਭੱਜਿਆਂ ਖ਼ਲਾਸੀ ਨਹੀਂ ਹੋ ਸਕਦੀ।1।

**ਇਹ ਚਿੰਤਾ ਉਪਜੀ ਘਟ ਮਹਿ ਜਬ ਗੁਰ ਚਰਨਨ ਅਨੁਰਾਗਿਓ ।।**
**ਸੁਫਲੁ ਜਨਮੁ ਨਾਨਕ ਤਬ ਹੂਆ ਜਉ ਪ੍ਰਭ ਜਸ ਮਹਿ ਪਾਗਿਓ ॥੨॥੩॥**

**ਅਰਥ :-** ਹੇ ਭਾਈ ! ਜਦੋਂ ਮਨੁੱਖ ਗੁਰੂ ਦੇ ਚਰਨਾਂ ਵਿਚ ਪਿਆਰ ਪਾਂਦਾ ਹੈ, ਤਦੋਂ ਉਸ ਦੇ ਹਿਰਦੇ ਵਿਚ ਇਹ ਫੁਰਨਾ ਉੱਠਦਾ ਹੈ (ਕਿ ਪ੍ਰਭੂ ਦੇ ਭਜਨ ਤੋਂ ਬਿਨਾ ਉਮਰ ਵਿਅਰਥ ਹੀ ਬੀਤਦੀ ਰਹੀ) । ਹੇ ਨਾਨਕ ! ਮਨੁੱਖ ਦੀ ਜ਼ਿੰਦਗੀ ਕਾਮਯਾਬ ਤਦੋਂ ਹੀ ਹੁੰਦੀ ਹੈ ਜਦੋਂ (ਇਹ ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜੁੜਦਾ ਹੈ।2।3।

**ਅੰਗ ੧੧੮੬**

### ੧ਓ ਸਤਿਗੁਰ ਪ੍ਰਸਾਦਿ ।।

### ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।

### ਰਾਗ ਬਸੰਤੁ ਮਹਲਾ ੯ ।।

### ਸ਼ਬਦ ਨੰਬਰ ੪੭ : ਰਾਗ ਬਸੰਤੁ : ਅੰਗ ੧੧੮੬

ਸਾਧੋ ਇਹੁ ਤਨੁ ਮਿਥਿਆ ਜਾਨਉ ॥
ਯਾ ਭੀਤਰਿ ਜੋ ਰਾਮੁ ਬਸਤੁ ਹੈ ਸਾਚੋ ਤਾਹਿ ਪਛਾਨੋ ॥੧॥ ਰਹਾਉ ॥

**ਅਰਥ** :- ਹੇ ਸੰਤ ਜਨੋ ! ਇਸ ਸਰੀਰ ਨੂੰ ਨਾਸਵੰਤ ਸਮਝੋ। ਇਸ ਸਰੀਰ ਵਿਚ ਜਿਹੜਾ ਪਦਾਰਥ ਵੱਸ ਰਿਹਾ ਹੈ, (ਸਿਰਫ਼) ਉਸ ਨੂੰ ਸਦਾ ਕਾਇਮ ਰਹਿਣ ਵਾਲਾ ਜਾਣੋ।1। ਰਹਾਉ।

**ਇਹੁ ਜਗੁ ਹੈ ਸੰਪਤਿ ਸੁਪਨੇ ਕੀ ਦੇਖਿ ਕਹਾ ਐਡਾਨੋ ॥**
**ਸੰਗਿ ਤਿਹਾਰੈ ਕਛੂ ਨ ਚਾਲੈ ਤਾਹਿ ਕਹਾ ਲਪਟਾਨੋ ॥੧॥**

**ਅਰਥ** :- ਹੇ ਭਾਈ ! ਇਹ ਜਗਤ ਉਸ ਧਨ-ਸਮਾਨ ਹੀ ਹੈ ਜਿਹੜਾ ਸੁਪਨੇ ਵਿਚ ਲੱਭ ਲਈਦਾ ਹੈ (ਤੇ, ਜਾਗਦਿਆਂ ਹੀ ਖ਼ਤਮ ਹੋ ਜਾਂਦਾ ਹੈ) (ਇਸ ਜਗਤ ਨੂੰ ਧਨ ਨੂੰ) ਵੇਖ ਕੇ ਕਿਉਂ ਅਹੰਕਾਰ ਕਰਦਾ ਹੈਂ? ਇਥੋਂ ਕੋਈ ਭੀ ਚੀਜ਼ (ਅੰਤ ਸਮੇਂ) ਤੇਰੇ ਨਾਲ ਨਹੀਂ ਜਾ ਸਕਦੀ। ਫਿਰ ਇਸ ਨਾਲ ਕਿਉਂ ਚੰਬੜਿਆ ਹੋਇਆ ਹੈਂ?।1।

**ਉਸਤਤਿ ਨਿੰਦਾ ਦੋਊ ਪਰਹਰਿ ਹਰਿ ਕੀਰਤਿ ਉਰਿ ਆਨੋ ॥**
**ਜਨ ਨਾਨਕ ਸਭ ਹੀ ਮੈ ਪੂਰਨ ਏਕ ਪੁਰਖ ਭਗਵਾਨੋ ॥੨॥੧॥**

**ਅਰਥ** :- ਹੇ ਭਾਈ! ਕਿਸੇ ਦੀ ਖ਼ੁਸ਼ਾਮਦ ਕਿਸੇ ਦੀ ਨਿੰਦਿਆ ਇਹ ਦੋਵੇਂ ਕੰਮ ਛੱਡ ਦੇ। ਸਿਰਫ਼ ਪਰਮਾਤਮਾ ਦੀ ਸਿਫ਼ਤਿ-ਸਾਲਾਹ (ਆਪਣੇ) ਹਿਰਦੇ ਵਿਚ ਵਸਾਓ। ਹੇ ਦਾਸ ਨਾਨਕ! (ਆਖ– ਹੇ ਭਾਈ!) ਸਿਰਫ਼ ਉਹ ਭਗਵਾਨ ਪੁਰਖ ਹੀ (ਸਲਾਹੁਣ-ਜੋਗ ਹੈ ਜੋ) ਸਭ ਜੀਵਾਂ ਵਿਚ ਵਿਆਪਕ ਹੈ।2।1।

## ਸ਼ਬਦ ਨੰਬਰ ੪੮ : ਰਾਗ ਬਸੰਤੁ : ਅੰਗ ੧੧੮੬

**ਪਾਪੀ ਹੀਐ ਮੈ ਕਾਮੁ ਬਸਾਇ ॥**
**ਮਨੁ ਚੰਚਲੁ ਯਾ ਤੇ ਗਹਿਓ ਨ ਜਾਇ ॥੧॥ ਰਹਾਉ ॥**

**ਅਰਥ :-** ਹੇ ਭਾਈ! ਪਾਪਾਂ ਵਿਚ ਫਸਾਣ ਵਾਲੀ ਕਾਮ-ਵਾਸਨਾ (ਮਨੁੱਖ ਦੇ) ਹਿਰਦੇ ਵਿਚ ਟਿਕੀ ਰਹਿੰਦੀ ਹੈ, ਇਸ ਵਾਸਤੇ (ਮਨੁੱਖ ਦਾ) ਚੰਚਲ ਮਨ ਕਾਬੂ ਵਿਚ ਨਹੀਂ ਆ ਸਕਦਾ।1। ਰਹਾਉ।

**ਜੋਗੀ ਜੰਗਮ ਅਰੁ ਸੰਨਿਆਸ ।।**
**ਸਭ ਹੀ ਪਰਿ ਡਾਰੀ ਇਹ ਫਾਸ ।।੧।।**

**ਅਰਥ :-** ਹੇ ਭਾਈ! ਜੋਗੀ ਜੰਗਮ ਅਤੇ ਸੰਨਿਆਸੀ (ਜਿਹੜੇ ਆਪਣੇ ਵੱਲੋਂ ਮਾਇਆ ਦਾ) ਤਿਆਗ ਕਰ ਗਏ ਹਨ) = ਇਹਨਾਂ ਸਭਨਾਂ ਉੱਤੇ ਹੀ (ਮਾਇਆ ਨੇ ਕਾਮ-ਵਾਸ਼ਨਾ ਦੀ) ਇਹ ਫਾਹੀ ਸੁੱਟੀ ਹੋਈ ਹੈ।1।

ਜਿਹਿ ਜਿਹਿ ਹਰਿ ਕੋ ਨਾਮੁ ਸਮ੍ਹ੍ਹਾਰਿ ॥
ਤੇ ਭਵ ਸਾਗਰ ਉਤਰੇ ਪਾਰਿ ॥੨॥

**ਅਰਥ :-** ਹੇ ਭਾਈ! ਜਿਸ ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਇਆ ਹੈ, ਉਹ ਸਾਰੇ ਸੰਸਾਰ-ਸਮੁੰਦਰ (ਦੇ ਵਿਕਾਰਾਂ) ਤੋਂ ਪਾਰ ਲੰਘ ਜਾਂਦੇ ਹਨ।2।

**ਜਨ ਨਾਨਕ ਹਰਿ ਕੀ ਸਰਨਾਇ ॥**
**ਦੀਜੈ ਨਾਮੁ ਰਹੈ ਗੁਨ ਗਾਇ ॥੩॥੨॥**

**ਅਰਥ :-** ਹੇ ਨਾਨਕ! ਪਰਮਾਤਮਾ ਦਾ ਦਾਸ ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹੈ (ਪਰਮਾਤਮਾ ਦੇ ਦਰ ਤੇ ਉਹ ਅਰਜ਼ੋਈ ਕਰਦਾ ਰਹਿੰਦਾ ਹੈ– ਹੇ ਪ੍ਰਭੂ! ਆਪਣੇ ਦਾਸ ਨੂੰ ਆਪਣਾ) ਨਾਮ ਦੇਹ (ਤਾ ਕਿ ਤੇਰਾ ਦਾਸ ਤੇਰੇ) ਗੁਣ ਗਾਂਦਾ ਰਹੇ (ਇਸ ਤਰ੍ਹਾਂ ਉਹ ਕਾਮਾਦਿਕ ਵਿਕਾਰਾਂ ਦੀ ਮਾਰ ਤੋਂ ਬਚਿਆ ਰਹਿੰਦਾ ਹੈ) ।3।2।

## ਸ਼ਬਦ ਨੰਬਰ ੪੯ : ਰਾਗ ਬਸੰਤੁ : ਅੰਗ ੧੧੮੬

**ਮਾਈ ਮੈ ਧਨੁ ਪਾਇਓ ਹਰਿ ਨਾਮੁ ॥**
**ਮਨੁ ਮੇਰੋ ਧਾਵਨ ਤੇ ਛੂਟਿਓ ਕਰਿ ਬੈਠੋ ਬਿਸਰਾਮੁ ॥੧॥ ਰਹਾਉ ॥**

**ਅਰਥ :-** ਹੇ (ਮੇਰੀ) ਮਾਂ! (ਜਦੋਂ ਦਾ ਗੁਰੂ ਦੀ ਸਰਨ ਪੈ ਕੇ) ਮੈਂ ਪਰਮਾਤਮਾ ਦਾ ਨਾਮ-ਧਨ ਹਾਸਲ ਕੀਤਾ ਹੈ, ਮੇਰਾ ਮਨ (ਮਾਇਆ ਦੀ ਖ਼ਾਤਰ) ਦੌੜ-ਭੱਜ ਕਰਨ ਤੋਂ ਬਚ ਗਿਆ ਹੈ, (ਹੁਣ ਮੇਰਾ ਮਨ ਨਾਮ-ਧਨ ਵਿਚ) ਟਿਕਾਣਾ ਬਣਾ ਕੇ ਬਹਿ ਗਿਆ ਹੈ।1। ਰਹਾਉ।

**ਮਾਇਆ ਮਮਤਾ ਤਨ ਤੇ ਭਾਗੀ ਉਪਜਿਓ ਨਿਰਮਲ ਗਿਆਨੁ ॥**
**ਲੋਭ ਮੋਹ ਏਹ ਪਰਸਿ ਨ ਸਾਕੈ ਗਹੀ ਭਗਤਿ ਭਗਵਾਨ ॥੧॥**

**ਅਰਥ :-** ਹੇ ਮੇਰੀ ਮਾਂ ! (ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰ) ਸੁੱਧ-ਸਰੂਪ ਪਰਮਾਤਮਾ ਨਾਲ ਡੂੰਘੀ ਸਾਂਝ ਬਣ ਗਈ ਹੈ (ਜਿਸ ਕਰਕੇ) ਮੇਰੇ ਸਰੀਰ ਵਿੱਚੋਂ ਮਾਇਆ ਜੋੜਨ ਦੀ ਲਾਲਸਾ ਦੂਰ ਗਈ ਹੈ। (ਜਦੋਂ ਤੋਂ ਮੈਂ) ਭਗਵਾਨ ਦੀ ਭਗਤੀ ਹਿਰਦੇ ਵਿਚ ਵਸਾਈ ਹੈ ਲੋਭ ਅਤੇ ਮੋਹ ਇਹ ਮੇਰੇ ਉੱਤੇ ਆਪਣਾ ਜ਼ੋਰ ਨਹੀਂ ਪਾ ਸਕਦੇ। ੧।

**ਜਨਮ ਜਨਮ ਕਾ ਸੰਸਾ ਚੂਕਾ ਰਤਨੁ ਨਾਮੁ ਜਬ ਪਾਇਆ ॥**
**ਤ੍ਰਿਸਨਾ ਸਕਲ ਬਿਨਾਸੀ ਮਨ ਤੇ ਨਿਜ ਸੁਖ ਮਾਹਿ ਸਮਾਇਆ ॥੨॥**

**ਅਰਥ :-** ਹੇ ਮੇਰੀ ਮਾਂ! ਜਦੋਂ ਤੋਂ (ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦਾ ਅਮੋਲਕ ਨਾਮ ਲੱਭਾ ਹੈ, ਮੇਰਾ ਜਨਮਾਂ ਜਨਮਾਂਤਰਾਂ ਦਾ ਸਹਿਮ ਦੂਰ ਹੋ ਗਿਆ ਹੈ; ਮੇਰੇ ਮਨ ਵਿਚੋਂ ਸਾਰੀ ਤ੍ਰਿਸ਼ਨਾ ਮੁੱਕ ਗਈ ਹੈ, ਹੁਣ ਮੈਂ ਉਸ ਆਨੰਦ ਵਿਚ ਟਿਕਿਆ ਰਹਿੰਦਾ ਹਾਂ ਜਿਹੜਾ ਸਦਾ ਮੇਰੇ ਨਾਲ ਟਿਕਿਆ ਰਹਿਣ ਵਾਲਾ ਹੈ।2।

**ਜਾ ਕਉ ਹੋਤ ਦਇਆਲੁ ਕਿਰਪਾ ਨਿਧਿ ਸੋ ਗੋਬਿੰਦ ਗੁਨ ਗਾਵੈ ॥**
**ਕਹੁ ਨਾਨਕ ਇਹ ਬਿਧਿ ਕੀ ਸੰਪੈ ਕੋਊ ਗੁਰਮੁਖਿ ਪਾਵੈ ॥੩॥੩॥**

**ਅਰਥ :-** ਹੇ ਮਾਂ! ਕਿਰਪਾ ਦਾ ਖ਼ਜ਼ਾਨਾ ਗੋਬਿੰਦ ਜਿਸ ਮਨੁੱਖ ਉੱਤੇ ਦਇਆਵਾਨ ਹੁੰਦਾ ਹੈ, ਉਹ ਮਨੁੱਖ ਉਸ ਦੇ ਗੁਣ ਗਾਂਦਾ ਰਹਿੰਦਾ ਹੈ। ਹੇ ਨਾਨਕ! ਆਖ– (ਹੇ ਮਾਂ) ਕੋਈ ਵਿਰਲਾ ਮਨੁੱਖ ਇਸ ਕਿਸਮ ਦਾ ਧਨ ਗੁਰੂ ਦੇ ਸਨਮੁਖ ਰਹਿ ਕੇ ਹਾਸਲ ਕਰਦਾ ਹੈ।3। 3।

**ਸ਼ਬਦ ਨੰਬਰ ੫੦ : ਰਾਗ ਬਸੰਤੁ : ਅੰਗ ੧੧੮੬**

**ਮਨ ਕਹਾ ਬਿਸਾਰਿਓ ਰਾਮ ਨਾਮੁ ।।**
**ਤਨੁ ਬਿਨਸੈ ਜਮ ਸਿਉ ਪਰੈ ਕਾਮੁ ॥੧॥ ਰਹਾਉ ॥**

**ਅਰਥ :-** ਹੇ ਮਨ! ਤੂੰ ਪਰਮਾਤਮਾ ਦਾ ਨਾਮ ਕਿਉਂ ਭੁਲਾਈ ਬੈਠਾ ਹੈਂ? (ਜਦੋਂ) ਸਰੀਰ ਨਾਸ ਹੋ ਜਾਂਦਾ ਹੈ, (ਤਦੋਂ ਪਰਮਾਤਮਾ ਦੇ ਨਾਮ ਤੋਂ ਬਿਨਾ) ਜਮਾਂ ਨਾਲ ਵਾਹ ਪੈਂਦਾ ਹੈ।1। ਰਹਾਉ।

**ਇਹੁ ਜਗੁ ਧੂਏ ਕਾ ਪਹਾਰ ।।**
**ਤੈ ਸਾਚਾ ਮਾਨਿਆ ਕਿਹ ਬਿਚਾਰਿ ॥੧॥**

**ਅਰਥ :-** ਹੇ ਮਨ ! ਇਹ ਸੰਸਾਰ (ਤਾਂ, ਮਾਨੋ) ਧੂਏਂ ਦਾ ਪਹਾੜ ਹੈ (ਜਿਸ ਨੂੰ ਹਵਾ ਦਾ ਇੱਕੋ ਬੁੱਲਾ ਉਡਾ ਕੇ ਲੈ ਜਾਂਦਾ ਹੈ) । ਹੇ ਮਨ! ਤੂੰ ਕੀਹ ਸਮਝ ਕੇ (ਇਸ ਜਗਤ ਨੂੰ) ਸਦਾ ਕਾਇਮ ਰਹਿਣ ਵਾਲਾ ਮੰਨੀ ਬੈਠਾ ਹੈਂ?।1।

**ਧਨੁ ਦਾਰਾ ਸੰਪਤਿ ਗ੍ਰੇਹ ।।**
**ਕਛੁ ਸੰਗਿ ਨ ਚਾਲੈ ਸਮਝਿ ਲੇਹ ॥੨॥**

**ਅਰਥ :-** ਹੇ ਮਨ ! (ਚੰਗੀ ਤਰ੍ਹਾਂ ਸਮਝ ਲੈ ਕਿ) ਧਨ, ਇਸਤ੍ਰੀ, ਜਾਇਦਾਦ, ਘਰ ਇਹਨਾਂ ਵਿਚੋਂ ਕੋਈ ਭੀ ਚੀਜ਼ (ਮੌਤ ਵੇਲੇ ਜੀਵ ਦੇ) ਨਾਲ ਨਹੀਂ ਜਾਂਦੀ।2।

**ਇਕ ਭਗਤਿ ਨਾਰਾਇਨ ਹੋਇ ਸੰਗਿ ॥**
**ਕਹੁ ਨਾਨਕ ਭਜੁ ਤਿਹ ਏਕ ਰੰਗਿ ॥੩॥੪॥**

**ਅਰਥ :-** ਹੇ ਨਾਨਕ! ਆਖ– (ਹੇ ਭਾਈ!) ਸਿਰਫ਼ ਪਰਮਾਤਮਾ ਦੀ ਭਗਤੀ ਹੀ ਮਨੁੱਖ ਦੇ ਨਾਲ ਰਹਿੰਦੀ ਹੈ (ਇਸ ਵਾਸਤੇ) ਸਿਰਫ਼ ਪਰਮਾਤਮਾ ਦੇ ਪਿਆਰ ਵਿਚ (ਟਿਕ ਕੇ) ਉਸ ਦਾ ਭਜਨ ਕਰਿਆ ਕਰ।3।4।

## ਸ਼ਬਦ ਨੰਬਰ ੫੧ : ਰਾਗ ਬਸੰਤੁ : ਅੰਗ ੧੧੮੭

**ਕਹਾ ਭੂਲਿਓ ਰੇ ਝੂਠੇ ਲੋਭ ਲਾਗਿ ।।**
**ਕਛੁ ਬਗਿਰਿਓ ਨਾਹਿਨ ਅਜਹੁ ਜਾਗੁ ॥੧॥ ਰਹਾਉ ॥**

**ਅਰਥ :-** ਹੇ ਭਾਈ! ਨਾਸਵੰਤ ਦੁਨੀਆ ਦੇ ਲੋਭ ਵਿਚ ਫਸ ਕੇ (ਹਰਿ-ਨਾਮ ਤੋਂ) ਕਿੱਥੇ ਖੁੰਝਿਆ ਫਿਰਦਾ ਹੈਂ? ਹੁਣ ਹੀ ਸਿਆਣਾ ਬਣ, (ਤੇ, ਪਰਮਾਤਮਾ ਦਾ ਨਾਮ ਜਪਿਆ ਕਰ। ਜੇ ਬਾਕੀ ਦੀ ਉਮਰ ਸਿਮਰਨ ਵਿਚ ਗੁਜ਼ਾਰੇਂ, ਤਾਂ ਭੀ ਤੇਰਾ) ਕੁਝ ਵਿਗੜਿਆ ਨਹੀਂ।1। ਰਹਾਉ।

**ਸਮ ਸੁਪਨੈ ਕੈ ਇਹੁ ਜਗੁ ਜਾਨੁ ॥**
**ਬਿਨਸੈ ਛਿਨ ਮੈ ਸਾਚੀ ਮਾਨੁ ॥੧॥**

**ਅਰਥ :-** ਹੇ ਭਾਈ! ਇਸ ਜਗਤ ਨੂੰ ਸੁਪਨੇ (ਵਿਚ ਵੇਖੇ ਪਦਾਰਥਾਂ) ਦੇ ਬਰਾਬਰ ਸਮਝ। ਇਹ ਗੱਲ ਸੱਚੀ ਮੰਨ ਕਿ (ਇਹ ਜਗਤ) ਇਕ ਛਿਨ ਵਿਚ ਨਾਸ ਹੋ ਜਾਂਦਾ ਹੈ।1।

**ਸੰਗਿ ਤੇਰੈ ਹਰਿ ਬਸਤ ਨੀਤ ।।**
**ਨਿਸਿ ਬਾਸੁਰ ਭਜੁ ਤਾਹਿ ਮੀਤ ।।੨।।**

**ਅਰਥ :-** ਹੇ ਮਿੱਤਰ! ਪਰਮਾਤਮਾ ਸਦਾ ਤੇਰੇ ਨਾਲ ਵੱਸਦਾ ਹੈ। ਤੂੰ ਦਿਨ ਰਾਤ ਉਸ ਦਾ ਹੀ ਭਜਨ ਕਰਿਆ ਕਰ।2।

**ਬਾਰ ਅੰਤ ਕੀ ਹੋਇ ਸਹਾਇ ॥**
**ਕਹੁ ਨਾਨਕ ਗੁਨ ਤਾ ਕੇ ਗਾਇ ॥੩॥੫॥**

**ਅਰਥ :-** ਹੇ ਨਾਨਕ! ਆਖ– (ਹੇ ਭਾਈ!) ਅਖ਼ੀਰਲੇ ਸਮੇ ਪਰਮਾਤਮਾ ਹੀ ਮਦਦਗਾਰ ਬਣਦਾ ਹੈ। ਤੂੰ (ਸਦਾ) ਉਸ ਦੇ ਗੁਣ ਗਾਇਆ ਕਰ।3।5।

**ਅੰਗ ੧੨੩੧**

**੧ਓ ਸਤਿਗੁਰ ਪ੍ਰਸਾਦਿ ।।**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਸਾਰੰਗ ਮਹਲਾ ੯ ।।**

**ਸ਼ਬਦ ਨੰਬਰ ੫੨ : ਰਾਗ ਸਾਰੰਗ : ਅੰਗ ੧੨੩੧**

**ਹਰਿ ਬਿਨੁ ਤੇਰੋ ਕੋ ਨ ਸਹਾਈ ।।**
**ਕਾਂ ਕੀ ਮਾਤ ਪਿਤਾ ਸੁਤ ਬਨਿਤਾ ਕੋ ਕਾਹੂ ਕੋ ਭਾਈ ।।੧।। ਰਹਾਉ ।।**

**ਅਰਥ** :- ਹੇ ਭਾਈ! ਪਰਮਾਤਮਾ ਤੋਂ ਬਿਨਾ ਤੇਰਾ (ਹੋਰ) ਕੋਈ ਭੀ ਸਹਾਇਤਾ ਕਰਨ ਵਾਲਾ ਨਹੀਂ ਹੈ। ਹੇ ਭਾਈ! ਕੌਣ ਕਿਸੇ ਦੀ ਮਾਂ? ਕੌਣ ਕਿਸੇ ਦਾ ਪਿਉ? ਕੌਣ ਕਿਸੇ ਦਾ ਪੁੱਤਰ? ਕੌਣ ਕਿਸੇ ਦੀ ਵਹੁਟੀ? (ਜਦੋਂ ਸਰੀਰ ਨਾਲੋਂ ਸਾਥ ਮੁੱਕ ਜਾਂਦਾ ਹੈ ਤਦੋਂ) ਕੌਣ ਕਿਸੇ ਦਾ ਭਰਾ ਬਣਦਾ ਹੈ? (ਕੋਈ ਨਹੀਂ) ।1। ਰਹਾਉ।

**ਧਨੁ ਧਰਨੀ ਅਰੁ ਸੰਪਤਿ ਸਗਰੀ ਜੋ ਮਾਨਿਓ ਅਪਨਾਈ ।।**
**ਤਨ ਛੂਟੈ ਕਛੁ ਸੰਗਿ ਨ ਚਾਲੈ ਕਹਾ ਤਾਹਿ ਲਪਟਾਈ ॥੧॥**

**ਅਰਥ** :- ਹੇ ਭਾਈ! ਇਹ ਧਨ ਧਰਤੀ ਸਾਰੀ ਮਾਇਆ ਜਿਨ੍ਹਾਂ ਨੂੰ ਆਪਣੇ ਸਮਝੀ ਬੈਠਾ ਹੈ, ਜਦੋਂ ਸਰੀਰ ਨਾਲੋਂ ਸਾਥ ਮੁੱਕਦਾ ਹੈ, ਕੋਈ ਚੀਜ਼ ਭੀ (ਜੀਵ ਦੇ) ਨਾਲ ਨਹੀਂ ਤੁਰਦੀ। ਫਿਰ ਜੀਵ ਕਿਉਂ ਇਹਨਾਂ ਨਾਲ ਚੰਬੜਿਆ ਰਹਿੰਦਾ ਹੈ?।1।

**ਦੀਨ ਦਇਆਲ ਸਦਾ ਦੁਖ ਭੰਜਨ ਤਾ ਸਿਉ ਰੁਚਿ ਨ ਬਢਾਈ ॥**
**ਨਾਨਕ ਕਹਤ ਜਗਤ ਸਭ ਮਿਥਿਆ ਜਿਉ ਸੁਪਨਾ ਰੈਨਾਈ ॥੨॥੧॥**

**ਅਰਥ** :- ਹੇ ਭਾਈ! ਜਿਹੜਾ ਪ੍ਰਭੂ ਗਰੀਬਾਂ ਉਤੇ ਦਇਆ ਕਰਨ ਵਾਲਾ ਹੈ, ਜੋ ਸਦਾ (ਜੀਵਾਂ ਦੇ) ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਤੂੰ ਉਸ ਨਾਲ ਪਿਆਰ ਨਹੀਂ ਵਧਾਂਦਾ। ਨਾਨਕ ਆਖਦਾ ਹੈ– ਹੇ ਭਾਈ! ਜਿਵੇਂ ਰਾਤ ਦਾ ਸੁਪਨਾ ਹੁੰਦਾ ਹੈ ਤਿਵੇਂ ਸਾਰਾ ਜਗਤ ਨਾਸਵੰਤ ਹੈ।2।1।

## ਸ਼ਬਦ ਨੰਬਰ ੫੩ : ਰਾਗ ਸਾਰੰਗ : ਅੰਗ ੧੨੩੧

**ਕਹਾ ਮਨ ਬਿਖਿਆ ਸਿਉ ਲਪਟਾਹੀ ।।**
**ਯਾ ਜਗ ਮਹਿ ਕੋਊ ਰਹਨੁ ਨ ਪਾਵੈ ਇਕਿ ਆਵਹਿ ਇਕਿ ਜਾਹੀ ।।੧।।ਰਹਾਉ।।**

**ਅਰਥ** :- ਹੇ ਮਨ! ਤੂੰ ਕਿਉਂ ਮਾਇਆ ਨਾਲ (ਹੀ) ਚੰਬੜਿਆ ਰਹਿੰਦਾ ਹੈ? (ਵੇਖ) ਇਸ ਦੁਨੀਆ ਵਿਚ (ਸਦਾ ਲਈ) ਕੋਈ ਭੀ ਟਿਕਿਆ ਨਹੀਂ ਰਹਿ ਸਕਦਾ। ਅਨੇਕਾਂ ਜੰਮਦੇ ਰਹਿੰਦੇ ਹਨ, ਅਨੇਕਾਂ ਹੀ ਮਰਦੇ ਰਹਿੰਦੇ ਹਨ।1। ਰਹਾਉ।

**ਕਾਂ ਕੋ ਤਨੁ ਧਨੁ ਸੰਪਤਿ ਕਾਂ ਕੀ ਕਾ ਸਿਉ ਨੇਹੁ ਲਗਾਹੀ ॥**
**ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਹੀ ॥੧॥**

**ਅਰਥ** :- ਹੇ ਮਨ! (ਵੇਖ) ਸਦਾ ਲਈ ਨਾਹ ਕਿਸੇ ਦਾ ਸਰੀਰ ਰਹਿੰਦਾ ਹੈ, ਨਾਹ ਧਨ ਰਹਿੰਦਾ ਹੈ, ਨਾਹ ਮਾਇਆ ਰਹਿੰਦੀ ਹੈ। ਤੂੰ ਕਿਸ ਨਾਲ ਪਿਆਰ ਬਣਾਈ ਬੈਠਾ ਹੈਂ? ਜਿਵੇਂ ਬੱਦਲਾਂ ਦੀ ਛਾਂ ਹੈ, ਤਿਵੇਂ ਜੋ ਕੁਝ ਦਿੱਸ ਰਿਹਾ ਹੈ ਸਭ ਨਾਸਵੰਤ ਹੈ।1।

**ਤਜਿ ਅਭਿਮਾਨੁ ਸਰਣਿ ਸੰਤਨ ਗਹੁ ਮੁਕਤਿ ਹੋਹਿ ਛਿਨ ਮਾਹੀ ॥**
**ਜਨ ਨਾਨਕ ਭਗਵੰਤ ਭਜਨ ਬਿਨੁ ਸੁਖੁ ਸੁਪਨੈ ਭੀ ਨਾਹੀ ॥੨॥੨॥**

**ਅਰਥ** :- ਹੇ ਮਨ ! ਅਹੰਕਾਰ ਛੱਡ, ਤੇ, ਸੰਤ ਜਨਾ ਦੀ ਸਰਨ ਫੜ। (ਇਸ ਤਰ੍ਹਾਂ) ਇਕ ਛਿਨ ਵਿਚ ਤੂੰ (ਮਾਇਆ ਦੇ ਬੰਧਨਾਂ ਤੋਂ) ਸੁਤੰਤਰ ਹੋ ਜਾਹਿੰਗਾ। ਹੇ ਦਾਸ ਨਾਨਕ ! (ਆਖ– ਹੇ ਮਨ!) ਪਰਮਾਤਮਾ ਦੇ ਭਜਨ ਤੋਂ ਬਿਨਾ ਕਦੇ ਸੁਪਨੇ ਵਿਚ ਭੀ ਸੁਖ ਨਹੀਂ ਮਿਲਦਾ।2। 2।

### ਸ਼ਬਦ ਨੰਬਰ ੫੪ : ਰਾਗ ਸਾਰੰਗ : ਅੰਗ ੧੨੩੧

**ਕਹਾ ਨਰ ਅਪਨੋ ਜਨਮੁ ਗਵਾਵੈ ॥**
**ਮਾਇਆ ਮਦਿ ਬਿਖਿਆ ਰਸਿ ਰਚਿਓ ਰਾਮ ਸਰਨਿ ਨਹੀ ਆਵੈ ॥੧॥ ਰਹਾਉ ॥**

**ਅਰਥ :-** ਹੇ ਭਾਈ! ਪਤਾ ਨਹੀਂ ਮਨੁੱਖ ਕਿਉਂ ਆਪਣਾ ਜੀਵਨ ਅਜਾਈਂ ਬਰਬਾਦ ਕਰਦਾ ਹੈ। ਮਾਇਆ ਦੀ ਮਸਤੀ ਵਿਚ ਮਾਇਆ ਦੇ ਸੁਆਦ ਵਿਚ ਰੁੱਝਾ ਰਹਿੰਦਾ ਹੈ, ਤੇ, ਪਰਮਾਤਮਾ ਦੀ ਸਰਨ ਨਹੀਂ ਪੈਂਦਾ।1। ਰਹਾਉ।

**ਇਹੁ ਸੰਸਾਰੁ ਸਗਲ ਹੈ ਸੁਪਨੋ ਦੇਖਿ ਕਹਾ ਲੋਭਾਵੈ ॥**
**ਜੋ ਉਪਜੈ ਸੋ ਸਗਲ ਬਿਨਾਸੈ ਰਹਨੁ ਨ ਕੋਊ ਪਾਵੈ ॥੧॥**

**ਅਰਥ :-** ਹੇ ਭਾਈ! ਇਹ ਸਾਰਾ ਜਗਤ ਸੁਪਨੇ ਵਾਂਗ ਹੈ, ਇਸ ਨੂੰ ਵੇਖ ਕੇ, ਪਤਾ ਨਹੀਂ, ਮਨੁੱਖ ਕਿਉਂ ਲੋਭ ਵਿਚ ਫਸਦਾ ਹੈ। ਇੱਥੇ ਤਾਂ ਜੋ ਕੋਈ ਜੰਮਦਾ ਹੈ ਉਹ ਹਰੇਕ ਹੀ ਨਾਸ ਹੋ ਜਾਂਦਾ ਹੈ। ਇਥੇ ਸਦਾ ਲਈ ਕੋਈ ਨਹੀਂ ਟਿਕ ਸਕਦਾ।1।

**ਮਿਥਿਆ ਤਨੁ ਸਾਚੋ ਕਰਿ ਮਾਨਿਓ ਇਹ ਬਿਧਿ ਆਪੁ ਬੰਧਾਵੈ ॥**
**ਜਨ ਨਾਨਕ ਸੋਊ ਜਨੁ ਮੁਕਤਾ ਰਾਮ ਭਜਨ ਚਿਤੁ ਲਾਵੈ ॥੨॥੩॥**

**ਅਰਥ :-** ਹੇ ਭਾਈ! ਇਹ ਸਰੀਰ ਨਾਸਵੰਤ ਹੈ, ਪਰ ਜੀਵ ਇਸ ਨੂੰ ਸਦਾ ਕਾਇਮ ਰਹਿਣ ਵਾਲਾ ਸਮਝੀ ਰੱਖਦਾ ਹੈ, ਇਸ ਤਰ੍ਹਾਂ ਆਪਣੇ ਆਪ ਨੂੰ (ਮੋਹ ਦੀਆਂ ਫਾਹੀਆਂ ਵਿਚ) ਫਸਾਈ ਰੱਖਦਾ ਹੈ। ਹੇ ਦਾਸ ਨਾਨਕ! ਉਹੀ ਮਨੁੱਖ ਮੋਹ ਦੇ ਬੰਧਨਾਂ ਤੋਂ ਸੁਤੰਤਰ ਰਹਿੰਦਾ ਹੈ, ਜਿਹੜਾ ਪਰਮਾਤਮਾ ਦੇ ਭਜਨ ਵਿਚ ਆਪਣਾ ਚਿੱਤ ਜੋੜੀ ਰੱਖਦਾ ਹੈ।2।3।

### ਸ਼ਬਦ ਨੰਬਰ ੫੫ : ਰਾਗ ਸਾਰੰਗ : ਅੰਗ ੧੨੩੨

ਮਨ ਕਰਿ ਕਬਹੂ ਨ ਹਰਿ ਗੁਨ ਗਾਇਓ ॥
ਬਿਖਿਆਸਕਤ ਰਹਿਓ ਨਿਸਿ ਬਾਸੁਰ ਕੀਨੋ ਅਪਨੋ ਭਾਇਓ ॥੧॥ ਰਹਾਉ ॥

**ਅਰਥ :-** ਹੇ ਪ੍ਰਭੂ! ਮੈਂ ਮਨ ਲਾ ਕੇ ਕਦੇ ਭੀ ਤੇਰੇ ਗੁਣ ਨਹੀਂ ਗਾਂਦਾ ਰਿਹਾ। ਮੈਂ ਦਿਨ ਰਾਤ ਮਾਇਆ ਵਿਚ ਹੀ ਮਗਨ ਰਿਹਾ, ਉਹੀ ਕੁਝ ਕਰਦਾ ਰਿਹਾ, ਜੋ ਮੈਨੂੰ ਆਪ ਨੂੰ ਚੰਗਾ ਲੱਗਦਾ ਸੀ।1। ਰਹਾਉ।

ਗੁਰ ਉਪਦੇਸੁ ਸੁਨਿਓ ਨਹਿ ਕਾਨਨਿ ਪਰ ਦਾਰਾ ਲਪਟਾਇਓ ॥
ਪਰ ਨਿੰਦਾ ਕਾਰਨਿ ਬਹੁ ਧਾਵਤ ਸਮਝਿਓ ਨਹ ਸਮਝਾਇਓ ॥੧॥

**ਅਰਥ :-** ਹੇ ਹਰੀ! ਮੈਂ ਕੰਨਾਂ ਨਾਲ ਗੁਰੂ ਦੀ ਸਿੱਖਿਆ (ਕਦੇ) ਨਾਹ ਸੁਣੀ, ਪਰਾਈ ਇਸਤ੍ਰੀ ਵਾਸਤੇ ਕਾਮ-ਵਾਸਨਾ ਰੱਖਦਾ ਰਿਹਾ। ਦੂਜਿਆਂ ਦੀ ਨਿੰਦਾ ਕਰਨ ਵਾਸਤੇ ਬਹੁਤ ਦੌੜ-ਭੱਜ ਕਰਦਾ ਰਿਹਾ। ਸਮਝਾਦਿਆਂ ਭੀ ਮੈਂ (ਕਦੇ) ਨਾਹ ਸਮਝਿਆ (ਕਿ ਇਹ ਕੰਮ ਮਾੜਾ ਹੈ) ।1।

ਕਹਾ ਕਹਉ ਮੈ ਅਪੁਨੀ ਕਰਨੀ ਜਿਹ ਬਿਧਿ ਜਨਮੁ ਗਵਾਇਓ ॥
ਕਹਿ ਨਾਨਕ ਸਭ ਅਉਗਨ ਮੋ ਮਹਿ ਰਾਖਿ ਲੇਹੁ ਸਰਨਾਇਓ ॥੨॥੪॥੩॥੧੩॥੧੩੯॥੪॥੧੫੯॥

**ਅਰਥ :-** ਹੇ ਹਰੀ! ਜਿਸ ਤਰ੍ਹਾਂ ਮੈਂ ਆਪਣਾ ਜੀਵਨ ਅਜਾਈਂ ਗਵਾ ਲਿਆ, ਉਹ ਮੈਂ ਕਿੱਥੋਂ ਤਕ ਆਪਣੀ ਕਰਤੂਤ ਦੱਸਾਂ? ਨਾਨਕ ਆਖਦਾ ਹੈ– ਹੇ ਪ੍ਰਭੂ! ਮੇਰੇ ਅੰਦਰ ਸਾਰੇ ਔਗੁਣ ਹੀ ਹਨ। ਮੈਨੂੰ ਆਪਣੀ ਸਰਨ ਵਿਚ ਰੱਖ।2।4।3।13। 139।4। 159।

**ਅੰਗ ੧੩੫੨**

**ੴ ਸਤਿਗੁਰ ਪ੍ਰਸਾਦਿ ।।**
**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ।।**

**ਰਾਗ ਜੈਜਾਵੰਤੀ ਮਹਲਾ ੯ ।।**

**ਸ਼ਬਦ ਨੰਬਰ ੫੬ : ਰਾਗ ਜੈਜਾਵੰਤੀ : ਅੰਗ ੧੩੫੨**

ਰਾਮੁ ਸਿਮਰਿ ਰਾਮੁ ਸਿਮਰਿ ਇਹੈ ਤੇਰੈ ਕਾਜਿ ਹੈ ॥
ਮਾਇਆ ਕੋ ਸੰਗੁ ਤਿਆਗੁ ਪ੍ਰਭ ਜੂ ਕੀ ਸਰਨਿ ਲਾਗੁ ॥
ਜਗਤ ਸੁਖ ਮਾਨੁ ਮਿਥਿਆ ਝੂਠੋ ਸਭ ਸਾਜੁ ਹੈ ॥੧॥ ਰਹਾਉ ॥

**ਅਰਥ :-** ਹੇ ਭਾਈ ! ਪਰਮਾਤਮਾ (ਦਾ ਨਾਮ) ਸਿਮਰਿਆ ਕਰ, ਪਰਮਾਤਮਾ ਦਾ ਨਾਮ ਸਿਮਰਿਆ ਕਰ । ਇਹ (ਸਿਮਰਨ) ਹੀ ਤੇਰੇ ਕੰਮ ਵਿਚ (ਆਉਣ ਵਾਲਾ) ਹੈ । ਹੇ ਭਾਈ ! ਮਾਇਆ ਦਾ ਮੋਹ ਛੱਡ ਦੇਹ,ਪਰਮਾਤਮਾ ਦੀ ਸਰਨ ਪਿਆ ਰਹੁ । ਹੇ ਭਾਈ ! ਦੁਨੀਆ ਦੇ ਸੁਖਾਂ ਨੂੰ ਨਾਸਵੰਤ ਸਮਝ । ਜਗਤ ਦਾ ਇਹ ਸਾਰਾ ਪਸਾਰਾ (ਹੀ) ਸਾਥ ਛੱਡ ਦੇਣ ਵਾਲਾ ਹੈ । ੧ । ਰਹਾਉ ।

**ਸੁਪਨੇ ਜਿਉ ਧਨੁ ਪਛਾਨੁ ਕਾਹੇ ਪਰਿ ਕਰਤ ਮਾਨੁ ।।**
**ਬਾਰੂ ਕੀ ਭੀਤਿ ਜੈਸੇ ਬਸੁਧਾ ਕੋ ਰਾਜੁ ਹੈ ।।੧।।**

**ਅਰਥ :-** ਹੇ ਭਾਈ! ਇਸ ਧਨ ਨੂੰ ਸੁਪਨੇ (ਵਿਚ ਮਿਲੇ ਪਦਾਰਥਾਂ) ਵਾਂਗ ਸਮਝ (ਜਾਗ ਖੁਲ੍ਹਦਿਆਂ ਹੀ ਉਹ ਪਦਾਰਥ ਲੋਪ ਹੋ ਜਾਂਦੇ ਹਨ। ਦੱਸ,) ਤੂੰ ਕਾਹਦੇ ਉੱਤੇ ਅਹੰਕਾਰ ਕਰਦਾ ਹੈਂ? (ਸਾਰੀ) ਧਰਤੀ ਦਾ ਰਾਜ (ਭੀ) ਰੇਤ ਦੀ ਕੰਧ ਵਰਗਾ ਹੀ ਹੈ।1।

**ਨਾਨਕੁ ਜਨੁ ਕਹਤੁ ਬਾਤ ਬਿਨਸਿ ਜੈਹੈ ਤੇਰੋ ਗਾਤੁ ॥**
**ਛਿਨੁ ਛਿਨੁ ਕਰਿ ਗਇਓ ਕਾਲੁ ਤੈਸੇ ਜਾਤੁ ਆਜੁ ਹੈ ॥੨॥੧॥**

**ਅਰਥ :-** ਹੇ ਭਾਈ! ਦਾਸ ਨਾਨਕ (ਤੈਨੂੰ ਇਹ) ਗੱਲ ਦੱਸਦਾ ਹੈ ਕਿ ਤੇਰਾ (ਤਾਂ ਇਹ ਆਪਣਾ ਮਿਥਿਆ ਹੋਇਆ) ਸਰੀਰ (ਭੀ) ਨਾਸ ਹੋ ਜਾਇਗਾ। (ਵੇਖ, ਜਿਵੇਂ ਤੇਰੀ ਉਮਰ ਦਾ) ਕੱਲ (ਦਾ ਦਿਨ) ਛਿਨ ਛਿਨ ਕਰ ਕੇ ਬੀਤ ਗਿਆ ਹੈ, ਤਿਵੇਂ ਅੱਜ (ਦਾ ਦਿਨ ਭੀ) ਲੰਘਦਾ ਜਾ ਰਿਹਾ ਹੈ।2।1।

## ਸ਼ਬਦ ਨੰਬਰ ੫੭ : ਰਾਗ ਜੈਜਾਵੰਤੀ : ਅੰਗ ੧੩੫੨

ਰਾਮਿ ਭਜੁ ਰਾਮੁ ਭਜੁ ਜਨਮੁ ਸਿਰਾਤੁ ਹੈ ॥
ਕਹਉ ਕਹਾ ਬਾਰ ਬਾਰ ਸਮਝਤ ਨਹ ਕਿਉ ਗਵਾਰ ॥
ਬਿਨਸਤ ਨਹ ਲਗੈ ਬਾਰ ਓਰੇ ਸਮ ਗਾਤੁ ਹੈ ॥੧॥ ਰਹਾਉ ॥

**ਅਰਥ** :- ਹੇ ਭਾਈ! ਪਰਮਾਤਮਾ ਦਾ ਭਜਨ ਕਰਿਆ ਕਰ, ਪਰਮਾਤਮਾ ਦਾ ਭਜਨ ਕਰਿਆ ਕਰ। ਮਨੁੱਖਾ ਜਨਮ ਲੰਘਦਾ ਜਾ ਰਿਹਾ ਹੈ। ਹੇ ਮੂਰਖ ! ਮੈਂ (ਤੈਨੂੰ) ਮੁੜ ਮੁੜ ਕੀਹ ਆਖਾਂ? ਤੂੰ ਕਿਉਂ ਨਹੀਂ ਸਮਝਦਾ? (ਤੇਰਾ ਇਹ) ਸਰੀਰ (ਨਾਸ ਹੋਣ ਵਿਚ) ਗੜੇ ਵਰਗਾ ਹੀ ਹੈ (ਇਸ ਦੇ) ਨਾਸ ਹੁੰਦਿਆਂ ਚਿਰ ਨਹੀਂ ਲੱਗਦਾ।1। ਰਹਾਉ।

ਸਗਲ ਭਰਮ ਡਾਰਿ ਦੇਹਿ ਗੋਬਿੰਦ ਕੋ ਨਾਮੁ ਲੇਹਿ ॥
ਅੰਤਿ ਬਾਰ ਸੰਗਿ ਤੇਰੈ ਇਹੈ ਏਕੁ ਜਾਤੁ ਹੈ ॥੧॥

**ਅਰਥ** :- ਹੇ ਭਾਈ ! ਸਾਰੀਆਂ ਭਟਕਣਾਂ ਛੱਡ ਦੇਹ, ਪਰਮਾਤਮਾ ਦਾ ਨਾਮ ਜਪਿਆ ਕਰ। ਅੰਤਲੇ ਸਮੇ ਤੇਰੇ ਨਾਲ ਸਿਰਫ਼ ਇਹ ਨਾਮ ਹੀ ਜਾਣ ਵਾਲਾ ਹੈ।1।

ਬਿਖਿਆ ਬਿਖੁ ਜਿਉ ਬਿਸਾਰਿ ਪ੍ਰਭ ਕੌ ਜਸੁ ਹੀਏ ਧਾਰਿ ॥
ਨਾਨਕ ਜਨ ਕਹਿ ਪੁਕਾਰਿ ਅਉਸਰੁ ਬਿਹਾਤੁ ਹੈ ॥੨॥੨॥

**ਅਰਥ** :- ਹੇ ਭਾਈ! ਮਾਇਆ (ਦਾ ਮੋਹ ਆਪਣੇ ਅੰਦਰੋਂ) ਜ਼ਹਿਰ ਵਾਂਗ ਭੁਲਾ ਦੇਹ। ਪਰਮਾਤਮਾ ਦੀ ਸਿਫ਼ਤਿ-ਸਾਲਾਹ (ਆਪਣੇ) ਹਿਰਦੇ ਵਿਚ ਵਸਾਈ ਰੱਖ। ਦਾਸ ਨਾਨਕ (ਤੈਨੂੰ) ਕੂਕ ਕੂਕ ਕੇ ਆਖ ਰਿਹਾ ਹੈ, (ਮਨੁੱਖਾ ਜ਼ਿੰਦਗੀ ਦਾ ਸਮਾ) ਬੀਤਦਾ ਜਾ ਰਿਹਾ ਹੈ।2। 2।

## ਸ਼ਬਦ ਨੰਬਰ ੫੮ : ਰਾਗ ਜੈਜਾਵੰਤੀ : ਅੰਗ ੧੩੫੨

ਰੇ ਮਨ ਕਉਨ ਗਤਿ ਹੁਇ ਹੈ ਤੇਰੀ ॥
ਇਹ ਜਗ ਮਹਿ ਰਾਮ ਨਾਮੁ ਸੋ ਤਉ ਨਹੀ ਸੁਨਿਓ ਕਾਨਿ ॥
ਬਿਖਿਅਨ ਸਿਉ ਅਤਿ ਲੁਭਾਨਿ ਮਤਿ ਨਾਹਿਨ ਫੇਰੀ ॥੧॥ ਰਹਾਉ ॥

**ਅਰਥ** :- ਹੇ ਮਨ! (ਤੂੰ ਕਦੇ ਸੋਚਦਾ ਨਹੀਂ ਕਿ) ਤੇਰੀ ਕੀਹ ਦਸ਼ਾ ਹੋਵੇਗੀ। ਇਸ ਜਗਤ ਵਿਚ (ਤੇਰਾ ਅਮਲ ਸਾਥੀ) ਪਰਮਾਤਮਾ ਦਾ ਨਾਮ (ਹੀ) ਹੈ, ਉਹ (ਨਾਮ) ਤੂੰ ਕਦੇ ਧਿਆਨ ਨਾਲ ਸੁਣਿਆ ਨਹੀਂ। ਤੂੰ ਵਿਸ਼ਿਆਂ ਵਿਚ ਹੀ ਬਹੁਤ ਫਸਿਆ ਰਹਿੰਦਾ ਹੈਂ, ਤੂੰ (ਆਪਣੀ) ਸੁਰਤਿ (ਇਹਨਾਂ ਵਲੋਂ ਕਦੇ) ਪਰਤਾਂਦਾ ਨਹੀਂ।1। ਰਹਾਉ।

ਮਾਨਸ ਕੋ ਜਨਮੁ ਲੀਨੁ ਸਿਮਰਨੁ ਨਹ ਨਿਮਖ ਕੀਨੁ ॥
ਦਾਰਾ ਸੁਖ ਭਇਓ ਦੀਨੁ ਪਗਹੁ ਪਰੀ ਬੇਰੀ ॥੧॥

**ਅਰਥ** :- ਹੇ ਭਾਈ! ਤੂੰ ਮਨੁੱਖ ਦਾ ਜਨਮ (ਤਾਂ) ਹਾਸਲ ਕੀਤਾ, ਪਰ ਕਦੇ ਰਤਾ ਭਰ ਸਮੇ ਲਈ ਭੀ ਪਰਮਾਤਮਾ ਦਾ ਸਿਮਰਨ ਨਹੀਂ ਕੀਤਾ। ਤੂੰ ਸਦਾ ਇਸਤ੍ਰੀ ਦੇ ਸੁਖਾਂ ਦੇ ਹੀ ਅਧੀਨ ਹੋਇਆ ਰਹਿੰਦਾ ਹੈਂ। ਤੇਰੇ ਪੈਰਾਂ ਵਿਚ (ਇਸਤ੍ਰੀ ਦੇ ਮੋਹ ਦੀ) ਬੇੜੀ ਪਈ ਰਹਿੰਦੀ ਹੈ।1।

ਨਾਨਕ ਜਨ ਕਹਿ ਪੁਕਾਰਿ ਸੁਪਨੈ ਜਿਉ ਜਗ ਪਸਾਰੁ ॥
ਸਿਮਰਤ ਨਹ ਕਿਉ ਮੁਰਾਰਿ ਮਾਇਆ ਜਾ ਕੀ ਚੇਰੀ ॥੨॥੩॥

**ਅਰਥ** :- ਹੇ ਭਾਈ! ਦਾਸ ਨਾਨਕ (ਤੈਨੂੰ) ਪੁਕਾਰ ਕੇ ਆਖਦਾ ਹੈ ਕਿ ਇਹ ਜਗਤ ਦਾ ਖਿਲਾਰਾ ਸੁਪਨੇ ਵਰਗਾ ਹੀ ਹੈ। ਇਹ ਮਾਇਆ ਜਿਸ ਦੀ ਦਾਸੀ ਹੈ ਤੂੰ ਉਸ ਪਰਮਾਤਮਾ ਦਾ ਸਿਮਰਨ ਕਿਉਂ ਨਹੀਂ ਕਰਦਾ।2।3।

## ਸ਼ਬਦ ਨੰਬਰ ੫੯ : ਰਾਗ ਜੈਜਾਵੰਤੀ : ਅੰਗ ੧੩੫੨

**ਬੀਤ ਜੈਹੈ ਬੀਤ ਜੈਹੈ ਜਨਮੁ ਅਕਾਜੁ ਰੇ ।।**
**ਨਿਸਿ ਦਿਨੁ ਸੁਨਿ ਕੈ ਪੁਰਾਨ ਸਮਝਤ ਨਹ ਰੇ ਅਜਾਨ ।।**
**ਕਾਲੁ ਤਉ ਪਹੂਚਿਓ ਆਨਿ ਕਹਾ ਜੈਹੈ ਭਾਜਿ ਰੇ ॥੧॥ ਰਹਾਉ ॥**

**ਅਰਥ :-** ਹੇ ਭਾਈ! (ਪਰਮਾਤਮਾ ਦੀ ਭਗਤੀ ਤੋਂ ਬਿਨਾ) ਮਨੁੱਖਾ ਜੀਵਨ (ਦਾ ਸਮਾ) ਜਨਮ-ਮਨੋਰਥ ਹਾਸਲ ਕਰਨ ਤੋਂ ਬਿਨਾ ਹੀ ਲੰਘਦਾ ਜਾ ਰਿਹਾ ਹੈ, ਗੁਜ਼ਰਦਾ ਜਾ ਰਿਹਾ ਹੈ। ਹੇ ਮੂਰਖ! ਰਾਤ ਦਿਨ ਪੁਰਾਣ (ਆਦਿਕ ਪੁਸਤਕਾਂ ਦੀਆਂ ਕਹਾਣੀਆਂ) ਸੁਣ ਕੇ (ਭੀ) ਤੂੰ ਨਹੀਂ ਸਮਝਦਾ (ਕਿ ਇਥੇ ਸਦਾ ਨਹੀਂ ਬੈਠ ਰਹਿਣਾ) । ਮੌਤ (ਦਾ ਸਮਾ) ਤਾਂ (ਨੇੜੇ) ਆ ਪਹੁੰਚਿਆ ਹੈ (ਦੱਸ, ਤੂੰ ਇਸ ਪਾਸੋਂ) ਭੱਜ ਕਿੱਥੇ ਚਲਾ ਜਾਹਿੰਗਾ।1। ਰਹਾਉ।

**ਅਸਥਿਰੁ ਜੋ ਮਾਨਿਓ ਦੇਹ ਸੋ ਤਉ ਤੇਰਉ ਹੋਇ ਹੈ ਖੇਹ ॥**
**ਕਿਉ ਨ ਹਰਿ ਕੋ ਨਾਮੁ ਲੇਹਿ ਮੂਰਖ ਨਿਲਾਜ ਰੇ ॥੧॥**

**ਅਰਥ :-** ਹੇ ਮੂਰਖ! ਹੇ ਬੇ-ਸ਼ਰਮ! ਜਿਸ (ਆਪਣੇ) ਸਰੀਰ ਨੂੰ ਤੂੰ ਸਦਾ ਕਾਇਮ ਰਹਿਣ ਵਾਲਾ ਸਮਝੀ ਬੈਠਾ ਹੈਂ, ਤੇਰਾ ਉਹ (ਸਰੀਰ) ਤਾਂ (ਜ਼ਰੂਰ) ਸੁਆਹ ਹੋ ਜਾਇਗਾ। (ਫਿਰ) ਤੂੰ ਕਿਉਂ ਪਰਮਾਤਮਾ ਦਾ ਨਾਮ ਨਹੀਂ ਜਪਦਾ?।1।

**ਰਾਮ ਭਗਤਿ ਹੀਏ ਆਨਿ ਛਾਡਿ ਦੇ ਤੈ ਮਨ ਕੋ ਮਾਨੁ ॥**
**ਨਾਨਕ ਜਨ ਇਹ ਬਖਾਨਿ ਜਗ ਮਹਿ ਬਿਰਾਜੁ ਰੇ ॥੨॥੪॥**

**ਅਰਥ :-** ਦਾਸ ਨਾਨਕ (ਤੈਨੂੰ ਮੁੜ ਮੁੜ) ਇਹ ਗੱਲ ਹੀ ਆਖਦਾ ਹੈ ਕਿ (ਆਪਣੇ) ਮਨ ਦਾ ਅਹੰਕਾਰ ਛੱਡ ਦੇਹ, ਪਰਮਾਤਮਾ ਦੀ ਭਗਤੀ (ਆਪਣੇ) ਹਿਰਦੇ ਵਿਚ ਵਸਾ ਲੈ। ਇਹੋ ਜਿਹਾ ਸੁਚੱਜਾ ਜੀਵਨ ਜੀਉ।2।4।

**ਅੰਗ ੧੪੨੬**

**੧ਓ ਸਤਿਗੁਰ ਪ੍ਰਸਾਦਿ ॥**

**ਅਕਾਲ ਪੁਰਖ ਇੱਕ ਹੈ, ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ ॥**

**ਸਲੋਕ ਮਹਲਾ ੯**

**1**

**ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥੁ ਕੀਨੁ ॥**
**ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨੁ ॥੧॥**

**ਅਰਥ :-** ਹੇ ਭਾਈ! ਜੇ ਤੂੰ ਪਰਮਾਤਮਾ ਦੇ ਗੁਣ ਕਦੇ ਨਹੀਂ ਗਾਏ, ਤਾਂ ਤੂੰ ਆਪਣਾ ਮਨੁੱਖਾ ਜਨਮ ਨਿਕੰਮਾ ਕਰ ਲਿਆ। ਹੇ ਨਾਨਕ! ਆਖ– ਹੇ ਮਨ! ਪਰਮਾਤਮਾ ਦਾ ਭਜਨ ਕਰਿਆ ਕਰ (ਤੇ, ਉਸ ਨੂੰ ਇਉਂ ਜ਼ਿੰਦਗੀ ਦਾ ਆਸਰਾ ਬਣਾ) ਜਿਵੇਂ ਪਾਣੀ ਨੂੰ ਮੱਛੀ (ਆਪਣੀ ਜਿੰਦ ਦਾ ਆਸਰਾ ਬਣਾਈ ਰੱਖਦੀ ਹੈ) ।1।

**2**

**ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥**
**ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥ ੨ ॥**

**ਅਰਥ :-** ਹੇ ਭਾਈ! ਤੂੰ ਵਿਸ਼ਿਆਂ ਨਾਲ ਕਿਉਂ (ਇਤਨਾ) ਮਸਤ ਰਹਿੰਦਾ ਹੈਂ? ਤੂੰ ਅੱਖ ਝਮਕਣ ਜਿਤਨੇ ਸਮੇ ਲਈ ਭੀ ਵਿਸ਼ਿਆਂ ਤੋਂ ਚਿੱਤ ਨਹੀਂ ਹਟਾਂਦਾ। ਹੇ ਨਾਨਕ! ਆਖ– ਹੇ ਮਨ! ਪਰਮਾਤਮਾ ਦਾ ਭਜਨ ਕਰਿਆ ਕਰ। (ਭਜਨ ਦੀ ਬਰਕਤਿ ਨਾਲ) ਜਮਾਂ ਦੀ ਫਾਹੀ (ਗਲ ਵਿਚ) ਨਹੀਂ ਪੈਂਦੀ।2।

**3**

**ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥**
**ਕਹੁ ਨਾਨਕ ਭਜੁ ਹਰਿ ਮਨਾ ਅਉਧ ਜਾਤ ਹੈ ਬੀਤਿ ॥੩॥**

**ਅਰਥ :-** ਹੇ ਭਾਈ! (ਤੇਰੀ) ਜੁਆਨੀ ਬੇ-ਪਰਵਾਹੀ ਵਿਚ ਹੀ ਲੰਘ ਗਈ, (ਹੁਣ) ਬੁਢੇਪੇ ਨੇ ਤੇਰੇ ਸਰੀਰ ਨੂੰ ਜਿੱਤ ਲਿਆ ਹੈ। ਹੇ ਨਾਨਕ! ਆਖ– ਹੇ ਮਨ! ਪਰਮਾਤਮਾ ਦਾ ਭਜਨ ਕਰਿਆ ਕਰ। ਉਮਰ ਲੰਘਦੀ ਜਾ ਰਹੀ ਹੈ।3।

**4.**

**ਬਿਰਧਿ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨਿ ।।**
**ਕਹੁ ਨਾਨਕ ਨਰ ਬਾਵਰੇ ਕਿਉ ਨ ਭਜਹਿ ਭਗਵਾਨ ।।੪।।**

**ਅਰਥ :-** ਹੇ ਨਾਨਕ ! ਆਖ-ਹੇ ਝੱਲੇ ਮਨੁੱਖ ! ਤੂੰ ਕਿਉਂ ਪਰਮਾਤਮਾ ਦਾ ਭਜਨ ਨਹੀਂ ਕਰਦਾ ? (ਵੇਖ, ਤੂੰ ਹੁਣ) ਬੁੱਢਾ ਹੋ ਗਿਆ ਹੈਂ (ਪਰ ਤੈਨੂੰ ਅਜੇ ਭੀ ਇਹ) ਸਮਝ ਨਹੀਂ ਆ ਰਹੀ ਕਿ ਮੌਤ (ਸਿਰ ਤੇ) ਆ ਪਹੁੰਚੀ ਹੈ । ੪ ।

**5.**

**ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ ।।**
**ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ ॥੫॥**

**ਅਰਥ :-** ਹੇ ਨਾਨਕ ! (ਆਖ-ਹੇ ਭਾਈ !) ਧਨ, ਇਸਤ੍ਰੀ, ਸਾਰੀ ਜਾਇਦਾਦ-(ਇਸ ਨੂੰ) ਆਪਣੀ ਕਰ ਕੇ ਨਾਹ ਮੰਨ । ਇਹ ਗੱਲ ਸੱਚੀ ਸਮਝ ਕਿ ਇਹਨਾਂ ਸਾਰਿਆਂ ਵਿਚੋਂ ਕੋਈ ਇੱਕ ਭੀ ਤੇਰਾ ਸਾਥੀ ਨਹੀਂ ਬਣ ਸਕਦਾ ।੫।

**6.**

**ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ ।।**
**ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥਿ ।। ੬ ।।**

**ਅਰਥ :-** ਹੇ ਨਾਨਕ ! ਆਖ-(ਹੇ ਭਾਈ !) ਪ੍ਰਭੂ ਜੀ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲੇ ਹਨ, ਸਾਰੇ ਡਰ ਦੂਰ ਕਰਨ ਵਾਲੇ ਹਨ, ਅਤੇ ਨਿਖਸਮਿਆਂ ਦੇ ਖਸਮ ਹਨ । ਹੇ ਭਾਈ ! ਉਸ (ਪ੍ਰਭੂ) ਨੂੰ (ਇਉਂ) ਸਮਝਣਾ ਚਾਹੀਦਾ ਹੈ ਕਿ ਉਹ ਸਦਾ ਤੇਰੇ ਨਾਲ ਵੱਸਦਾ ਹੈ । ੬ ।

**7.**

**ਤਨੁ ਧਨੁ ਜਿਹ ਤੋ ਕਉ ਦੀਓ ਤਾਂ ਸਿਉ ਨੇਹੁ ਨ ਕੀਨ ।।**
**ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ ।। ੭ ।।**

**ਅਰਥ :-** ਹੇ ਨਾਨਕ ! ਆਖ-ਹੇ ਝੱਲੇ ਮਨੁੱਖ ! ਜਿਸ (ਪਰਮਾਤਮਾ) ਨੇ ਤੈਨੂੰ ਸਰੀਰ ਦਿੱਤਾ, ਧਨ ਦਿੱਤਾ, ਤੂੰ ਉਸ ਨਾਲ ਪਿਆਰ ਨਾਹ ਪਾਇਆ । ਫਿਰ ਹੁਣ ਆਤੁਰ ਹੋ ਕੇ ਘਬਰਾਇਆ ਕਿਉਂ ਫਿਰਦਾ ਹੈਂ (ਭਾਵ, ਉਸ ਹਰੀ ਨੂੰ ਯਾਦ ਕਰਨ ਤੋਂ ਬਿਨਾ ਘਬਰਾਣਾ ਤਾਂ ਹੋਇਆ ਹੀ) । ੭ ।

**8.**

**ਤਨੁ ਧਨੁ ਸੰਪੈ ਸੁਖ ਦੀਓ ਅਰੁ ਜਿਹ ਨੀਕੈ ਧਾਮ ॥**
**ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮੁ ॥ ੮ ॥**

**ਅਰਥ :-** ਹੇ ਨਾਨਕ ! ਆਖ-ਹੇ ਮਨ ! ਸੁਣ, ਜਿਸ (ਪਰਮਾਤਮਾ) ਨੇ ਸਰੀਰ ਦਿੱਤਾ, ਧਨ ਦਿੱਤਾ, ਜਾਇਦਾਦ ਦਿੱਤੀ, ਸੁਖ ਦਿੱਤੇ ਅਤੇ ਸੋਹਣੇ ਘਰ ਦਿੱਤੇ ਉਸ ਪਰਮਾਤਮਾ ਦਾ ਤੂੰ ਸਿਮਰਨ ਕਿਉਂ ਨਹੀ ਕਰਦਾ ? ੮ ।

**9.**

**ਸਭ ਸੁਖ ਦਾਤਾ ਰਾਮੁ ਹੈ ਦੂਸਰੁ ਨਾਹਿਨ ਕੋਇ ॥**
**ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ ॥ ੯ ॥**

ਅਰਥ :- ਹੇ ਨਾਨਕ ! ਆਖ-ਹੇ ਮਨ ! ਪਰਮਾਤਮਾ (ਹੀ) ਸਾਰੇ ਸੁਖ ਦੇਣ ਵਾਲਾ ਹੈ, (ਉਸ ਦੇ ਬਰਾਬਰ ਦਾ ਹੋਰ) ਕੋਈ ਦੂਜਾ ਨਹੀਂ ਹੈ, ਉਸ (ਦਾ ਨਾਮ)ਸਿਮਰਦਿਆਂ ਉੱਚੀ ਆਤਮਕ ਅਵਸਥਾ (ਭੀ) ਪ੍ਰਾਪਤ ਹੋ ਜਾਂਦੀ ਹੈ । ੯ ।

**10.**

**ਜਿਹ ਸਿਮਰਤ ਗਤਿ ਪਾਈਐ ਤਿਹ ਭਜੁ ਰੇ ਤੈ ਮੀਤ ॥**
**ਕਹੁ ਨਾਨਕ ਸੁਨੁ ਰੇ ਮਨਾ ਅਉਧ ਘਟਤ ਹੈ ਨੀਤ ॥ ੧੦ ॥**

**ਅਰਥ :-** ਹੇ ਮਿੱਤਰ! ਤੂੰ ਉਸ ਪਰਮਾਤਮਾ ਦਾ ਭਜਨ ਕਰਿਆ ਕਰ, ਜਿਸ ਦਾ ਨਾਮ ਸਿਮਰਦਿਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੁੰਦੀ ਹੈ। ਹੇ ਨਾਨਕ! ਆਖ– ਹੇ ਮਨ! ਸੁਣ, ਉਮਰ ਸਦਾ ਘਟਦੀ ਜਾ ਰਹੀ ਹੈ (ਪਰਮਾਤਮਾ ਦਾ ਸਿਮਰਨ ਨਾਹ ਵਿਸਾਰ) ।10।

**ਅੰਗ ੧੪੨੭**

**11.**

**ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ ॥**
**ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨੁ ॥੧੧॥**

**ਅਰਥ :-** ਹੇ ਨਾਨਕ! (ਆਖ-) ਹੇ ਚਤੁਰ ਮਨੁੱਖ! ਹੇ ਸਿਆਣੇ ਮਨੁੱਖ! ਤੂੰ ਜਾਣਦਾ ਹੈਂ ਕਿ (ਤੇਰਾ ਇਹ) ਸਰੀਰ (ਪਰਮਾਤਮਾ ਨੇ) ਪੰਜ ਤੱਤਾਂ ਤੋਂ ਬਣਾਇਆ ਹੈ। (ਇਹ ਭੀ) ਯਕੀਨ ਜਾਣ ਕਿ ਜਿਨ੍ਹਾਂ ਤੱਤਾਂ ਤੋਂ (ਇਹ ਸਰੀਰ) ਬਣਿਆ ਹੈ (ਮੁੜ) ਉਹਨਾਂ ਵਿਚ ਹੀ ਲੀਨ ਹੋ ਜਾਇਗਾ (ਫਿਰ ਇਸ ਸਰੀਰ ਦੇ ਝੂਠੇ ਮੋਹ ਵਿਚ ਫਸ ਕੇ ਪਰਮਾਤਮਾ ਦਾ ਸਿਮਰਨ ਕਿਉਂ ਭੁਲਾ ਰਿਹਾ ਹੈਂ?।11।

**12.**

**ਘਟ ਘਟ ਮਹਿ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ ॥**
**ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ ॥ ੧੨ ॥**

**ਅਰਥ :-** ਹੇ ਨਾਨਕ! ਆਖ– ਹੇ ਮਨ! ਸੰਤ ਜਨਾਂ ਨੇ ਉੱਚੀ ਕੂਕ ਕੇ ਦੱਸ ਦਿੱਤਾ ਹੈ ਕਿ ਪਰਮਾਤਮਾ ਹਰੇਕ ਸਰੀਰ ਵਿਚ ਵੱਸ ਰਿਹਾ ਹੈ। ਤੂੰ ਉਸ (ਪਰਮਾਤਮਾ) ਦਾ ਭਜਨ ਕਰਿਆ ਕਰ, (ਭਜਨ ਦੀ ਬਰਕਤਿ ਨਾਲ) ਸੰਸਾਰ-ਸਮੁੰਦਰ ਤੋਂ ਤੂੰ ਪਾਰ ਲੰਘ ਜਾਹਿੰਗਾ।12।

**13.**

**ਸੁਖੁ ਦੁਖੁ ਜਿਹ ਪਰਸੈ ਨਹੀ ਲੋਭੁ ਮੋਹੁ ਅਭਿਮਾਨੁ ॥**
**ਕਹੁ ਨਾਨਕ ਸੁਨੁ ਰੇ ਮਨਾ ਸੋ ਮੂਰਤਿ ਭਗਵਾਨ ॥ ੧੩ ॥**

**ਅਰਥ** :- ਹੇ ਨਾਨਕ! ਆਖ– ਹੇ ਮਨ! ਸੁਣ, ਜਿਸ ਮਨੁੱਖ (ਦੇ ਹਿਰਦੇ) ਨੂੰ ਸੁਖ ਦੁਖ ਨਹੀਂ ਪੋਹ ਸਕਦਾ, ਲੋਭ ਮੋਹ ਅਹੰਕਾਰ ਨਹੀਂ ਪੋਹ ਸਕਦਾ (ਭਾਵ, ਜਿਹੜਾ ਮਨੁੱਖ ਸੁਖ ਦੁਖ ਵੇਲੇ ਆਤਮਕ ਜੀਵਨ ਵਲੋਂ ਨਹੀਂ ਡੋਲਦਾ, ਜਿਸ ਉਤੇ ਲੋਭ ਮੋਹ ਅਹੰਕਾਰ ਆਪਣਾ ਜ਼ੋਰ ਨਹੀਂ ਪਾ ਸਕਦਾ) ਉਹ ਮਨੁੱਖ (ਸਾਖਿਆਤ) ਪਰਮਾਤਮਾ ਦਾ ਰੂਪ ਹੈ।13।

**14.**

**ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ ॥**
**ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥ ੧੪ ॥**

**ਅਰਥ :-** ਹੇ ਨਾਨਕ ! ਆਖ-ਹੇ ਮਨ ! ਸੁਣ, ਜਿਸ ਮਨੁੱਖ (ਦੇ ਮਨ) ਨੂੰ ਉਸਤਤਿ ਨਹੀਂ (ਡੁਲਾ ਸਕਦੀ)ਨਿੰਦਿਆ ਨਹੀਂ (ਡੁਲਾ ਸਕਦੀ), ਜਿਸ ਨੂੰ ਸੋਨਾ ਅਤੇ ਲੋਹਾ ਇਕੋ ਜਿਹੇ (ਦਿੱਸਦੇ ਹਨ, ਭਾਵ, ਜੋ ਲਾਲਚ ਵਿਚ ਨਹੀਂ ਫਸਦਾ), ਇਹ ਗੱਲ (ਪੱਕੀ) ਜਾਣ ਕਿ ਉਸ ਨੂੰ ਮੋਹ ਤੋਂ ਛੁਟਕਾਰਾ ਮਿਲ ਚੁਕਾ ਹੈ । ੧੪ ॥

**15.**

**ਹਰਖੁ ਸੋਗੁ ਜਾ ਕੈ ਨਹੀ ਬੈਰੀ ਮੀਤ ਸਮਾਨਿ ॥**
**ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥ ੧੫ ॥**

**ਅਰਥ :-** ਹੇ ਨਾਨਕ ! ਆਖ-ਹੇ ਮਨ ! ਸੁਣ, ਜਿਸ ਮਨੁੱਖ ਦੇ ਹਿਰਦੇ ਵਿਚ ਖ਼ੁਸ਼ੀ ਗਮੀ ਆਪਣਾ ਜ਼ੋਰ ਨਹੀਂ ਪਾ ਸਕਦੀ, ਜਿਸ ਨੂੰ ਵੈਰੀ ਤੇ ਮਿੱਤਰ ਇਕੋ ਜਿਹੇ (ਮਿੱਤਰ ਹੀ) ਜਾਪਦੇ ਹਨ, ਤੂੰ ਇਹ ਗੱਲ ਪੱਕੀ ਸਮਝ ਕਿ ਉਸ ਨੂੰ ਮਾਇਆ ਦੇ ਮੋਹ ਤੋਂ ਖਲਾਸੀ ਮਿਲ ਚੁਕੀ ਹੈ । ੧੫ ।

**16.**

**ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥**
**ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥ ੧੬ ॥**

**ਅਰਥ :-** ਹੇ ਨਾਨਕ ! ਆਖ-ਹੇ ਮਨ ! ਸੁਣ, ਜਿਹੜਾ ਮਨੁੱਖ ਕਿਸੇ ਨੂੰ (ਕੋਈ) ਡਰਾਵੇ ਨਹੀਂ ਦੇਂਦਾ, ਅਤੇ ਕਿਸੇ ਦੇ ਡਰਾਵੇ ਨਹੀਂ ਮੰਨਦਾ (ਡਰਾਵਿਆਂ ਤੋਂ ਘਬਰਾਂਦਾ ਨਹੀ) ਉਸ ਨੂੰ ਆਤਮਕ ਜੀਵਨ ਦੀ ਸੂਝ ਵਾਲਾ ਸਮਝ । ੧੬ ।

**17.**

**ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ ਬੈਰਾਗ ॥**
**ਕਹੁ ਨਾਨਕ ਸੁਨੁ ਰੇ ਮਨਾ ਤਿਹ ਨਰ ਮਾਥੈ ਭਾਗੁ ॥ ੧੭ ॥**

**ਅਰਥ :-** ਹੇ ਨਾਨਕ ! ਆਖ-ਹੇ ਮਨ ! ਸੁਣ, ਜਿਸ (ਮਨੁੱਖ) ਨੇ (ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ, ਨਿੰਦਾ,ਈਰਖਾ, ਆਦਿਕ ਅਨੇਕਾਂ ਰੂਪਾਂ ਵਾਲੀ) ਸਾਰੀ ਦੀ ਸਾਰੀ ਮਾਇਆ ਤਿਆਗ ਦਿੱਤੀ, (ਉਸ ਨੇ ਹੀ ਸਹੀ) ਵੈਰਾਗ ਦਾ (ਸਹੀ) ਭੇਖ ਧਾਰਨ ਕੀਤਾ (ਸਮਝ) । ਹੇ ਮਨ ! ਉਸ ਮਨੁੱਖ ਦੇ ਮੱਥੇ ਉੱਤੇ (ਚੰਗਾ) ਭਾਗ (ਜਾਗਿਆ ਸਮਝ)। ੧੭ ।

**18.**

**ਜਿਹਿ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸੁ ॥**
**ਕਹੁ ਨਾਨਕ ਸੁਨੁ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥ ੧੮ ॥**

**ਅਰਥ :-** ਹੇ ਨਾਨਕ ! ਆਖ-ਹੇ ਮਨ ! ਸੁਣ, ਜਿਸ (ਮਨੁੱਖ) ਨੇ ਮਾਇਆ ਦਾ ਮੋਹ ਛੱਡ ਦਿੱਤਾ, (ਜਿਹੜਾ ਮਨੁੱਖ ਮਾਇਆ ਦੇ ਕਾਮਾਦਿਕ) ਸਾਰੇ ਵਿਕਾਰਾਂ ਵਲੋਂ ਉਪਰਾਮ ਹੋ ਗਿਆ, ਉਸ ਦੇ ਹਿਰਦੇ ਵਿਚ (ਪਰਤੱਖ ਤੌਰ ਤੇ) ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ । ੧੮ ।

**19.**

**ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮੁ ਪਛਾਨਿ ॥**
**ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨੁ ॥੧੯॥**

**ਅਰਥ :-** ਜਿਸ ਮਨੁੱਖ ਨੇ ਕਰਤਾਰ ਸਿਰਜਣਹਾਰ ਨਾਲ ਡੂੰਘੀ ਸਾਂਝ ਪਾ ਕੇ (ਆਪਣੇ ਅੰਦਰੋਂ) ਹਉਮੈ ਤਿਆਗ ਦਿੱਤੀ, ਹੇ ਨਾਨਕ! ਆਖ– ਹੇ ਮਨ! ਇਹ ਗੱਲ ਸੱਚੀ ਸਮਝ ਕਿ ਉਹ ਮਨੁੱਖ (ਹੀ) ਮੁਕਤ ਹੈ।19।

**20.**

**ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮੁ ॥**
**ਨਿਸਿ ਦਿਨੁ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ ॥੨੦॥**

**ਅਰਥ :-** ਹੇ ਨਾਨਕ ! (ਆਖ-ਹੇ ਭਾਈ !) ਇਸ ਕਲੇਸ਼ਾਂ-ਭਰੇ ਸੰਸਾਰ ਵਿਚ ਪਰਮਾਤਮਾ ਦਾ ਨਾਮ (ਹੀ) ਸਾਰੇ ਡਰ ਨਾਸ ਕਰਨ ਵਾਲਾ ਹੈ, ਖੋਟੀ ਮਤਿ ਦੂਰ ਕਰਨ ਵਾਲਾ ਹੈ। ਜਿਹੜਾ ਮਨੁੱਖ ਪ੍ਰਭੂ ਦਾ ਨਾਮ ਰਾਤ ਦਿਨ ਜਪਦਾ ਰਹਿੰਦਾ ਹੈ ਉਸ ਦੇ ਸਾਰੇ ਕੰਮ ਨੇਪਰੇ ਚੜ੍ਹ ਜਾਂਦੇ ਹਨ। ੨੦।

**21.**

**ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮੁ ।।**
**ਕਹੁ ਨਾਨਕ ਸੁਨਿ ਰੇ ਪਰਹਿ ਨ ਜਮ ਕੈ ਧਾਮ ।। ੨੧ ।।**

ਅਰਥ :- ਹੇ ਨਾਨਕ ! ਹੇ ਭਾਈ ! (ਆਪਣੀ) ਜੀਭ ਨਾਲ ਪਰਮਾਤਮਾ ਦੇ ਗੁਣਾਂ ਦਾ ਜਾਪ ਕਰਿਆ ਕਰੋ,(ਆਪਣੇ) ਕੰਨਾਂ ਨਾਲ ਪਰਮਾਤਮਾ ਦਾ ਨਾਮ ਸੁਣਿਆ ਕਰੋ। ਹੇ ਨਾਨਕ ! ਆਖ-ਹੇ ਮਨ ! (ਜਿਹੜੇ ਮਨੁੱਖ ਨਾਮ ਜਪਦੇ ਹਨ, ਉਹ) ਜਮਾਂ ਦੇ ਵੱਸ ਨਹੀਂ ਪੈਂਦੇ। ੨੧।

**22.**

**ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ ।।**
**ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ ॥੨੨।।**

**ਅਰਥ :-** ਹੇ ਨਾਨਕ ! ਆਖ-(ਹੇ ਭਾਈ !) ਜਿਹੜਾ ਮਨੁੱਖ (ਆਪਣੇ ਅੰਦਰੋਂ ਮਾਇਆ ਦੀ) ਮਮਤਾ ਤਿਆਗਦਾ ਹੈ, ਲੋਭ ਮੋਹ ਅਤੇ ਅਹੰਕਾਰ ਦੂਰ ਕਰਦਾ ਹੈ , ਉਹ ਆਪ(ਭੀ ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ਅਤੇ ਹੋਰਨਾਂ ਨੂੰ ਭੀ (ਵਿਕਾਰਾਂ ਤੋਂ) ਬਚਾ ਲੈਂਦਾ ਹੈ। ੨੨।

**23.**

**ਜਿਉ ਸੁਪਨਾ ਅਰੁ ਪੇਖਨਾ ਐਸੇ ਜਗਿ ਕਉ ਜਾਨਿ ।।**
**ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ ॥੨੩॥**

**ਅਰਥ :-** ਹੇ ਨਾਨਕ ! (ਆਖ-ਹੇ ਭਾਈ !) ਜਿਵੇਂ (ਸੁੱਤੇ ਪਿਆਂ) ਸੁਪਨਾ (ਆਉਂਦਾ ਹੈ) ਅਤੇ (ਉਸ ਸੁਪਨੇ ਵਿਚ ਕਈ ਪਦਾਰਥ) ਵੇਖੀਦੇ ਹਨ, ਤਿਵੇਂ ਇਸ ਜਗਤ ਨੂੰ ਸਮਝ ਲੈ। ਪਰਮਾਤਮਾ ਦੇ ਨਾਮ ਤੋਂ ਬਿਨਾ (ਜਗਤ ਵਿਚ ਦਿੱਸ ਰਹੇ) ਇਹਨਾਂ (ਪਦਾਰਥਾਂ) ਵਿਚ ਕੋਈ ਭੀ ਪਦਾਰਥ ਸਦਾ ਸਾਥ ਨਿਬਾਹੁਣ ਵਾਲਾ ਨਹੀਂ ਹੈ। ੨੩।

24.

**ਨਿਸਿ ਦਿਨੁ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ ॥**
**ਕੋਟਨ ਮੈ ਨਾਨਕ ਕੋਊ ਨਾਰਾਇਨੁ ਜਿਹ ਚੀਤਿ ॥੨੪॥**

**ਅਰਥ :-** ਹੇ ਨਾਨਕ! (ਆਖ– ਹੇ ਭਾਈ!) ਮਾਇਆ (ਇਕੱਠੀ ਕਰਨ) ਦੀ ਖ਼ਾਤਰ ਮਨੁੱਖ ਸਦਾ ਰਾਤ ਦਿਨ ਭਟਕਦਾ ਫਿਰਦਾ ਹੈ। ਕ੍ਰੋੜਾਂ (ਬੰਦਿਆਂ) ਵਿਚ ਕੋਈ ਵਿਰਲਾ (ਅਜਿਹਾ ਹੁੰਦਾ) ਹੈ, ਜਿਸ ਦੇ ਮਨ ਵਿਚ ਪਰਮਾਤਮਾ ਦੀ ਯਾਦ ਟਿਕੀ ਹੁੰਦੀ ਹੈ।24।

**25.**

**ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ ॥**
**ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨਿ ਮੀਤ ॥ ੨੫ ॥**

**ਅਰਥ :-** ਹੇ ਨਾਨਕ ! ਆਖ-ਹੇ ਮਿੱਤਰ ! ਸੁਣ, ਜਿਵੇਂ ਪਾਣੀ ਤੋਂ ਬੁਲਬੁਲਾ ਸਦਾ ਪੈਦਾ ਹੁੰਦਾ ਅਤੇ ਨਾਸ ਹੁੰਦਾ ਰਹਿੰਦਾ ਹੈ, ਤਿਵੇਂ ਹੀ (ਪਰਮਾਤਮਾ ਨੇ) ਜਗਤ ਦੀ (ਇਹ) ਖੇਡ ਬਣਾਈ ਹੋਈ ਹੈ । ੨੫ ।

**26.**

**ਪ੍ਰਾਨੀ ਕਛੂ ਨ ਚੇਤਈ ਮਦਿ ਮਾਇਆ ਕੈ ਅੰਧੁ ॥**
**ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ ॥ ੨੬ ॥**

**ਅਰਥ :-** ਪਰ ਮਾਇਆ ਦੇ ਨਸ਼ੇ ਵਿਚ (ਆਤਮਕ ਜੀਵਨ ਵਲੋਂ) ਅੰਨ੍ਹਾ ਹੋਇਆ ਮਨੁੱਖ (ਆਤਮਕ ਜੀਵਨ ਬਾਰੇ) ਕੁਝ ਭੀ ਨਹੀਂ ਸੋਚਦਾ। ਹੇ ਨਾਨਕ! ਆਖ– ਪਰਮਾਤਮਾ ਦੇ ਭਜਨ ਤੋਂ ਬਿਨਾ (ਅਜਿਹੇ ਮਨੁੱਖ ਨੂੰ) ਜਮਾਂ ਦੀਆਂ ਫਾਹੀਆਂ ਪਈਆਂ ਰਹਿੰਦੀਆਂ ਹਨ।26।

**27.**

**ਜਉ ਸੁਖ ਕਉ ਚਾਹੈ ਸਦਾ ਸਰਨਿ ਰਾਮ ਕੀ ਲੇਹ ॥**
**ਕਹੁ ਨਾਨਕ ਸੁਨਿ ਰੇ ਮਨਾ ਦੁਰਲਭ ਮਾਨੁਖ ਦੇਹ ॥ ੨੭ ॥**

**ਅਰਥ :-** ਹੇ ਨਾਨਕ! ਆਖ– ਹੇ ਮਨ! ਸੁਣ, ਇਹ ਮਨੁੱਖਾ ਸਰੀਰ ਬੜੀ ਮੁਸ਼ਕਿਲ ਨਾਲ ਮਿਲਦਾ ਹੈ (ਇਸ ਨੂੰ ਮਾਇਆ ਦੀ ਖ਼ਾਤਰ ਭਟਕਣਾ ਵਿਚ ਹੀ ਨਹੀਂ ਰੋਲ ਦੇਣਾ ਚਾਹੀਦਾ) । ਸੋ, ਜੇ (ਮਨੁੱਖ) ਆਤਮਕ ਆਨੰਦ (ਹਾਸਲ ਕਰਨਾ) ਚਾਹੁੰਦਾ ਹੈ, ਤਾਂ (ਉਸ ਨੂੰ ਚਾਹੀਦਾ ਹੈ ਕਿ) ਪਰਮਾਤਮਾ ਦੀ ਸਰਨ ਪਿਆ ਰਹੇ।27।

**28.**

ਮਾਇਆ ਕਾਰਨਿ ਧਾਵਹੀ ਮੂਰਖ ਲੋਗ ਅਜਾਨ ॥
ਕਹੁ ਨਾਨਕ ਬਿਨੁ ਹਰਿ ਭਜਨ ਬਿਰਥਾ ਜਨਮੁ ਸਿਰਾਨ ॥ ੨੮ ॥

**ਅਰਥ :-** ਹੇ ਨਾਨਕ! ਆਖ– (ਹੇ ਭਾਈ!) ਮੂਰਖ ਬੇ-ਸਮਝ ਬੰਦੇ (ਨਿਰੀ) ਮਾਇਆ (ਇਕੱਠੀ ਕਰਨ) ਵਾਸਤੇ ਭਟਕਦੇ ਰਹਿੰਦੇ ਹਨ, ਪਰਮਾਤਮਾ ਦੇ ਭਜਨ ਤੋਂ ਬਿਨਾ (ਉਹਨਾਂ ਦਾ ਇਹ ਮਨੁੱਖਾ) ਜਨਮ ਅਜਾਈਂ ਬੀਤ ਜਾਂਦਾ ਹੈ।28।

**29.**

ਜੋ ਪ੍ਰਾਨੀ ਨਿਸ ਦਿਨੁ ਭਜੈ ਰੂਪ ਰਾਮ ਤਿਹ ਜਾਨੁ ॥
ਹਰਿ ਜਨ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥ ੨੯ ॥

**ਅਰਥ :-** ਹੇ ਨਾਨਕ! ਆਖ– (ਹੇ ਭਾਈ!) ਜਿਹੜਾ ਮਨੁੱਖ ਰਾਤ ਦਿਨ (ਹਰ ਵੇਲੇ ਪਰਮਾਤਮਾ ਦਾ ਨਾਮ) ਜਪਦਾ ਰਹਿੰਦਾ ਹੈ, ਉਸ ਨੂੰ ਪਰਮਾਤਮਾ ਦਾ ਰੂਪ ਸਮਝੋ। ਇਹ ਗੱਲ ਸੱਚੀ ਮੰਨੋ ਕਿ ਪਰਮਾਤਮਾ ਦੇ ਭਗਤ ਅਤੇ ਪਰਮਾਤਮਾ ਵਿਚ ਕੋਈ ਫ਼ਰਕ ਨਹੀਂ ਹੈ।29।

**30.**

ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ ਗੋਬਿੰਦ ਨਾਮੁ ॥
ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ ਕਾਮ ॥੩੦॥

**ਅਰਥ :-** ਹੇ ਨਾਨਕ! ਆਖ– (ਹੇ ਭਾਈ! ਜਿਸ ਮਨੁੱਖ ਦਾ) ਮਨ (ਹਰ ਵੇਲੇ) ਮਾਇਆ (ਦੇ ਮੋਹ) ਵਿਚ ਫਸਿਆ ਰਹਿੰਦਾ ਹੈ (ਜਿਸ ਨੂੰ) ਪਰਮਾਤਮਾ ਦਾ ਨਾਮ (ਸਦਾ) ਭੁੱਲਾ ਰਹਿੰਦਾ ਹੈ (ਦੱਸੋ) ਪਰਮਾਤਮਾ ਦੇ ਭਜਨ ਤੋਂ ਬਿਨਾ (ਉਸ ਦਾ) ਜੀਊਣਾ ਕਿਸ ਕੰਮ?।30।

**31.**

ਪ੍ਰਾਨੀ ਰਾਮੁ ਨ ਚੇਤਈ ਮਦਿ ਮਾਇਆ ਕੈ ਅੰਧੁ ॥
ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ ॥ ੩੧ ॥

**ਅਰਥ :-** ਹੇ ਨਾਨਕ! ਆਖ– (ਹੇ ਭਾਈ!) ਮਾਇਆ ਦੇ ਮੋਹ ਵਿਚ (ਫਸ ਕੇ ਆਤਮਕ ਜੀਵਨ ਵਲੋਂ) ਅੰਨ੍ਹਾ ਹੋਇਆ (ਜਿਹੜਾ) ਮਨੁੱਖ ਪਰਮਾਤਮਾ ਦਾ ਨਾਮ ਯਾਦ ਨਹੀਂ ਕਰਦਾ, ਪਰਮਾਤਮਾ ਦੇ ਭਜਨ ਤੋਂ ਬਿਨਾ ਉਸ ਨੂੰ (ਉਸ ਦੇ ਗਲ ਵਿਚ) ਜਮਾਂ ਦੀਆਂ ਫਾਹੀਆਂ ਪਈਆਂ ਰਹਿੰਦੀਆਂ ਹਨ।31।

**ਅੰਗ ੧੪੨੮**

**32.**

**ਸੁਖ ਮੈ ਬਹੁ ਸੰਗੀ ਭਏ ਦੁਖ ਮੈ ਸੰਗਿ ਨ ਕੋਇ ॥**
**ਕਹੁ ਨਾਨਕ ਹਰਿ ਭਜੁ ਮਨਾ ਅੰਤਿ ਸਹਾਈ ਹੋਇ ॥੩੨॥**

**ਅਰਥ :-** ਹੇ ਨਾਨਕ ! ਆਖ-ਹੇ ਮਨ ! ਪਰਮਾਤਮਾ ਦ ਭਜਨ ਕਰਿਆ ਕਰ (ਪਰਮਾਤਮਾ) ਅੰਤ ਸਮੇ (ਭੀ) ਮਦਦਗਾਰ ਬਣਦਾ ਹੈ । (ਦੁਨੀਆ ਵਿਚ ਤਾਂ) ਸੁਖ ਵੇਲੇ ਅਨੇਕਾਂ ਮੇਲੀ-ਗੇਲੀ ਬਣ ਜਾਂਦੇ ਹਨ, ਪਰ ਦੁਖ ਵਿਚ ਕੋਈ ਭੀ ਨਾਲ ਨਹੀਂ ਹੁੰਦਾ । ੩੨ ।

**33.**

**ਜਨਮ ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ ਤ੍ਰਾਸੁ ॥**
**ਕਹੁ ਨਾਨਕ ਹਰਿ ਭਜੁ ਮਨਾ ਨਿਰਭੈ ਪਾਵਹਿ ਬਾਸੁ ॥ ੩੩ ॥**

**ਅਰਥ :-** ਹੇ ਭਾਈ! (ਪਰਮਾਤਮਾ ਦਾ ਸਿਮਰਨ ਭੁਲਾ ਕੇ ਜੀਵ) ਅਨੇਕਾਂ ਜਨਮਾਂ ਵਿਚ ਭਟਕਦਾ ਫਿਰਦਾ ਹੈ, ਜਮਾਂ ਦਾ ਡਰ (ਇਸ ਦੇ ਅੰਦਰੋਂ) ਮੁੱਕਦਾ ਨਹੀਂ। ਹੇ ਨਾਨਕ! ਆਖ– ਹੇ ਮਨ! ਪਰਮਾਤਮਾ ਦਾ ਭਜਨ ਕਰਦਾ ਰਿਹਾ ਕਰ, (ਭਜਨ ਦੀ ਬਰਕਤਿ ਨਾਲ) ਤੂੰ ਉਸ ਪ੍ਰਭੂ ਵਿਚ ਨਿਵਾਸ ਪ੍ਰਾਪਤ ਕਰ ਲਏਂਗਾ ਜਿਸ ਨੂੰ ਕੋਈ ਡਰ ਪੋਹ ਨਹੀਂ ਸਕਦਾ।33।

**34.**

**ਜਤਨ ਬਹੁਤੁ ਮੈ ਕਰਿ ਰਹਿਓ ਮਿਟਿਓ ਨ ਮਨ ਕੋ ਮਾਨੁ ॥**
**ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ ਭਗਵਾਨ ॥ ੩੪ ॥**

**ਅਰਥ :-** ਹੇ ਨਾਨਕ! (ਆਖ-) ਹੇ ਭਗਵਾਨ! ਮੈਂ ਅਨੇਕਾਂ (ਹੋਰ ਹੋਰ) ਜਤਨ ਕਰ ਚੁੱਕਾ ਹਾਂ (ਉਹਨਾਂ ਜਤਨਾਂ ਨਾਲ) ਮਨ ਦਾ ਅਹੰਕਾਰ ਦੂਰ ਨਹੀਂ ਹੁੰਦਾ, (ਇਹ ਮਨ) ਖੋਟੀ ਮਤਿ ਨਾਲ ਚੰਬੜਿਆ ਹੀ ਰਹਿੰਦਾ ਹੈ। ਹੇ ਭਗਵਾਨ! (ਤੂੰ ਆਪ ਹੀ) ਰੱਖਿਆ ਕਰ।34।

**35.**

**ਬਾਲ ਜੁਆਨੀ ਅਰੁ ਬਿਰਧਿ ਫੁਨਿ ਤੀਨਿ ਅਵਸਥਾ ਜਾਨਿ ॥**
**ਕਹੁ ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ ਮਾਨ ॥੩੫॥**

**ਅਰਥ :-** ਹੇ ਨਾਨਕ ! ਆਖ-(ਹੇ ਭਾਈ!)ਬਾਲ-ਅਵਸਥਾ, ਜੁਆਨੀ ਦੀ ਅਵਸਥਾ, ਅਤੇ ਫਿਰ ਬੁਢਾਪੇ ਦੀ ਅਵਸਥਾ-(ਉਮਰ ਦੀਆਂ ਇਹ) ਤਿੰਨ ਅਵਸਥਾ ਸਮਝ ਲੈ ( ਜੋ ਮਨੁੱਖ ਤੇ ਆਉਂਦੀਆਂ ਹਨ ) । (ਪਰ ਇਹ) ਚੇਤੇ ਰੱਖ (ਕਿ) ਪਰਮਾਤਮਾ ਦੇ ਭਜਨ ਤੋਂ ਬਿਨਾ ਇਹ ਸਾਰੀਆਂ ਹੀ ਵਿਅਰਥ ਜਾਂਦੀਆਂ ਹਨ । ੩੫ ।

**36.**

**ਕਰਣੋ ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ ॥**
**ਨਾਨਕ ਸਮਿਓ ਰਮਿ ਗਇਓ ਅਬ ਕਿਉ ਰੋਵਤ ਅੰਧ ॥ ੩੬ ॥**

**ਅਰਥ :-** ਹੇ ਨਾਨਕ ! (ਆਖ-ਮਾਇਆ ਦੇ ਮੋਹ ਵਿਚ) ਅੰਨ੍ਹੇ ਹੋ ਰਹੇ ਹੇ ਮਨੁੱਖ ! ਜੋ ਕੁਝ ਤੂੰ ਕਰਨਾ ਸੀ, ਉਹ ਤੂੰ ਨਾਹ ਕੀਤਾ (ਸਾਰੀ ਉਮਰ) ਤੂੰ ਲੋਭ ਦੀ ਫਾਹੀ ਵਿਚ (ਹੀ) ਫਸਿਆ ਰਿਹਾ । (ਜ਼ਿੰਦਗੀ ਦਾ ਸਾਰਾ) ਸਮਾ (ਇਸ ਤਰ੍ਹਾਂ ਹੀ) ਗੁਜ਼ਰ ਗਿਆ । ਹੁਣ ਕਿਉਂ ਰੋਂਦਾ ਹੈ ? (ਹੁਣ ਪਛੁਤਾਣ ਦਾ ਕੀ ਲਾਭ ?) ੩੬ ।

**37.**

**ਮਨੁ ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿਨ ਮੀਤ ॥**
**ਨਾਨਕ ਮੂਰਤਿ ਚਿਤ੍ਰ ਜਿਉ ਛਾਡਿਤ ਨਾਹਿਨ ਭੀਤਿ ॥ ੩੭ ॥**

**ਅਰਥ :-** ਹੇ ਨਾਨਕ ! (ਆਖ-) ਹੇ ਮਿੱਤਰ ! ਜਿਵੇਂ(ਕੰਧ ਉਤੇ ਕਿਸੇ)ਮੂਰਤੀ ਦਾ ਲੀਕਿਆ ਹੋਇਆ ਰੂਪ ਕੰਧ ਨੂੰ ਨਹੀਂ ਛੱਡਦਾ (ਕੰਧ ਨਾਲ ਚੰਬੜਿਆ ਰਹਿੰਦਾ ਹੈ, ਤਿਵੇਂ ਜਿਹੜਾ ਮਨ ਮਾਇਆ (ਦੇ ਮੋਹ) ਵਿਚ ਫਸ ਜਾਂਦਾ ਹੈ, (ਉਹ ਇਸ ਮੋਹ ਵਿਚੋਂ ਆਪਣੇ ਆਪ) ਨਹੀਂ ਨਿਕਲ ਸਕਦਾ । ੩੭ ।

**38.**

**ਨਰ ਚਾਹਤ ਕਛੁ ਅਉਰ ਅਉਰੈ ਕੀ ਅਉਰੈ ਭਈ ॥**
**ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ ॥ ੩੮ ॥**

**ਅਰਥ :-** ਹੇ ਨਾਨਕ ! (ਆਖ-) ਹੇ ਭਾਈ ! (ਮਾਇਆ ਦੇ ਮੋਹ ਵਿਚ ਫਸ ਕੇ) ਮਨੁੱਖ (ਪ੍ਰਭੂ ਸਿਮਰਨ ਦੇ ਥਾਂ) ਕੁਝ ਹੋਰ ਹੀ (ਭਾਵ, ਮਾਇਆ ਹੀ ਮਾਇਆ) ਮੰਗਦਾ ਰਹਿੰਦਾ ਹੈ । (ਪਰ ਕਰਤਾਰ ਦੀ ਰਜ਼ਾ ਵਿਚ) ਹੋਰ ਦੀ ਹੋਰ ਹੋ ਜਾਂਦੀ ਹੈ । (ਮਨੁੱਖ ਹੋਰਨਾਂ ਨੂੰ) ਠੱਗਣ ਦੀਆਂ ਸੋਚਾਂ ਸੋਚਦਾ ਹੈ ( ਉਤੋਂ ਮੌਤ ਦੀ )ਫਾਹੀ ਗਲ ਵਿਚ ਆ ਪੈਂਦੀ ਹੈ । ੩੮ ।

39.

**ਜਤਨ ਬਹੁਤ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ ॥**
**ਕਹੁ ਨਾਨਕ ਸੁਨਿ ਰੇ ਮਨਾ ਹਰਿ ਭਾਵੈ ਸੋ ਹੋਇ ॥ ੩੯ ॥**

**ਅਰਥ :-** ਹੇ ਨਾਨਕ ! ਆਖ-ਹੇ ਮਨ ! ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ (ਜ਼ਰੂਰ) ਉਹ (ਹੀ) ਹੁੰਦਾ ਹੈ (ਜੀਵ ਭਾਵੇਂ) ਸੁਖਾਂ ( ਦੀ ਪ੍ਰਾਪਤੀ ) ਵਾਸਤੇ ਅਨੇਕਾਂ ਜਤਨ ਕਰਦਾ ਰਹਿੰਦਾ ਹੈ, ਅਤੇ ਦੁੱਖਾਂ ਵਾਸਤੇ ਜਤਨ ਨਹੀਂ ਕਰਦਾ (ਪਰ ਫਿਰ ਭੀ ਰਜ਼ਾ ਅਨੁਸਾਰ ਦੁਖ ਭੀ ਆ ਪੈਂਦੇ ਹਨ । ਸੁਖ ਭੀ ਤਦੋਂ ਹੀ ਮਿਲਦਾ ਹੈ ਜਦੋਂ ਪ੍ਰਭੂ ਦੀ ਰਜ਼ਾ ਹੋਵੇ) । ੩੯ ।

**40.**

**ਜਗਤੁ ਭਿਖਾਰੀ ਫਿਰਤੁ ਹੈ ਸਭ ਕੋ ਦਾਤਾ ਰਾਮੁ ।।**
**ਕਹੁ ਨਾਨਕ ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ ।। ੪੦ ।।**

**ਅਰਥ :-** ਜਗਤ ਮੰਗਤਾ (ਹੋ ਕੇ) ਭਟਕਦਾ ਫਿਰਦਾ ਹੈ (ਇਹ ਚੇਤਾ ਨਹੀਂ ਰੱਖਦਾ ਕਿ) ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਪਰਮਾਤਮਾ ਆਪ ਹੈ । ਹੇ ਨਾਨਕ ! ਆਖ-ਹੇ ਮਨ ! ਉਸ ਦਾਤਾਰ ਪ੍ਰਭੂ ਦਾ ਸਿਮਰਨ ਕਰਦਾ ਰਿਹਾ ਕਰ, ਤੇਰੇ ਸਾਰੇ ਕੰਮ ਸਫਲ ਹੁੰਦੇ ਰਹਿਣਗੇ । ੪੦ ।

**41.**

**ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨਿ ।।**
**ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨਿ ॥੪੧॥**

**ਅਰਥ** :- ਹੇ ਭਾਈ! (ਪਤਾ ਨਹੀਂ ਮਨੁੱਖ) ਨਾਸਵੰਤ ਦੁਨੀਆ ਦਾ ਮਾਨ ਕਿਉਂ ਕਰਦਾ ਰਹਿੰਦਾ ਹੈ। ਹੇ ਭਾਈ! ਜਗਤ ਨੂੰ ਸੁਪਨੇ (ਵਿਚ ਵੇਖੇ ਪਦਾਰਥਾਂ) ਵਾਂਗ (ਹੀ) ਸਮਝ ਰੱਖ। ਹੇ ਨਾਨਕ! (ਆਖ– ਹੇ ਭਾਈ!) ਮੈਂ ਤੈਨੂੰ ਠੀਕ ਦੱਸ ਰਿਹਾ ਹਾਂ ਕਿ ਇਹਨਾਂ (ਦਿੱਸਦੇ ਪਦਾਰਥਾਂ) ਵਿਚ ਤੇਰਾ (ਅਸਲ ਸਾਥੀ) ਕੋਈ ਭੀ ਪਦਾਰਥ ਨਹੀਂ ਹੈ।41।

42.

**ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ ਮੀਤ ॥**
**ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ ॥੪੨॥**

**ਅਰਥ :-** ਹੇ ਮਿੱਤਰ ! (ਜਿਸ) ਸਰੀਰ ਦਾ (ਮਨੁੱਖ ਸਦਾ) ਮਾਣ ਕਰਦਾ ਰਹਿੰਦਾ ਹੈ (ਕਿ ਇਹ ਮੇਰਾ ਆਪਣਾ ਹੈ, ਉਹ ਸਰੀਰ) ਇਕ ਛਿਨ ਵਿਚ ਹੀ ਨਾਸ ਹੋ ਜਾਂਦਾ ਹੈ । (ਹੋਰ ਪਦਾਰਥ ਦਾ ਮੋਹ ਤਾਂ ਕਿਤੇ ਰਿਹਾ, ਆਪਣੇ ਇਸ ਸਰੀਰ ਦਾ ਮੋਹ ਭੀ ਝੂਠਾ ਹੀ ਹੈ) । ਹੇ ਨਾਨਕ ! ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫਤਿ ਸਾਲਾਹ ਕਰਨੀ ਸ਼ੁਰੂ ਕਰ ਦਿੱਤੀ , ਉਸ ਨੇ ਜਗਤ (ਦੇ ਮੋਹ) ਨੂੰ ਜਿੱਤ ਲਿਆ ।੪੨।

**43.**

**ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ ।।**
**ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ।।੪੩।।**

**ਅਰਥ :-** ਹੇ ਭਾਈ ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਸਿਮਰਨ (ਟਿਕਿਆ ਰਹਿੰਦਾ ਹੈ)ਉਸ ਮਨੁੱਖ ਨੂੰ (ਮੋਹ ਦੇ ਜਾਲ ਤੋਂ) ਬਚਿਆ ਹੋਇਆ ਸਮਝ । ਹੇ ਨਾਨਕ ! ਆਖ-(ਹੇ ਭਾਈ!) ਇਹ ਗੱਲ ਠੀਕ ਮੰਨ ਕਿ ਉਸ ਮਨੁੱਖ ਅਤੇ ਪਰਮਾਤਮਾ ਵਿਚ ਕੋਈ ਫ਼ਰਕ ਨਹੀ । ੪੩ ।

**44.**

**ਏਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ ॥**
**ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨੁ ॥੪੪॥**

**ਅਰਥ :-** ਹੇ ਨਾਨਕ ! ਆਖ-(ਹੇ ਭਾਈ!) ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੀ ਭਗਤੀ ਨਹੀਂ ਹੈ, ਉਸ ਦਾ ਸਰੀਰ ਉਹੋ ਜਿਹਾ ਹੀ ਸਮਝ ਜਿਹੋ ਜਿਹਾ (ਕਿਸੇ) ਸੂਰ ਦਾ ਸਰੀਰ ਹੈ (ਜਾਂ ਕਿਸੇ) ਕੁੱਤੇ ਦਾ ਸਰੀਰ ਹੈ। ੪੪ ॥

**45.**

**ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ॥**
**ਨਾਨਕ ਇਹ ਬਿਧਿ ਹਰਿ ਭਜਹੁ ਇਕ ਮਨਿ ਹੁਇ ਇਕ ਚੀਤਿ ॥ ੪੫ ॥**

**ਅਰਥ :-** ਹੇ ਨਾਨਕ! (ਆਖ– ਹੇ ਭਾਈ!) ਇਕ-ਮਨ ਹੋ ਕੇ ਇਕ-ਚਿੱਤ ਹੋ ਕੇ ਪਰਮਾਤਮਾ ਦਾ ਭਜਨ ਇਸੇ ਤਰੀਕੇ ਨਾਲ ਕਰਿਆ ਕਰੋ (ਕਿ ਉਸ ਦਾ ਦਰ ਕਦੇ ਛੱਡਿਆ ਹੀ ਨਾਹ ਜਾਏ) ਜਿਵੇਂ ਕੁੱਤਾ (ਆਪਣੇ) ਮਾਲਕ ਦਾ ਘਰ (ਘਰ ਦਾ ਬੂਹਾ) ਸਦਾ (ਮੱਲੀ ਰੱਖਦਾ ਹੈ) ਕਦੇ ਭੀ ਛੱਡਦਾ ਨਹੀਂ ਹੈ।45।

**46.**

**ਤੀਰਥ ਬਰਤ ਅਰੁ ਦਾਨ ਕਰਿ ਮਨ ਮਾਹਿ ਧਰੈ ਗੁਮਾਨੁ ॥**
**ਨਾਨਕ ਨਿਹਫਲ ਜਾਤ ਤਿਹ ਜਿਉ ਕੁੰਚਰ ਇਸਨਾਨੁ ॥ ੪੬ ॥**

**ਅਰਥ :-** ਹੇ ਨਾਨਕ! (ਆਖ– ਹੇ ਭਾਈ! ਪਰਮਾਤਮਾ ਦਾ ਭਜਨ ਛੱਡ ਕੇ ਮਨੁੱਖ) ਤੀਰਥ-ਇਸ਼ਨਾਨ ਕਰ ਕੇ ਵਰਤ ਰੱਖ ਕੇ, ਦਾਨ-ਪੁੰਨ ਕਰ ਕੇ (ਆਪਣੇ) ਮਨ ਵਿਚ ਅਹੰਕਾਰ ਕਰਦਾ ਹੈ (ਕਿ ਮੈਂ ਧਰਮੀ ਬਣ ਗਿਆ ਹਾਂ, ਪਰ) ਉਸ ਦੇ (ਇਹ ਸਾਰੇ ਕੀਤੇ ਹੋਏ ਕਰਮ ਇਉਂ) ਵਿਅਰਥ (ਚਲੇ ਜਾਂਦੇ ਹਨ) ਜਿਵੇਂ ਹਾਥੀ ਦਾ (ਕੀਤਾ ਹੋਇਆ) ਇਸ਼ਨਾਨ। (ਨੋਟ: ਹਾਥੀ ਨ੍ਹਾ ਕੇ ਸੁਆਹ ਮਿੱਟੀ ਆਪਣੇ ਉੱਤੇ ਪਾ ਲੈਂਦਾ ਹੈ) ।46।

**ਅੰਗ ੧੪੨੯**

47.

**ਸਿਰੁ ਕੰਪਿਓ ਪਗ ਡਗਮਗੇ ਨੈਨ ਜੋਤ ਤੇ ਹੀਨ॥**
**ਕਹੁ ਨਾਨਕ ਇਹ ਬਿਧਿ ਭਈ ਤਊ ਨ ਹਰਿ ਰਸ ਲੀਨ ॥ ੪੭ ॥**

**ਅਰਥ :-** ਹੇ ਨਾਨਕ! ਆਖ– (ਹੇ ਭਾਈ! ਬੁਢੇਪਾ ਆ ਜਾਣ ਤੇ ਮਨੁੱਖ ਦਾ) ਸਿਰ ਕੰਬਣ ਲੱਗ ਪੈਂਦਾ ਹੈ (ਤੁਰਦਿਆਂ) ਪੈਰ ਥਿੜਕਦੇ ਹਨ, ਅੱਖਾਂ ਦੀ ਜੋਤਿ ਮਾਰੀ ਜਾਂਦੀ ਹੈ (ਬੁਢੇਪੇ ਨਾਲ ਸਰੀਰ ਦੀ) ਇਹ ਹਾਲਤ ਹੋ ਜਾਂਦੀ ਹੈ, ਫਿਰ ਭੀ (ਮਾਇਆ ਦਾ ਮੋਹ ਇਤਨਾ ਪ੍ਰਬਲ ਹੁੰਦਾ ਹੈ ਕਿ ਮਨੁੱਖ) ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਮਗਨ ਨਹੀਂ ਹੁੰਦਾ।47।

**48.**

**ਨਿਜ ਕਰਿ ਦੇਖਿਓ ਜਗਤੁ ਮੈ, ਕੋ ਕਾਹੂ ਕੋ ਨਾਹਿ ।।**
**ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ ॥੪੮॥**

**ਅਰਥ :-** ਹੇ ਨਾਨਕ! (ਆਖ– ਹੇ ਭਾਈ!) ਮੈਂ ਜਗਤ ਨੂੰ ਆਪਣਾ ਸਮਝ ਕੇ (ਹੀ ਹੁਣ ਤਕ) ਵੇਖਦਾ ਰਿਹਾ, (ਪਰ ਇਥੇ ਤਾਂ) ਕੋਈ ਕਿਸੇ ਦਾ ਭੀ (ਸਦਾ ਲਈ ਆਪਣਾ) ਨਹੀਂ ਹੈ। ਸਦਾ ਕਾਇਮ ਰਹਿਣ ਵਾਲੀ ਤਾਂ ਪਰਮਾਤਮਾ ਦੀ ਭਗਤੀ (ਹੀ) ਹੈ। ਹੇ ਭਾਈ! ਇਸ (ਭਗਤੀ) ਨੂੰ (ਆਪਣੇ) ਮਨ ਵਿਚ ਪ੍ਰੋ ਰੱਖ।48।

**49.**

**ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ॥**
**ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤਿ ॥੪੯॥**

**ਅਰਥ :-** ਨਾਨਕ ਆਖਦਾ ਹੈ– ਹੇ ਮਿੱਤਰ! ਇਹ ਗੱਲ ਸੱਚੀ ਜਾਣ ਕਿ ਜਗਤ ਦੀ ਸਾਰੀ ਹੀ ਰਚਨਾ ਨਾਸਵੰਤ ਹੈ। ਰੇਤ ਦੀ ਕੰਧ ਵਾਂਗ (ਜਗਤ ਵਿਚ) ਕੋਈ ਭੀ ਚੀਜ਼ ਸਦਾ ਕਾਇਮ ਰਹਿਣ ਵਾਲੀ ਨਹੀਂ ਹੈ।49।

50.

ਰਾਮੁ ਗਇਓ ਰਾਵਨੁ ਗਇਓ ਜਾ ਕਉ ਬਹੁ ਪਰਵਾਰੁ ॥
ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰੁ ॥੫੦॥

**ਅਰਥ :-** ਹੇ ਨਾਨਕ! ਆਖ– (ਹੇ ਭਾਈ! ਸ੍ਰੀ) ਰਾਮ (-ਚੰਦ੍ਰ) ਕੂਚ ਕਰ ਗਿਆ, ਰਾਵਨ ਭੀ ਚੱਲ ਵੱਸਿਆ ਜਿਸ ਨੂੰ ਵੱਡੇ ਪਰਵਾਰ ਵਾਲਾ ਕਿਹਾ ਜਾਂਦਾ ਹੈ। (ਇਥੇ) ਕੋਈ ਭੀ ਸਦਾ ਕਾਇਮ ਰਹਿਣ ਵਾਲਾ ਪਦਾਰਥ ਨਹੀਂ ਹੈ। (ਇਹ) ਜਗਤ ਸੁਪਨੇ ਵਰਗਾ (ਹੀ) ਹੈ।50।

51.

**ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥**
**ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥**

**ਅਰਥ :-** ਹੇ ਨਾਨਕ! (ਆਖ– ਹੇ ਭਾਈ! ਮੌਤ ਆਦਿਕ ਤਾਂ) ਉਸ (ਘਟਨਾ) ਦੀ ਚਿੰਤਾ ਕਰਨੀ ਚਾਹੀਦੀ ਹੈ ਜਿਹੜੀ ਕਦੇ ਵਾਪਰਨ ਵਾਲੀ ਨਾਹ ਹੋਵੇ। ਜਗਤ ਦੀ ਤਾਂ ਚਾਲ ਹੀ ਇਹ ਹੈ ਕਿ (ਇਥੇ) ਕੋਈ ਜੀਵ (ਭੀ) ਸਦਾ ਕਾਇਮ ਰਹਿਣ ਵਾਲਾ ਨਹੀਂ ਹੈ।51।

**52.**

**ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ ॥**
**ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥**

**ਅਰਥ :-** ਹੇ ਨਾਨਕ! (ਆਖ– ਹੇ ਭਾਈ! ਜਗਤ ਵਿਚ ਤਾਂ) ਜਿਹੜਾ ਭੀ ਜੰਮਿਆ ਹੈ ਉਹ (ਜ਼ਰੂਰ) ਨਾਸ ਹੋ ਜਾਇਗਾ (ਹਰ ਕੋਈ ਇਥੋਂ) ਅੱਜ ਜਾਂ ਭਲਕੇ ਕੂਚ ਕਰ ਜਾਣ ਵਾਲਾ ਹੈ। (ਇਸ ਵਾਸਤੇ ਮਾਇਆ ਦੇ ਮੋਹ ਦੀਆਂ) ਸਾਰੀਆਂ ਫਾਹੀਆਂ ਲਾਹ ਕੇ ਪਰਮਾਤਮਾ ਦੇ ਗੁਣ ਗਾਇਆ ਕਰ।52।

**53.**

**ਦੋਹਰਾ ॥**
**ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ॥**
**ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ ॥ ੫੩ ॥**

**ਅਰਥ :-** ਹੇ ਭਾਈ! (ਪ੍ਰਭੂ ਦੇ ਨਾਮ ਤੋਂ ਵਿੱਛੁੜ ਕੇ ਜਦੋਂ ਮਾਇਆ ਦੇ ਮੋਹ ਦੀਆਂ) ਫਾਹੀਆਂ (ਮਨੁੱਖ ਨੂੰ) ਆ ਪੈਂਦੀਆਂ ਹਨ (ਉਹਨਾਂ ਫਾਹੀਆਂ ਨੂੰ ਕੱਟਣ ਲਈ ਮਨੁੱਖ ਦੇ ਅੰਦਰੋਂ ਆਤਮਕ) ਤਾਕਤ ਮੁੱਕ ਜਾਂਦੀ ਹੈ (ਮਾਇਆ ਦਾ ਟਾਕਰਾ ਕਰਨ ਲਈ ਮਨੁੱਖ ਪਾਸੋਂ) ਕੋਈ ਭੀ ਹੀਲਾ ਨਹੀਂ ਕੀਤਾ ਜਾ ਸਕਦਾ। ਹੇ ਨਾਨਕ! ਆਖ– ਹੇ ਹਰੀ! ਇਹੋ ਜਿਹੇ ਵੇਲੇ (ਹੁਣ) ਤੇਰਾ ਹੀ ਆਸਰਾ ਹੈ। ਜਿਵੇਂ ਤੂੰ (ਤੇਂਦੂਏ ਤੋਂ ਛੁਡਾਣ ਲਈ) ਹਾਥੀ ਦਾ ਸਹਾਈ ਬਣਿਆ, ਤਿਵੇਂ ਸਹਾਈ ਬਣ। (ਭਾਵ, ਮਾਇਆ ਦੇ ਮੋਹ ਦੇ ਬੰਧਨਾਂ ਤੋਂ ਖ਼ਲਾਸੀ ਹਾਸਲ ਕਰਨ ਲਈ ਪਰਮਾਤਮਾ ਦੇ ਦਰ ਤੇ ਅਰਦਾਸ ਹੀ ਇਕੋ ਇਕ ਵਸੀਲਾ ਹੈ) ।53।

**54.**

**ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤ ਉਪਾਇ ॥**
**ਨਾਨਕ ਸਭੁ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ ॥੫੪॥**

**ਅਰਥ :-** ਹੇ ਭਾਈ! (ਜਦੋਂ ਮਨੁੱਖ ਪ੍ਰਭੂ ਦੇ ਦਰ ਤੇ ਡਿੱਗਦਾ ਹੈ, ਤਾਂ ਮਾਇਆ ਦਾ ਟਾਕਰਾ ਕਰਨ ਲਈ ਉਸ ਦੇ ਅੰਦਰ ਆਤਮਕ) ਬਲ ਪੈਦਾ ਹੋ ਜਾਂਦਾ ਹੈ (ਮਾਇਆ ਦੇ ਮੋਹ ਦੇ) ਬੰਧਨ ਟੁੱਟ ਜਾਂਦੇ ਹਨ (ਮੋਹ ਦਾ ਟਾਕਰਾ ਕਰਨ ਲਈ) ਹਰੇਕ ਹੀਲਾ ਸਫਲ ਹੋ ਸਕਦਾ ਹੈ। ਸੋ, ਹੇ ਨਾਨਕ! (ਆਖ– ਹੇ ਪ੍ਰਭੂ!) ਸਭ ਕੁਝ ਤੇਰੇ ਹੱਥ ਵਿਚ ਹੈ (ਤੇਰੀ ਪੈਦਾ ਕੀਤੀ ਮਾਇਆ ਭੀ ਤੇਰੇ ਹੀ ਅਧੀਨ ਹੈ, ਇਸ ਤੋਂ ਬਚਣ ਲਈ) ਤੂੰ ਹੀ ਮਦਦਗਾਰ ਹੋ ਸਕਦਾ ਹੈਂ।54।

55.

**ਸੰਗ ਸਖਾ ਸਭਿ ਤਜਿ ਗਏ ਕੋਊ ਨ ਨਿਬਹਿਓ ਸਾਥਿ ॥**
**ਕਹੁ ਨਾਨਕ ਇਹ ਬਿਪਤਿ ਮੈ ਟੇਕ ਏਕ ਰਘੁਨਾਥ ॥੫੫॥**

**ਅਰਥ :-** ਹੇ ਨਾਨਕ! ਆਖ– (ਜਦੋਂ ਅੰਤ ਵੇਲੇ) ਸਾਰੇ ਸਾਥੀ ਸੰਗੀ ਛੱਡ ਜਾਂਦੇ ਹਨ, ਜਦੋਂ ਕੋਈ ਭੀ ਸਾਥ ਨਹੀਂ ਨਿਬਾਹ ਸਕਦਾ, ਉਸ (ਇਕੱਲੇ-ਪਨ ਦੀ) ਮੁਸੀਬਤ ਵੇਲੇ ਭੀ ਸਿਰਫ਼ ਪਰਮਾਤਮਾ ਦਾ ਹੀ ਸਹਾਰਾ ਹੁੰਦਾ ਹੈ (ਸੋ, ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰੋ) ।55।

56.

**ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ ॥**
**ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰ ਮੰਤੁ ॥੫੬॥**

**ਅਰਥ :-** ਹੇ ਨਾਨਕ! ਆਖ– ਹੇ ਭਾਈ! ਇਸ ਦੁਨੀਆ ਵਿਚ ਜਿਸ ਕਿਸੇ (ਮਨੁੱਖ) ਨੇ (ਹਰਿ ਨਾਮ ਸਿਮਰਨ ਵਾਲਾ) ਗੁਰੂ ਦਾ ਉਪਦੇਸ਼ ਆਪਣੇ ਅੰਦਰ ਸਦਾ ਵਸਾਇਆ ਹੈ (ਤੇ ਨਾਮ ਜਪਿਆ ਹੈ, ਅੰਤ ਵੇਲੇ ਭੀ ਪਰਮਾਤਮਾ ਦਾ) ਨਾਮ (ਉਸ ਦੇ ਨਾਲ (ਰਹਿੰਦਾ ਹੈ, (ਬਾਣੀ ਦੇ ਰੂਪ ਵਿਚ) ਗੁਰੂ ਉਸ ਦੇ ਨਾਲ ਰਹਿੰਦਾ ਹੈ, ਅਕਾਲ ਪੁਰਖ ਉਸ ਦੇ ਨਾਲ ਹੈ।56।

57.

**ਰਾਮ ਨਾਮੁ ਉਰ ਮੈ ਗਹਿਓ ਜਾ ਕੈ ਸਮ ਨਹੀ ਕੋਇ ॥**
**ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ ॥੫੭॥੧॥**

**ਅਰਥ :-** ਹੇ ਪ੍ਰਭੂ! ਜਿਸ ਮਨੁੱਖ ਨੇ ਤੇਰਾ ਉਹ ਨਾਮ ਆਪਣੇ ਹਿਰਦੇ ਵਿਚ ਵਸਾਇਆ ਹੈ ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਅਤੇ ਜਿਸ ਨੂੰ ਸਿਮਰਿਆਂ ਹਰੇਕ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ, ਉਸ ਮਨੁੱਖ ਨੂੰ ਤੇਰਾ ਦਰਸ਼ਨ ਭੀ ਹੋ ਜਾਂਦਾ ਹੈ।57।1।